I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI

# ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਨਾਲ ਮੋਹਾਲੀ ਦੇ ਨਾਈ ਦੇ ਗੋਡੇ ਦਾ ਮੁਫ਼ਤ ਆਪ੍ਰੇਸ਼ਨ, ਮੁੜ ਕੰਮ 'ਤੇ ਪਰਤਣ ਦੀ ਉਮੀਦ

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ ਅਤਿ-ਆਧੁਨਿਕ ਸਰਜੀਕਲ ਇਲਾਜ ਪੂਰੀ ਤਰ੍ਹਾਂ ਮੁਫ਼ਤ ਉਪਲੱਬਧ ਹੈ: ਡਾ. ਬਲਬੀਰ ਸਿੰਘ

ਚੰਡੀਗੜ੍ਹ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਇੱਕ ਦਰਦਨਾਕ ਸੜਕ ਹਾਦਸੇ ਤੋਂ ਬਾਅਦ ਮੋਹਾਲੀ ਦੇ ਨਾਈ ਮੁਹੰਮਦ ਜ਼ੁਲਫੁਕਾਰ ਨੂੰ ਲੱਗਣ ਲੱਗ ਪਿਆ ਸੀ ਕਿ ਹੁਣ ਉਹ ਆਪਣੀ ਰੋਜ਼ੀ-ਰੋਟੀ ਦਾ ਸਾਧਨ ਗੁਆ ਬੈਠਣਗੇ। ਗੋਡੇ ਦੀ ਗੰਭੀਰ ਸੱਟ ਦੇ ਇਲਾਜ ਦਾ ਖ਼ਰਚਾ ਚੁੱਕਣਾ ਉਨ੍ਹਾਂ ਲਈ ਸੰਭਵ ਨਹੀਂ ਸੀ ਅਤੇ ਉਹ ਆਪਣੇ ਪਰਿਵਾਰ ਦੇ ਭਵਿੱਖ ਨੂੰ ਲੈ ਕੇ ਬਹੁਤ ਚਿੰਤਤ ਸਨ। ਪਰ ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਉਨ੍ਹਾਂ ਨੂੰ ਮੁਫ਼ਤ ਇਲਾਜ ਮਿਲਿਆ ਅਤੇ ਹੁਣ ਉਹ ਆਪਣੇ ਕੰਮ 'ਤੇ ਮੁੜ ਵਾਪਸੀ ਦੀ ਤਿਆਰੀ ਕਰ ਰਹੇ ਹਨ।

ਹਰ ਸਵੇਰ, ਜਦੋਂ ਜ਼ਿਆਦਾਤਰ ਲੋਕ ਆਪਣੇ ਦਿਨ ਦੀ ਸ਼ੁਰੂਆਤ ਵੀ ਨਹੀਂ ਕਰਦੇ, ਮੁਹੰਮਦ ਜ਼ੁਲਫੁਕਾਰ ਆਪਣੀ ਛੋਟੀ ਜਿਹੀ ਨਾਈ ਦੀ ਦੁਕਾਨ ਖੋਲ੍ਹ ਕੇ ਗਾਹਕਾਂ ਦਾ ਇੰਤਜ਼ਾਰ ਕਰਦੇ ਹਨ। ਕਈ ਸਾਲਾਂ ਤੋਂ ਉਹ ਸਿਰਫ਼ ਵਾਲ ਕੱਟਣ ਵਾਲੇ ਨਾਈ ਹੀ ਨਹੀਂ, ਸਗੋਂ ਆਪਣੇ ਗਾਹਕਾਂ ਦੇ ਭਰੋਸੇਮੰਦ ਸਾਥੀ ਵੀ ਰਹੇ ਹਨ। ਲੋਕ ਉਨ੍ਹਾਂ ਨਾਲ ਗੱਲਬਾਤ ਕਰਨ ਅਤੇ ਵਾਰ-ਵਾਰ ਉਨ੍ਹਾਂ ਦੀ ਦੁਕਾਨ 'ਤੇ ਆਉਣ ਵਿੱਚ ਆਪਣਾਪਣ ਮਹਿਸੂਸ ਕਰਦੇ ਹਨ,ਪਰ ਕੁਝ ਸਮਾਂ ਪਹਿਲਾਂ ਉਨ੍ਹਾਂ ਦੀ ਜ਼ਿੰਦਗੀ ਇੱਕ ਮੁਸ਼ਕਲ ਮੋੜ 'ਤੇ ਆ ਗਈ।

ਇੱਕ ਦਿਨ ਉਹ ਮੋਟਰਸਾਈਕਲ 'ਤੇ ਜਾ ਰਹੇ ਸਨ ਕਿ ਅਚਾਨਕ ਸੜਕ 'ਤੇ ਇੱਕ ਗਾਂ ਆ ਗਈ। ਉਸ ਨੂੰ ਬਚਾਉਣ ਦੀ ਕੋਸ਼ਿਸ਼ ਦੌਰਾਨ ਉਨ੍ਹਾਂ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸੜਕ 'ਤੇ ਡਿੱਗ ਪਏ। ਉਨ੍ਹਾਂ ਦੀ ਇੱਕ ਲੱਤ ਮੋਟਰਸਾਈਕਲ ਹੇਠਾਂ ਫਸ ਗਈ ਅਤੇ ਇੰਜਣ ਚੱਲਦਾ ਰਹਿਣ ਕਾਰਨ ਉਹ ਕਈ ਮੀਟਰ ਤੱਕ ਸੜਕ 'ਤੇ ਘਿਸਟਦੇ ਰਹੇ। ਇੱਕ ਗੋਡੇ 'ਤੇ ਹਲਕੀਆਂ ਸੱਟਾਂ ਆਈਆਂ, ਪਰ ਦੂਜੇ ਗੋਡੇ 'ਤੇ ਗੰਭੀਰ ਸੱਟ ਲੱਗੀ, ਜਿਸ ਕਾਰਨ ਤੁਰਨਾ-ਫਿਰਨਾ ਵੀ ਮੁਸ਼ਕਲ ਹੋ ਗਿਆ।

ਉਨ੍ਹਾਂ ਦਾ ਕੰਮ ਲੰਬੇ ਸਮੇਂ ਤੱਕ ਖੜ੍ਹੇ ਰਹਿਣ ਦੀ ਮੰਗ ਕਰਦਾ ਸੀ। ਹਾਦਸੇ ਤੋਂ ਬਾਅਦ ਇੱਕ ਗਾਹਕ ਦੇ ਵਾਲ ਕੱਟਣ ਲਈ ਵੀ ਖੜ੍ਹੇ ਰਹਿਣਾ ਉਨ੍ਹਾਂ ਲਈ ਔਖਾ ਹੋ ਗਿਆ ਅਤੇ ਉਨ੍ਹਾਂ ਨੂੰ ਡਰ ਸਤਾਉਣ ਲੱਗਾ ਕਿ ਕਿਤੇ ਉਹ ਆਪਣੀ ਰੋਜ਼ੀ-ਰੋਟੀ ਹੀ ਨਾ ਗੁਆ ਬੈਠਣ। ਉਨ੍ਹਾਂ ਨੇ ਕਿਹਾ, ਮੈਂ ਹਰ ਰੋਜ਼ ਦਰਦ ਵਿੱਚ ਰਹਿੰਦਾ ਸੀ। ਵਾਰ-ਵਾਰ ਇਹੀ ਸੋਚਦਾ ਸੀ ਕਿ ਜੇ ਮੈਂ ਖੜ੍ਹਾ ਹੀ ਨਾ ਹੋ ਸਕਿਆ ਤਾਂ ਕੰਮ ਕਿਵੇਂ ਕਰਾਂਗਾ? ਅਤੇ ਜੇ ਕੰਮ ਨਾ ਕਰ ਸਕਿਆ ਤਾਂ ਆਪਣੇ ਪਰਿਵਾਰ ਦਾ ਗੁਜ਼ਾਰਾ ਕਿਵੇਂ ਚਲਾਵਾਂਗਾ?



ਆਪ੍ਰੇਸ਼ਨ ਦਾ ਖ਼ਰਚਾ ਉਨ੍ਹਾਂ ਦੀ ਚਿੰਤਾ ਹੋਰ ਵਧਾ ਰਿਹਾ ਸੀ। ਇਲਾਜ ਮਹਿੰਗਾ ਸੀ ਅਤੇ ਇੰਨੇ ਪੈਸੇ ਇਕੱਠੇ ਕਰਨਾ ਉਨ੍ਹਾਂ ਲਈ ਲਗਭਗ ਅਸੰਭਵ ਸੀ। ਹੋਰ ਮਿਹਨਤਕਸ਼ ਪਰਿਵਾਰਾਂ ਵਾਂਗ ਉਨ੍ਹਾਂ ਨੂੰ ਵੀ ਡਰ ਸੀ ਕਿ ਜਾਂ ਤਾਂ ਕਰਜ਼ਾ ਲੈਣਾ ਪਵੇਗਾ ਜਾਂ ਇਲਾਜ ਟਾਲਣਾ ਪਵੇਗਾ। ਉਨ੍ਹਾਂ ਨੇ ਦੱਸਿਆ, ਮੈਂ ਬਹੁਤ ਪਰੇਸ਼ਾਨ ਸੀ। ਦਰਦ ਤਾਂ ਸੀ ਹੀ, ਪਰ ਆਪ੍ਰੇਸ਼ਨ ਦਾ ਖ਼ਰਚਾ ਉਸ ਤੋਂ ਵੀ ਵੱਧ ਡਰਾਉਣਾ ਸੀ। ਸਮਝ ਨਹੀਂ ਆ ਰਿਹਾ ਸੀ ਕਿ ਇੰਨੇ ਪੈਸੇ ਕਿੱਥੋਂ ਆਉਣਗੇ।

ਉਨ੍ਹਾਂ ਨੂੰ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਰਾਹਤ ਮਿਲੀ। ਮੋਹਾਲੀ ਦੇ ਜ਼ਿਲ੍ਹਾ ਹਸਪਤਾਲ ਵਿੱਚ ਉਨ੍ਹਾਂ ਦਾ ਐਂਟੀਰੀਅਰ ਆਰਥਰੋਸਕੋਪਿਕ ਮੈਨਿਸਕਸ ਰਿਪੇਅਰ/ਮੈਨਿਸੈਕਟੋਮੀ ਆਪ੍ਰੇਸ਼ਨ ਕੀਤਾ ਗਿਆ। ਇਸ ਇਲਾਜ 'ਤੇ 53,455 ਰੁਪਏ ਦਾ ਖ਼ਰਚਾ ਆਇਆ, ਜੋ ਯੋਜਨਾ ਤਹਿਤ ਪੂਰੀ ਤਰ੍ਹਾਂ ਕਵਰ ਕੀਤਾ ਗਿਆ। ਇਸ ਨਾਲ ਉਹ ਬਿਨਾਂ ਕਿਸੇ ਆਰਥਿਕ ਚਿੰਤਾ ਦੇ ਲੋੜੀਂਦਾ ਇਲਾਜ ਕਰਵਾ ਸਕੇ। ਉਨ੍ਹਾਂ ਨੇ ਕਿਹਾ, ਜਦੋਂ ਮੈਨੂੰ ਪਤਾ ਲੱਗਾ ਕਿ ਮੇਰੇ ਇਲਾਜ ਦਾ ਸਾਰਾ ਖ਼ਰਚਾ ਯੋਜਨਾ ਤਹਿਤ ਕਵਰ ਹੋਵੇਗਾ, ਤਾਂ ਮੈਨੂੰ ਲੱਗਿਆ ਜਿਵੇਂ ਮੇਰੇ ਸਿਰ ਤੋਂ ਬਹੁਤ ਵੱਡਾ ਬੋਝ ਉਤਰ ਗਿਆ ਹੋਵੇ। ਕਈ ਮਹੀਨਿਆਂ ਬਾਅਦ ਪਹਿਲੀ ਵਾਰ ਮੈਨੂੰ ਉਮੀਦ ਦੀ ਕਿਰਨ ਨਜ਼ਰ ਆਈ।

ਆਪ੍ਰੇਸ਼ਨ ਤੋਂ ਬਾਅਦ ਜ਼ੁਲਫੁਕਾਰ ਤੇਜ਼ੀ ਨਾਲ ਸਿਹਤਯਾਬ ਹੋ ਰਹੇ ਹਨ ਅਤੇ ਜਲਦੀ ਹੀ ਆਪਣੀ ਦੁਕਾਨ 'ਤੇ ਵਾਪਸ ਜਾ ਕੇ ਪਹਿਲਾਂ ਵਾਂਗ ਮੁਸਕਰਾਹਟ ਅਤੇ ਸਮਰਪਣ ਨਾਲ ਗਾਹਕਾਂ ਦੀ ਸੇਵਾ ਕਰਨ ਦੀ ਉਮੀਦ ਰੱਖਦੇ ਹਨ। ਉਨ੍ਹਾਂ ਨੇ ਕਿਹਾ, ਇਹ ਸੋਚ ਕੇ ਬਹੁਤ ਖ਼ੁਸ਼ੀ ਹੁੰਦੀ ਹੈ ਕਿ ਮੈਂ ਮੁੜ ਕੰਮ 'ਤੇ ਪਰਤ ਸਕਾਂਗਾ। ਵਾਲ ਕੱਟਣਾ ਸਿਰਫ਼ ਮੇਰਾ ਪੇਸ਼ਾ ਨਹੀਂ, ਸਗੋਂ ਮੇਰੇ ਪਰਿਵਾਰ ਦੀ ਰੋਜ਼ੀ-ਰੋਟੀ ਦਾ ਸਹਾਰਾ ਅਤੇ ਲੋਕਾਂ ਨਾਲ ਜੁੜਨ ਦਾ ਸਾਧਨ ਵੀ ਹੈ। ਮੈਂ ਇਸ ਮੌਕੇ ਲਈ ਬਹੁਤ ਧੰਨਵਾਦੀ ਹਾਂ।

ਜ਼ੁਲਫੁਕਾਰ ਲਈ ਇਹ ਆਪ੍ਰੇਸ਼ਨ ਸਿਰਫ਼ ਗੋਡੇ ਦਾ ਇਲਾਜ ਨਹੀਂ ਸੀ। ਇਸ ਨਾਲ ਉਨ੍ਹਾਂ ਦਾ ਆਤਮ-ਵਿਸ਼ਵਾਸ ਵਾਪਸ ਆਇਆ, ਪਰਿਵਾਰ ਦੀ ਰੋਜ਼ੀ-ਰੋਟੀ ਸੁਰੱਖਿਅਤ ਹੋਈ ਅਤੇ ਉਨ੍ਹਾਂ ਨੂੰ ਉਸ ਹਾਦਸੇ ਤੋਂ ਬਾਅਦ ਆਪਣੀ ਜ਼ਿੰਦਗੀ ਮੁੜ ਸੰਵਾਰਨ ਦਾ ਮੌਕਾ ਮਿਲਿਆ, ਜੋ ਉਨ੍ਹਾਂ ਦੇ ਕਰੀਅਰ ਦਾ ਅੰਤ ਵੀ ਕਰ ਸਕਦਾ ਸੀ। ਅੱਜ ਉਨ੍ਹਾਂ ਦੀ ਦੁਕਾਨ 'ਤੇ ਆਉਣ ਵਾਲਾ ਹਰ ਗਾਹਕ ਇਸ ਗੱਲ ਦੀ ਮਿਸਾਲ ਹੈ ਕਿ ਸਮੇਂ ਸਿਰ ਮਿਲਿਆ ਸਿਹਤ ਇਲਾਜ ਕਿਸੇ ਦੀ ਜ਼ਿੰਦਗੀ ਬਦਲ ਸਕਦਾ ਹੈ। ਸਟੇਟ ਹੈਲਥ ਏਜੰਸੀ, ਪੰਜਾਬ ਦੇ ਅੰਕੜਿਆਂ ਅਨੁਸਾਰ, ਰਿਪੋਰਟਿੰਗ ਮਿਆਦ ਦੌਰਾਨ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 53.38 ਲੱਖ ਰੁਪਏ ਦੀ ਲਾਗਤ ਨਾਲ 190 ਆਰਥੋਪੀਡਿਕ ਪ੍ਰਕਿਰਿਆਵਾਂ ਕੀਤੀਆਂ ਗਈਆਂ।

# ਅਦਾਲਤ ਵੱਲੋਂ ਉਮਰ ਖਾਲਿਦ ਤੇ ਸ਼ਰਜੀਲ ਇਮਾਮ ਨੂੰ ਜ਼ਮਾਨਤ ਦੇਣ ਤੋਂ ਇਨਕਾਰ

ਨਵੀਂ ਦਿੱਲੀ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਦੀ ਇੱਕ ਅਦਾਲਤ ਨੇ ਅੱਜ 2020 ਦੇ ਦਿੱਲੀ ਦੰਗਿਆਂ ਨਾਲ ਜੁੜੇ ਕਥਿਤ ਵੱਡੀ ਸਾਜ਼ਿਸ਼ ਦੇ ਮਾਮਲੇ ਵਿੱਚ ਮੁਲਜ਼ਮ ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਵੱਲੋਂ ਦਾਇਰ ਕੀਤੀਆਂ ਹਾਲੀਆ ਜ਼ਮਾਨਤ ਅਰਜ਼ੀਆਂ ਰੱਦ ਕਰ ਦਿੱਤੀਆਂ। ਇਸ ਸਬੰਧੀ ਵਧੀਕ ਸੈਸ਼ਨ ਜੱਜ (ਏਐੱਸਜੇ) ਸਮੀਰ ਬਾਜਪਈ ਨੇ ਫ਼ੈਸਲਾ ਸੁਣਾਇਆ। ਦੋਵਾਂ ਮੁਲਜ਼ਮਾਂ ਨੇ ਇਹ ਅਰਜ਼ੀਆਂ ਉਸ ਤੋਂ ਬਾਅਦ ਦਾਇਰ ਕੀਤੀਆਂ ਸਨ ਜਦੋਂ 5 ਜਨਵਰੀ ਨੂੰ ਸੁਪਰੀਮ ਕੋਰਟ ਨੇ ਗੈਰ-ਕਾਨੂੰਨੀ ਗਤੀਵਿਧੀਆਂ ਰੋਕੂ ਕਾਨੂੰਨ (ਯੂਏਪੀਏ) ਤਹਿਤ ਦਰਜ ਇਸ ਮਾਮਲੇ ਵਿੱਚ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ।

ਸ਼ਰਜੀਲ ਇਮਾਮ ਨੇ ਆਪਣੀ ਅਰਜ਼ੀ ਵਿੱਚ ਕਿਹਾ ਕਿ ਸੁਪਰੀਮ ਕੋਰਟ ਦੇ ਹੁਕਮ ਤੋਂ ਬਾਅਦ ਛੇ ਮਹੀਨੇ ਤੋਂ ਵੱਧ ਸਮਾਂ ਲੰਘ ਗਿਆ ਹੈ ਪਰ ਮੁਕੱਦਮੇ ਦੀ ਸੁਣਵਾਈ ਵਿੱਚ ਕੋਈ ਢੁੱਕਵੀਂ ਤਰੱਕੀ ਨਹੀਂ ਹੋਈ।

ਉਸ ਨੇ ਇਹ ਵੀ ਦਲੀਲ ਦਿੱਤੀ ਕਿ ਲਗਪਗ ਛੇ ਸਾਲ ਤੋਂ ਹਿਰਾਸਤ ਵਿੱਚ ਰਹਿਣ ਦੇ ਬਾਵਜੂਦ ਉਸ ਖ਼ਿਲਾਫ਼ ਅਜੇ ਤੱਕ ਦੋਸ਼ ਤੈਅ ਕਰਨ ਦੀ ਕਾਰਵਾਈ ਵੀ ਪੂਰੀ ਨਹੀਂ ਹੋ ਸਕੀ।

ਇਮਾਮ ਨੇ ਇਹ ਵੀ ਕਿਹਾ ਕਿ ਉਹ ਜਨਵਰੀ 2020 ਦੇ ਦੂਜੇ ਹਫ਼ਤੇ ਤੋਂ ਬਾਅਦ ਦਿੱਲੀ ਵਿੱਚ ਨਹੀਂ ਸੀ। ਉਸ ਦਾ ਦਾਅਵਾ ਹੈ ਕਿ ਫਰਵਰੀ 2020 ਵਿੱਚ ਉੱਤਰ-ਪੂਰਬੀ ਦਿੱਲੀ ਵਿੱਚ ਫ਼ਿਰਕੂ ਹਿੰਸਾ ਭੜਕਣ ਤੋਂ ਪਹਿਲਾਂ ਹੀ ਉਹ ਕਿਸੇ ਹੋਰ ਮਾਮਲੇ ਵਿੱਚ ਨਿਆਂਇਕ ਹਿਰਾਸਤ ਵਿੱਚ ਸੀ।

ਦੂਜੇ ਪਾਸੇ, ਉਮਰ ਖਾਲਿਦ ਨੇ ਆਪਣੀ ਵੱਖਰੀ ਜ਼ਮਾਨਤ ਅਰਜ਼ੀ ਵਿੱਚ ਵੀ ਲੰਬੀ ਹਿਰਾਸਤ ਅਤੇ ਮੁਕੱਦਮੇ ਵਿੱਚ ਹੋ ਰਹੀ ਦੇਰੀ ਦਾ ਹਵਾਲਾ ਦਿੱਤਾ। ਉਸ ਨੇ ਕਿਹਾ ਕਿ ਉਹ ਕਰੀਬ ਛੇ ਸਾਲ ਤੋਂ ਜੇਲ੍ਹ ਵਿੱਚ ਹੈ ਪਰ ਅਜੇ ਤੱਕ ਉਸ ਖ਼ਿਲਾਫ਼ ਦੋਸ਼ ਵੀ ਤੈਅ ਨਹੀਂ ਕੀਤੇ ਗਏ।

## ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਵਲੋਂ ਲੈਕਚਰਾਰ ਅਸਾਮੀਆਂ ਦੀ ਭਰਤੀ ਸਬੰਧੀ ਐਸ.ਸੀ ਕਮਿਸ਼ਨ ਨੂੰ ਰਿਪੋਰਟ ਪੇਸ਼

ਚੰਡੀਗੜ੍ਹ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸਿੱਖਿਆ ਵਿਭਾਗ ਦੇ ਭਰਤੀ ਬੋਰਡ ਵਲੋਂ ਲੈਕਚਰਾਰਾਂ ਦੀਆਂ ਅਸਾਮੀਆਂ ਲਈ ਜਾਰੀ ਇਸ਼ਤਿਹਾਰ ਵਿੱਚ ਅਨੁਸੂਚਿਤ ਜਾਤੀਆਂ ਵਰਗ ਲਈ ਲਾਗੂ ਰਾਖਵਾਂਕਰਨ ਨੀਤੀ ਦੀ ਅਣਦੇਖੀ ਕਰਨ ਦੇ ਮਾਮਲੇ ਵਿਚ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੂੰ ਰਿਪੋਰਟ ਪੇਸ਼ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ ਜਿਸ ਤੇ ਕਾਰਵਾਈ ਕਰਦਿਆਂ ਕਮਿਸ਼ਨ ਵਲੋਂ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਨੂੰ 3 ਜੁਲਾਈ 2026 ਨੂੰ ਨਿੱਜੀ ਪੱਧਰ ਤੇ ਕਮਿਸ਼ਨ ਅੱਗੇ ਪੇਸ਼ ਹੋਣ ਦਾ ਹੁਕਮ ਦਿੱਤਾ ਸੀ ਜਿਸ ਤੇ ਅਮਲ ਕਰਦਿਆਂ ਸਕੱਤਰ ਸਕੂਲ ਸਿੱਖਿਆ ਵਿਭਾਗ ਸ੍ਰੀਮਤੀ ਸੋਨਾਲੀ ਗਿਰਿ ਕਮਿਸ਼ਨ ਅੱਗੇ ਪੇਸ਼ ਹੋਏ ਅਤੇ ਉਨ੍ਹਾਂ ਇਸ ਭਰਤੀ ਪ੍ਰਕਿਰਿਆ ਦੌਰਾਨ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਉਮੀਦਵਾਰ ਲਈ ਅਸਾਮੀਆਂ ਨਾ ਹੋਣ ਸਬੰਧੀ ਦਸਤਾਵੇਜ਼ ਪੇਸ਼ ਕੀਤੇ ਜਿਸ ਸਬੰਧੀ ਕਮਿਸ਼ਨ ਵਲੋਂ 72 ਘੰਟੇ ਵਿਚ ਇਨ੍ਹਾਂ ਦਸਤਾਵੇਜ਼ਾਂ ਦਾ ਅਧਿਐਨ ਕਰਕੇ ਯੋਗ ਹੁਕਮ ਜਾਰੀ ਕੀਤੇ ਜਾਣਗੇ।

# ਮੇਰੀ ਰਸੋਈ ਰਾਸ਼ਨ ਕਿੱਟਾਂ ਦੀ ਵੰਡ ਹੋਰ ਤੇਜ਼ ਹੋਈ; ਪੰਜਾਬ ਨੇ ਵੰਡ ਵਿੱਚ ਕੀਤਾ ਵਾਧਾ: ਹੁਣ ਤੱਕ 21.29 ਲੱਖ ਪਰਿਵਾਰਾਂ ਨੂੰ ਕੀਤਾ ਗਿਆ ਕਵਰ

ਚੰਡੀਗੜ੍ਹ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਨੇ ਕਮਜ਼ੋਰ ਪਰਿਵਾਰਾਂ ਲਈ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਆਪਣੀ ਚੱਲ ਰਹੀ ਰਾਸ਼ਨ ਕਿੱਟ ਵੰਡ ਮੁਹਿੰਮ 'ਮੇਰੀ ਰਸੋਈ' ਵਿੱਚ ਤੇਜ਼ੀ ਲਿਆਂਦੀ ਹੈ, ਜਿਸ ਤਹਿਤ ਲਗਭਗ 21.29 ਲੱਖ ਪਰਿਵਾਰ ਲਾਭ ਲੈ ਰਹੇ ਹਨ। ਇਸ ਮੁਹਿੰਮ ਦਾ ਉਦੇਸ਼ ਹਰ ਤਿਮਾਹੀ (3 ਮਹੀਨਿਆਂ) ਬਾਅਦ ਪੰਜਾਬ ਭਰ ਵਿੱਚ ਕੁੱਲ 40.48 ਲੱਖ ਯੋਗ ਪਰਿਵਾਰਾਂ ਨੂੰ ਰਾਸ਼ਟ ਕਿੱਟਾਂ ਮੁਹੱਈਆ ਕਰਵਾਉਣਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਅਤੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਸਰਗਰਮ ਨਿਗਰਾਨੀ ਹੇਠ ਇਸ ਅਹਿਮ ਪਹਿਲਕਦਮੀ ਤਹਿਤ ਮਿਸ਼ਨ ਮੋਡ ਤਰੀਕੇ ਨਾਲ ਰਾਸ਼ਨ ਵੰਡਿਆ ਜਾ ਰਿਹਾ ਹੈ, ਜਿਸ ਵਿੱਚ ਰੋਜ਼ਾਨਾ 80,000 ਤੋਂ 85000 ਕਿੱਟਾਂ ਨਿਰਧਾਰਤ ਕੇਂਦਰਾਂ ਤੋਂ ਲਾਭਪਾਤਰੀਆਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ।

ਜ਼ਿਕਰਯੋਗ ਹੈ ਕਿ ਇਸ ਪਹਿਲਕਦਮੀ ਅਧੀਨ ਹਰੇਕ ਪਰਿਵਾਰ ਨੂੰ ਇੱਕ ਰਾਸ਼ਨ ਕਿੱਟ ਪ੍ਰਦਾਨ ਕੀਤੀ ਜਾਂਦੀ ਹੈ, ਜੋ ਘਰ ਦੀਆਂ ਜ਼ਰੂਰੀ ਖੁਰਾਕੀ ਜ਼ਰੂਰਤਾਂ ਦੀ ਪੂਰਤੀ ਨੂੰ ਧਿਆਨ ਵਿੱਚ ਰੱਖਦਿਆਂ ਤਿਆਰ ਕੀਤੀ ਗਈ ਹੈ। ਇਸ ਵਿੱਚ ਮਹੀਨਾਵਾਰ ਖਪਤ ਲਈ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਸ਼ਾਮਲ ਹੈ। ਇਹ ਭੋਜਨ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ, 2013 ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਵੰਡੀ ਜਾ ਰਹੀ ਕਣਕ ਤੋਂ ਇਲਾਵਾ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਰਾਸ਼ਨ ਕਿੱਟਾਂ ਮਾਰਕਫੈੱਡ ਵੱਲੋਂ ਤਿਆਰ ਕੀਤੀਆਂ ਜਾਂਦੀਆਂ ਹਨ, ਜਦਕਿ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਸੂਬੇ ਭਰ ਵਿੱਚ ਵੰਡ ਨੈੱਟਵਰਕ ਦੀ ਨਿਗਰਾਨੀ ਕਰਦਾ ਹੈ।

ਹੁਣ ਤੱਕ ਵੰਡੀਆਂ ਗਈਆਂ 21.29 ਲੱਖ ਰਾਸ਼ਨ ਕਿੱਟਾਂ ਵਿੱਚੋਂ ਲੁਧਿਆਣਾ 229555 ਕਿੱਟਾਂ ਨਾਲ ਸਭ ਤੋਂ ਅੱਗੇ, ਪਟਿਆਲਾ 156402 ਨਾਲ ਦੂਜੇ ਸਥਾਨ 'ਤੇ, ਸੰਗਰੂਰ 136430 ਕਿੱਟਾਂ ਨਾਲ ਤੀਜੇ ਸਥਾਨ 'ਤੇ, ਫਾਜ਼ਿਲਕਾ 121647 ਨਾਲ ਚੌਥੇ ਸਥਾਨ 'ਤੇ ਹੈ ਜਦੋਂ ਕਿ ਸਰਹੱਦੀ ਜ਼ਿਲ੍ਹਾ ਤਰਨਤਾਰਨ 121589 ਰਾਸ਼ਨ ਕਿੱਟਾਂ ਦੀ ਵੰਡ ਨਾਲ ਪੰਜਵੇਂ ਸਥਾਨ 'ਤੇ ਹੈ। ਇਸ ਤੋਂ ਇਲਾਵਾ ਅੰਮ੍ਰਿਤਸਰ ਵਿੱਚ 118579 ਰਾਸ਼ਨ ਕਿੱਟਾਂ, ਬਠਿੰਡਾ ਵਿੱਚ 114105, ਸ੍ਰੀ ਮੁਕਤਸਰ ਸਾਹਿਬ ਵਿੱਚ 109045, ਜਲੰਧਰ ਵਿੱਚ 105379, ਹੁਸ਼ਿਆਰਪੁਰ ਵਿੱਚ 86710, ਮਾਨਸਾ ਵਿੱਚ 80591ਕਿੱਟਾਂ, ਗੁਰਦਾਸਪੁਰ ਵਿੱਚ 80344, ਫਿਰੋਜ਼ਪੁਰ ਵਿੱਚ 78404, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ 71238 ਕਿੱਟਾਂ, ਫਤਿਹਗੜ੍ਹ ਸਾਹਿਬ ਵਿੱਚ 71097, ਮੋਗਾ ਵਿੱਚ 69210, ਕਪੂਰਥਲਾ ਵਿੱਚ 68627, ਫਰੀਦਕੋਟ ਵਿੱਚ 60937, ਬਰਨਾਲਾ ਵਿੱਚ 59667, ਪਠਾਨਕੋਟ ਵਿੱਚ 58737, ਰੂਪਨਗਰ ਵਿੱਚ 50906, ਮਲੇਰਕੋਟਲਾ ਵਿੱਚ 40988 ਅਤੇ ਸ਼ਹੀਦ ਭਗਤ ਸਿੰਘ ਨਗਰ ਵਿੱਚ 38838 ਰਾਸ਼ਨ ਕਿੱਟਾਂ ਵੰਡੀਆਂ ਗਈਆਂ ਹਨ।

ਇਸ ਪਹਿਲਕਦਮੀ ਦਾ ਉਦੇਸ਼ ਅਨਾਜ ਦੇ ਨਾਲ-ਨਾਲ ਲੋੜੀਂਦੇ ਪ੍ਰੋਟੀਨ, ਖਾਣਾ ਪਕਾਉਣ ਵਾਲਾ ਤੇਲ ਅਤੇ ਮਸਾਲੇ ਆਦਿ ਯੋਗ ਲਾਭਪਾਤਰੀਆਂ ਦੀ ਰਸੋਈ ਤੱਕ ਪਹੁੰਚਾਉਣਾ ਹੈ ਤਾਂ ਜੋ ਯੋਜਨਾ ਤਹਿਤ ਕਵਰ ਕੀਤੇ ਜਾ ਰਹੇ ਪਰਿਵਾਰਾਂ ਨੂੰ ਪੂਰੇ ਪੋਸ਼ਣ ਵਾਲਾ ਭੋਜਨ ਪ੍ਰਾਪਤ ਹੋ ਸਕੇ।

ਵੰਡ ਸਬੰਧੀ ਪੂਰੀ ਸਰਗਰਮੀ ਨਾਲ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਪਾਰਦਰਸ਼ਤਾ, ਮਿਲਾਵਟੀ ਚੀਜਾਂ ਤੇ ਰੋਕ ਅਤੇ ਹਰੇਕ ਲੋੜਵੰਦ ਘਰ ਤੱਕ ਡਿਲੀਵਰੀ ਨੂੰ ਯਕੀਨੀ ਬਣਾਇਆ ਜਾ ਸਕੇ।

ਜ਼ਿਲ੍ਹਾ ਪ੍ਰਸ਼ਾਸਨ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਅਤੇ ਸਥਾਨਕ ਅਧਿਕਾਰੀ ਇਸ ਲਾਹੇਵੰਦ ਉਪਰਾਲੇ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਪੂਰਨ ਤਾਲਮੇਲ ਨਾਲ ਕੰਮ ਕਰ ਰਹੇ ਹਨ।

ਇਹ ਯੋਜਨਾ ਸੂਬਾ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ ਕਿ ਕੋਈ ਵੀ ਯੋਗ ਪਰਿਵਾਰ ਭੋਜਨ ਸੁਰੱਖਿਆ ਤੋਂ ਵਾਂਝਾ ਨਾ ਰਹੇ। ਮੌਜੂਦਾ ਐਨ.ਐਫ.ਐਸ.ਏ. ਕਣਕ ਦੀ ਵੰਡ ਦੇ ਨਾਲੋ-ਨਾਲ ਇਨ੍ਹਾਂ ਰਾਸ਼ਨ ਕਿੱਟਾਂ ਨੂੰ ਸ਼ਾਮਲ ਕਰਕੇ ਸਰਕਾਰ ਵੱਲੋਂ ਭੁੱਖਮਰੀ ਅਤੇ ਪੋਸ਼ਣ ਦੋਵਾਂ ਮੁੱਦਿਆਂ ਨੂੰ ਹੱਲ ਕਰਨ ਦਾ ਸੁਹਿਰਦ ਉਪਰਾਲਾ ਕੀਤਾ ਜਾ ਰਿਹਾ ਹੈ।

# ਜਨਮਦਿਨ ਦੀ ਪਾਰਟੀ 'ਚ ਵਿਦੇਸ਼ੀ ਵਿਦਿਆਰਥਣ ਨਾਲ ਸਮੂਹਿਕ ਜਬਰ ਜਨਾਹ

ਮੁਹਾਲੀ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੁਲਿਸ ਨੇ 29 ਜੂਨ ਨੂੰ ਖਰੜ ਵਿੱਚ ਇੱਕ ਕਿਰਾਏ ਦੇ ਮਕਾਨ ਵਿੱਚ ਜਨਮਦਿਨ ਦੀ ਪਾਰਟੀ ਦੌਰਾਨ ਸੀਟੀ ਯੂਨੀਵਰਸਿਟੀ ਲੁਧਿਆਣਾ ਦੀ ਇੱਕ ਵਿਦਿਆਰਥਣ ਨਾਲ ਗੈਂਗਰੇਪ ਕਰਨ ਦੇ ਦੋਸ਼ ਵਿੱਚ ਲਾਈਬੇਰੀਆ ਦੇ ਦੋ ਵਿਦਿਆਰਥੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਪੀੜਤਾ, ਜੋ ਕਿ ਖੁਦ ਇੱਕ ਲਾਈਬੇਰੀਅਨ ਵਿਦਿਆਰਥਣ ਹੈ, ਨੂੰ ਫ੍ਰੇਕ ਅਤੇ ਇਜ਼ੇਕੀਏਲ ਨੇ ਖਰੜ ਵਿੱਚ 'ਜੀਬੀਪੀ ਕਰੈਸਟ ਕੰਟਰੀਸਾਈਡ ਗ੍ਰੀਨ' ਵਿਖੇ ਇੱਕ ਜਨਮਦਿਨ ਦੀ ਪਾਰਟੀ ਵਿੱਚ ਬੁਲਾਇਆ ਸੀ।

ਪੀੜਤਾ ਨੇ ਦੱਸਿਆ ਕਿ ਖਾਣਾ-ਪੀਣਾ ਖਾਣ ਤੋਂ ਬਾਅਦ ਉਹ ਪਹਿਲੀ ਮੰਜ਼ਿਲ ਦੇ ਅਪਾਰਟਮੈਂਟ ਵਿੱਚ ਇੱਕ ਕਮਰੇ ਵਿੱਚ ਚਲੀ ਗਈ ਅਤੇ ਸੌਂ ਗਈ। ਹਾਲਾਂਕਿ, ਕੁਝ ਸਮੇਂ ਬਾਅਦ ਦੋਵੇਂ ਮੁਲਜ਼ਮ ਕਮਰੇ ਵਿੱਚ ਦਾਖਲ ਹੋਏ ਅਤੇ ਉਨ੍ਹਾਂ ਨੇ ਦਰਵਾਜ਼ਾ ਅੰਦਰੋਂ ਲਾਕ (ਬੰਦ) ਕਰ ਦਿੱਤਾ। ਇਸ ਤੋਂ ਬਾਅਦ ਦੋਵਾਂ ਨੇ ਉਸ ਦੀ ਸਹਿਮਤੀ ਤੋਂ ਬਿਨਾਂ ਉਸ ਨਾਲ ਜਬਰ-ਜ਼ਨਾਹ ਕੀਤਾ। ਜਦੋਂ ਪੀੜਤਾ ਦੇ ਦੋਸਤਾਂ ਨੇ ਕਮਰੇ ਦਾ ਦਰਵਾਜ਼ਾ ਖੜਕਾਇਆ, ਤਾਂ ਦੋਵਾਂ ਮੁਲਜ਼ਮਾਂ ਨੇ ਦਰਵਾਜ਼ਾ ਨਹੀਂ ਖੋਲ੍ਹਿਆ। ਇਸ ਤੋਂ ਬਾਅਦ ਪੀੜਤਾ ਦੇ ਇੱਕ ਭਰਾ ਡਾਇਮੰਡ ਨੇ ਜ਼ਬਰਦਸਤੀ ਦਰਵਾਜ਼ਾ ਤੋੜਿਆ, ਤਾਂ ਉਸ ਨੇ ਦੇਖਿਆ ਕਿ ਫ੍ਰੇਕ ਪੀੜਤਾ ਨਾਲ ਜ਼ਬਰਦਸਤੀ ਕਰ ਰਿਹਾ ਸੀ। ਪੀੜਤਾ ਸਵੇਰੇ 11 ਵਜੇ ਦੇ ਕਰੀਬ ਸਰੀਰਕ ਦਰਦ ਕਾਰਨ ਜਾਗੀ ਅਤੇ ਉਸ ਨੂੰ ਆਪਣੇ ਨਾਲ ਹੋਈ ਗਲਤ ਹਰਕਤ ਦਾ ਅਹਿਸਾਸ ਹੋਇਆ, ਜਿਸ ਤੋਂ ਬਾਅਦ ਉਸ ਨੇ ਪੁਲੀਸ ਨੂੰ ਮਾਮਲੇ ਦੀ ਰਿਪੋਰਟ ਕੀਤੀ। ਪੁਲੀਸ ਨੇ ਬਾਅਦ ਵਿੱਚ ਅਪਾਰਟਮੈਂਟ ਵਿੱਚੋਂ ਸਬੂਤ ਵਜੋਂ ਬੈੱਡਸ਼ੀਟ (ਚਾਦਰ) ਜ਼ਬਤ ਕਰ ਲਈ ਹੈ।

ਪੀੜਤਾ ਦੇ ਬਿਆਨਾਂ ਦੇ ਆਧਾਰ 'ਤੇ 1 ਜੂਨ ਨੂੰ ਖਰੜ ਸਿਟੀ ਪੁਲੀਸ ਸਟੇਸ਼ਨ ਵਿੱਚ ਭਾਰਤੀ ਨਿਆਏ ਸੰਹਿਤਾ ਦੀ ਧਾਰਾ 64 ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

# 'ਗੈਂਗਸਟਰ ਗੋਲਡੀ ਢਿੱਲੋਂ' ਸਪੇਨ ਤੋਂ ਗ੍ਰਿਫ਼ਤਾਰ; 'ਆਪ' ਵਿਧਾਇਕਾ ਨੂੰ ਵੀ ਦਿੱਤੀ ਸੀ ਧਮਕੀ

ਚੰਡੀਗੜ੍ਹ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਵਿਦੇਸ਼ ਵਿੱਚ ਬੈਠ ਕੇ ਪੰਜਾਬ ਅਤੇ ਚੰਡੀਗੜ੍ਹ ਵਿੱਚ ਗੈਂਗਸਟਰ ਨੈੱਟਵਰਕ ਚਲਾ ਰਹੇ ਖ਼ਤਰਨਾਕ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਨੂੰ ਸਪੇਨ ਵਿੱਚ ਹਿਰਾਸਤ ਵਿੱਚ ਲਏ ਜਾਣ ਦੀ ਖ਼ਬਰ ਹੈ। ਪੰਜਾਬ ਪੁਲੀਸ ਦੇ ਭਰੋਸੇਯੋਗ ਸੂਤਰਾਂ ਨੇ ਸ਼ੁੱਕਰਵਾਰ ਨੂੰ ਪੁਸ਼ਟੀ ਕੀਤੀ ਹੈ ਕਿ 'ਆਮ ਆਦਮੀ ਪਾਰਟੀ' ਦੀ ਵਿਧਾਇਕਾ ਨੀਨਾ ਮਿੱਤਲ ਨੂੰ ਧਮਕੀ ਦੇਣ ਅਤੇ ਚੰਡੀਗੜ੍ਹ ਦੇ ਸੈਕਟਰ-11 ਵਿੱਚ ਦਿਨ-ਦਿਹਾੜੇ ਫਾਰਮੇਸੀ ਦੇ ਕੈਸ਼ੀਅਰ ਦੇ ਹੋਏ ਕਤਲ ਮਾਮਲੇ ਵਿੱਚ ਨਾਮਜ਼ਦ ਇਸ ਗੈਂਗਸਟਰ ਨੂੰ ਸਪੇਨ 'ਚ ਦਬੋਚ ਲਿਆ ਗਿਆ ਹੈ।




ਪੁਲੀਸ ਸੂਤਰਾਂ ਅਨੁਸਾਰ ਇਹ ਵੱਡੀ ਸਫ਼ਲਤਾ ਪੰਜਾਬ ਪੁਲੀਸ, ਕੇਂਦਰੀ ਖ਼ੁਫੀਆ ਏਜੰਸੀਆਂ ਅਤੇ ਚੰਡੀਗੜ੍ਹ ਪੁਲੀਸ ਦੇ ਇੱਕ ਸਾਂਝੇ ਅਪਰੇਸ਼ਨ ਦੌਰਾਨ ਮਿਲੀ ਹੈ। ਸੁਰੱਖਿਆ ਏਜੰਸੀਆਂ ਪਿਛਲੇ ਕਈ ਮਹੀਨਿਆਂ ਤੋਂ ਵਿਦੇਸ਼ ਵਿੱਚ ਬੈਠੇ ਇਸ ਗੈਂਗਸਟਰ ਦੀਆਂ ਗਤੀਵਿਧੀਆਂ 'ਤੇ ਬਾਰੀਕੀ ਨਾਲ ਨਜ਼ਰ ਰੱਖ ਰਹੀਆਂ ਸਨ। ਦੱਸਿਆ ਜਾ ਰਿਹਾ ਹੈ ਕਿ 'ਗੋਲਡੀ ਰਾਜਪੁਰਾ' ਦੇ ਨਾਂ ਨਾਲ ਜਾਣਿਆ ਜਾਂਦਾ ਇਹ ਗੈਂਗਸਟਰ, ਕੈਨੇਡਾ ਬੈਠੇ ਖ਼ਤਰਨਾਕ ਗੈਂਗਸਟਰ ਤੇ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਅੱਤਵਾਦੀ ਐਲਾਨੇ ਗਏ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦਾ ਬੇਹੱਦ ਨਜ਼ਦੀਕੀ ਸਾਥੀ ਹੈ। ਐਨ.ਆਈ.ਏ. (©91) ਦੀ ਇੱਕ ਚਾਰਜਸ਼ੀਟ ਵਿੱਚ ਚੰਡੀਗੜ੍ਹ ਦੇ ਸੈਕਟਰ-5 ਦੇ ਇੱਕ ਕਾਰੋਬਾਰੀ 'ਤੇ ਫਾਇਰਿੰਗ ਅਤੇ ਫਿਰੌਤੀ ਦੇ ਮਾਮਲੇ ਵਿੱਚ ਗੋਲਡੀ ਢਿੱਲੋਂ ਨੂੰ ਗੋਲਡੀ ਬਰਾੜ ਦੇ ਨਾਲ ਸਹਿ-ਸਾਜ਼ਿਸ਼ਕਰਤਾ ਵਜੋਂ ਨਾਮਜ਼ਦ ਕੀਤਾ ਗਿਆ ਸੀ।

ਚੰਡੀਗੜ੍ਹ ਦੇ ਸੈਕਟਰ-11 ਕੈਮਿਸਟ ਕਤਲਕਾਂਡ ਬਾਰੇ ਖੁਲਾਸਾ ਕਰਦਿਆਂ ਪੁਲੀਸ ਨੇ ਦੱਸਿਆ ਕਿ ਗੋਲਡੀ ਢਿੱਲੋਂ ਦੇ ਇਸ਼ਾਰੇ 'ਤੇ ਹੀ ਜੰਮੂ ਤੋਂ ਛੇ ਸ਼ੂਟਰ ਪੰਜਾਬ ਆਏ ਸਨ, ਜੋ ਬਾਅਦ ਵਿੱਚ ਦੋ ਹਿੱਸਿਆਂ ਵਿੱਚ ਵੰਡੇ ਗਏ। ਇਨ੍ਹਾਂ ਵਿੱਚੋਂ ਇੱਕ ਮਾਡਿਊਲ ਨੇ ਫਾਰਮੇਸੀ ਦੇ ਕੈਸ਼ੀਅਰ ਜਾਨਕੀ ਦਾਸ ਦਾ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ, ਜਦੋਂਕਿ ਦੂਜੇ ਮਾਡਿਊਲ ਨੂੰ ਚੰਡੀਗੜ੍ਹ ਵਿੱਚ ਕਿਸੇ ਨਵੇਂ ਟਾਰਗੇਟ ਨੂੰ ਨਿਸ਼ਾਨਾ ਬਣਾਉਣ ਦੇ ਨਿਰਦੇਸ਼ ਸਨ। ਹਾਲਾਂਕਿ, ਦੂਜੇ ਮਾਡਿਊਲ ਨੂੰ ਪੁਲੀਸ ਨੇ ਮੁੱਲਾਂਪੁਰ ਨੇੜੇ ਵਿਦੇਸ਼ੀ ਮੇਡ ਸੀ-47 ਪਿਸਤੌਲ ਅਤੇ .32 ਬੋਰ ਦੇ ਪਿਸਤੌਲ ਸਹਿਤ ਦਬੋਚ ਲਿਆ ਸੀ।

# ਸ੍ਰੀ ਅਕਾਲ ਤਖਤ ਦੇ ਆਦੇਸ਼ ਤੋਂ ਬਾਅਦ ਸ਼ਰਧਾਲੂਆਂ ਨੇ ਉਤਾਰੇ ਭਗਵੰਤ ਮਾਨ ਦੀ ਤਸਵੀਰ ਵਾਲੇ ਕਾਰਡ

ਅੰਮ੍ਰਿਤਸਰ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਵਿਵਾਦਤ ਵੀਡੀਓ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖ਼ਿਲਾਫ਼ ਜਾਰੀ ਕੀਤੇ ਗਏ ਆਦੇਸ਼ ਦਾ ਅਸਰ ਅੱਜ ਇੱਥੇ ਸ੍ਰੀ ਹਰਿਮੰਦਰ ਸਾਹਿਬ ਵਿੱਚ ਦੇਖਣ ਨੂੰ ਮਿਲਿਆ। ਜ਼ਿਕਰਯੋਗ ਹੈ ਕਿ ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ 'ਗੁਰੂ ਦੋਖੀ' ਅਤੇ 'ਪੰਥ ਵਿਰੋਧੀ' ਕਰਾਰ ਦਿੱਤਾ ਗਿਆ ਹੈ ਅਤੇ ਸੰਗਤ ਨੂੰ ਉਨ੍ਹਾਂ ਦਾ ਸਹਿਯੋਗ ਨਾ ਕਰਨ ਦਾ ਆਦੇਸ਼ ਦਿੱਤਾ ਗਿਆ ਹੈ।

ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਪਲਾਜ਼ਾ ਕੰਪਲੈਕਸ ਵਿੱਚ ਕੁਝ ਸਿੱਖ ਨੌਜਵਾਨਾਂ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਦਰਸ਼ਨਾਂ ਲਈ ਆਏ ਸ਼ਰਧਾਲੂਆਂ ਨੂੰ ਅਪੀਲ ਕੀਤੀ। ਉਨ੍ਹਾਂ ਆਖਿਆ ਕਿ ਗੁਰੂ ਘਰ ਦੇ ਅੰਦਰ ਜਾਣ ਸਮੇਂ ਉਹ ਮੁੱਖ ਮੰਤਰੀ ਦੀ ਤਸਵੀਰ ਵਾਲਾ ਸ਼ਨਾਖਤੀ ਕਾਰਡ) ਉਤਾਰ ਕੇ ਜਾਣ। ਨੌਜਵਾਨਾਂ ਨੇ ਸ਼ਰਧਾਲੂਆਂ ਨੂੰ ਕਿਹਾ ਕਿ ਉਹ ਇਸ ਕਾਰਡ ਨੂੰ ਗਲੇ ਵਿੱਚ ਪਾਉਣ ਦੀ ਥਾਂ ਆਪਣੀ ਜੇਬ ਵਿੱਚ ਰੱਖ ਲੈਣ, ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮੁੱਖ ਮੰਤਰੀ ਨੂੰ ਸਹਿਯੋਗ ਨਾ ਦੇਣ ਦਾ ਆਦੇਸ਼ ਹੈ। ਇਸ ਸਬੰਧ ਵਿੱਚ ਇੱਕ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ, ਜਿਸ ਵਿੱਚ ਇਹ ਨੌਜਵਾਨ ਸੰਗਤ ਨੂੰ ਸ੍ਰੀ ਅਕਾਲ ਤਖਤ ਦੇ ਆਦੇਸ਼ ਬਾਰੇ ਜਾਣੂ ਕਰਵਾ ਰਹੇ ਹਨ। ਨੌਜਵਾਨਾਂ ਦੀ ਇਸ ਅਪੀਲ ਤੋਂ ਬਾਅਦ ਸ਼ਰਧਾਲੂਆਂ ਵੱਲੋਂ ਉਹ ਸ਼ਨਾਖਤੀ ਕਾਰਡ ਉਤਾਰ ਦਿੱਤੇ ਗਏ।

**ਸ਼੍ਰੋਮਣੀ ਕਮੇਟੀ ਦੀ ਪ੍ਰਤੀਕਿਰਿਆ ਅਤੇ ਅਗਲੇ ਕਦਮ**

ਇਸ ਮਾਮਲੇ ਦੀ ਪੁਸ਼ਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਕੀਤੀ ਗਈ ਹੈ। ਹਾਲਾਂਕਿ, ਉਨ੍ਹਾਂ ਸਾਫ਼ ਕੀਤਾ ਕਿ ਇਹ ਕਾਰਜ ਕੁਝ ਸਿੱਖ ਯਾਤਰੂਆਂ ਵੱਲੋਂ ਹੀ ਕੀਤਾ ਗਿਆ ਹੈ, ਜੋ ਖੁਦ ਇੱਥੇ ਨਤਮਸਤਕ ਹੋਣ ਆਏ ਸਨ।

# ਖ਼ਰਾਬ ਮੌਸਮ ਅਤੇ ਤਕਨੀਕੀ ਨੁਕਸ ਦੇ ਬਾਵਜੂਦ ਜਹਾਜ਼ ਦੀ ਸੁਰੱਖਿਅਤ ਲੈਂਡਿੰਗ; ਪਾਇਲਟ ਦੀ ਸੂਝਬੂਝ ਨੇ ਬਚਾਈਆਂ ਜਾਨਾਂ

ਨਵੀਂ ਦਿੱਲੀ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਤੋਂ ਹਲਵਾਰਾ ਆ ਰਹੀ ਏਅਰ ਇੰਡੀਆ ਦੀ ਫਲਾਈਟ ਏ.ਆਈ-481 ਸ਼ਨਿੱਚਰਵਾਰ ਨੂੰ ਪਹਿਲੀ ਉਡਾਣ ਨੂੰ ਦੋ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਪਿਆ, ਪਰ ਪਾਇਲਟ ਦੀ ਸੂਝਬੂਝ ਨਾਲ ਦੂਜੇ ਯਤਨ ਬਾਅਦ ਸੁਰੱਖਿਅਤ ਉੱਤਰ ਆਈ।

ਦਿੱਲੀ ਤੋਂ ਸਵੇਰੇ 5:55 ਵਜੇ ਉਡਾਣ ਭਰਨ ਤੋਂ 15 ਮਿੰਟ ਬਾਅਦ ਤਕਨੀਕੀ ਖ਼ਰਾਬੀ ਦਾ ਸੰਕੇਤ ਮਿਲਣ ਕਾਰਨ ਜਹਾਜ਼ ਨੂੰ ਦਿੱਲੀ ਵਾਪਸ ਮੋੜਨਾ ਪਿਆ। ਤਕਨੀਕੀ ਖ਼ਰਾਬੀ ਦੇ ਸੰਕੇਤ ਬਾਅਦ ਯਾਤਰੀਆਂ ਦੀ ਸੁਰੱਖਿਆ ਨੂੰ ਦੇਖਦਿਆਂ ਪਾਇਲਟ ਨੇ ਤੁਰੰਤ ਜਹਾਜ਼ ਨੂੰ ਵਾਪਸ ਦਿੱਲੀ ਲੈ ਜਾਣ ਦਾ ਫ਼ੈਸਲਾ ਕੀਤਾ ਅਤੇ ਕਰੀਬ 7 ਵਜੇ ਜਹਾਜ਼ ਸੁਰੱਖਿਅਤ ਦਿੱਲੀ ਹਵਾਈ ਅੱਡੇ ਦੀ ਪੱਟੀ 'ਤੇ ਉਤਾਰ ਲਿਆ ਗਿਆ। ਤਕਨੀਕੀ ਜਾਂਚ ਤੋਂ ਬਾਅਦ ਏਅਰ ਇੰਡੀਆ ਵੱਲੋਂ ਦੂਜੇ ਜਹਾਜ਼ ਰਾਹੀਂ ਯਾਤਰੀਆਂ ਨੂੰ 9 ਵਜੇ ਮੁੜ ਹਲਵਾਰਾ ਲਈ ਰਵਾਨਾ ਕੀਤਾ ਗਿਆ।

ਬਾਅਦ ਵਿੱਚ ਹਲਵਾਰਾ ਪਹੁੰਚਣ 'ਤੇ ਤੇਜ਼ ਮੀਂਹ, ਹਨੇਰੀ ਅਤੇ ਖ਼ਰਾਬ ਮੌਸਮ (ਦਿਖਾਈ ਦੇਣ ਵਿੱਚ ਦਿੱਕਤ) ਕਾਰਨ ਪਹਿਲੀ ਲੈਂਡਿੰਗ ਦੀ ਕੋਸ਼ਿਸ਼ ਸਫਲ ਨਹੀਂ ਹੋਈ। ਪਾਇਲਟ ਨੇ ਜਲਦਬਾਜ਼ੀ ਕਰਨ ਦੀ ਥਾਂ ਜਹਾਜ਼ ਦਾ ਹਵਾ ਵਿੱਚ ਸੰਤੁਲਨ ਕਾਇਮ ਰੱਖਦਿਆਂ ਅਸਮਾਨ ਵਿੱਚ ਦੋ ਚੱਕਰ ਲਾਉਣ ਉਪਰੰਤ ਦੂਜੇ ਯਤਨ ਵਿੱਚ ਸਫਲ ਲੈਂਡਿੰਗ ਦੀ ਕੋਸ਼ਿਸ਼ ਸਫਲ ਰਹੀ।

ਆਖ਼ਰਕਾਰ ਪਾਇਲਟ ਨੇ ਸੰਯਮ ਅਤੇ ਸੂਝਬੂਝ ਨਾਲ ਦੂਜੇ ਯਤਨ ਵਿੱਚ ਜਹਾਜ਼ ਨੂੰ ਸੁਰੱਖਿਅਤ ਹਲਵਾਰਾ ਦੇ ਕੌਮਾਂਤਰੀ ਹਵਾਈ ਅੱਡੇ 'ਤੇ ਉਤਾਰ ਦਿੱਤਾ, ਜਿਸ ਨਾਲ ਯਾਤਰੀਆਂ ਨੇ ਰਾਹਤ ਦਾ ਸਾਹ ਲਿਆ।

ਜਹਾਜ਼ ਦੇ ਇਕ ਯਾਤਰੀ ਅਨੁਸਾਰ ਹਵਾ ਵਿੱਚ ਦੋਹਰੀ ਅਜ਼ਮਾਇਸ਼ ਬਾਅਦ ਜਹਾਜ਼ ਜ਼ਮੀਨ 'ਤੇ ਉੱਤਰਨ ਬਾਅਦ ਯਾਤਰੀਆਂ ਨੇ ਸੁਖ ਦਾ ਸਾਹ ਲਿਆ।

# ਚੰਨੀ ਦੇ ਸ਼ਕਤੀ ਪ੍ਰਦਰਸ਼ਨ ਤੋਂ ਜਲੰਧਰ ਦੇ ਕਾਂਗਰਸੀ ਵਿਧਾਇਕਾਂ ਨੇ ਵੱਟੀ ਦੂਰੀ

ਜਲੰਧਰ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਜਲੰਧਰ ਦੇ ਲੋਕ ਸਭਾ ਮੈਂਬਰ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਅੱਜ ਮੋਰਿੰਡਾ ਸਥਿਤ ਆਪਣੇ ਗ੍ਰਹਿ ਵਿਖੇ ਕੀਤੇ ਗਏ ਵੱਡੇ ਸ਼ਕਤੀ ਪ੍ਰਦਰਸ਼ਨ ਦੌਰਾਨ ਉਨ੍ਹਾਂ ਦੇ ਆਪਣੇ ਹੀ ਸੰਸਦੀ ਹਲਕੇ (ਜਲੰਧਰ) ਦੀ ਨਿਰਾਸ਼ਾਜਨਕ ਨੁਮਾਇੰਦਗੀ ਦੇਖਣ ਨੂੰ ਮਿਲੀ। ਸੂਬਾ ਕਾਂਗਰਸ ਪ੍ਰਧਾਨ ਦਾ ਅਹੁਦਾ ਨਾ ਮਿਲਣ ਕਾਰਨ ਕਥਿਤ ਤੌਰ 'ਤੇ ਨਾਰਾਜ਼ ਚੱਲ ਰਹੇ ਚੰਨੀ ਆਪਣੇ ਗ੍ਰਹਿ ਖੇਤਰ ਦੇ ਆਗੂਆਂ ਦਾ ਸਮਰਥਨ ਜੁਟਾਉਣ ਵਿੱਚ ਨਾਕਾਮ ਸਾਬਤ ਹੋਏ ਹਨ। ਜਲੰਧਰ ਦੇ ਕਾਂਗਰਸ ਪਾਰਟੀ ਦੇ 5 ਵਿਧਾਇਕਾਂ ਵਿੱਚੋਂ ਸਿਰਫ਼ ਇੱਕ, ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਹੀ ਚੰਨੀ ਨਾਲ ਇਕਜੁੱਟਤਾ ਪ੍ਰਗਟਾਉਣ ਲਈ ਮੋਰਿੰਡਾ ਪਹੁੰਚੇ, ਜਦਕਿ ਬਾਕੀ 4 ਵਿਧਾਇਕਾਂ ਨੇ ਇਸ ਸਮਾਗਮ ਤੋਂ ਪੂਰੀ ਤਰ੍ਹਾਂ ਦੂਰੀ ਬਣਾਈ ਰੱਖੀ।



ਪਾਰਟੀ ਸੂਤਰਾਂ ਮੁਤਾਬਕ, ਚੰਨੀ ਦੇ ਇਸ ਸ਼ੋਅ ਤੋਂ ਦੂਰ ਰਹਿਣ ਵਾਲੇ ਵਿਧਾਇਕਾਂ ਵਿੱਚ ਪਰਗਟ ਸਿੰਘ, ਸੁਖਵਿੰਦਰ ਕੋਟਲੀ, ਬਾਬਾ ਹੈਨਰੀ ਅਤੇ ਬਿਕਰਮਜੀਤ ਚੌਧਰੀ ਸ਼ਾਮਲ ਹਨ। ਹੈਰਾਨੀ ਦੀ ਗੱਲ ਇਹ ਰਹੀ ਕਿ ਸਾਲ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਜਲੰਧਰ ਹਲਕੇ ਤੋਂ ਚੰਨੀ ਦੀ ਖੁੱਲ੍ਹ ਕੇ ਮਦਦ ਕਰਨ ਵਾਲੇ ਵਿਧਾਇਕ ਪਰਗਟ ਸਿੰਘ ਅਤੇ ਸੁਖਵਿੰਦਰ ਕੋਟਲੀ ਵੀ ਇਸ ਵਾਰ ਮੋਰਿੰਡਾ ਫੇਰੀ ਤੋਂ ਕਿਨਾਰਾ ਕਰ ਗਏ। ਦੂਜੇ ਪਾਸੇ, ਬਿਕਰਮਜੀਤ ਚੌਧਰੀ ਅਤੇ ਚੰਨੀ ਦੇ ਸਬੰਧ ਪਹਿਲਾਂ ਹੀ ਤਲਖ਼ ਰਹੇ ਹਨ, ਕਿਉਂਕਿ ਚੌਧਰੀ ਨੇ ਚੋਣਾਂ ਦੌਰਾਨ ਚੰਨੀ ਦੀ ਉਮੀਦਵਾਰੀ ਦਾ ਖੁੱਲ੍ਹ ਕੇ ਵਿਰੋਧ ਕੀਤਾ ਸੀ।

ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਵਿਧਾਇਕ ਬਿਕਰਮਜੀਤ ਚੌਧਰੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ, ਹਾਈਕਮਾਂਡ ਨੇ ਜੋ ਵੀ ਫੈਸਲਾ ਲਿਆ ਹੈ, ਅਸੀਂ ਪੂਰੀ ਤਰ੍ਹਾਂ ਪਾਰਟੀ ਹਾਈਕਮਾਂਡ ਦੇ ਨਾਲ ਖੜ੍ਹੇ ਹਾਂ। ਦੱਸਿਆ ਜਾ ਰਿਹਾ ਹੈ ਕਿ ਵਿਧਾਇਕ ਪਰਗਟ ਸਿੰਘ ਖੁਦ ਵੀ ਪ੍ਰਧਾਨਗੀ ਦੀ ਦੌੜ ਵਿੱਚ ਸ਼ਾਮਲ ਸਨ। ਜਲੰਧਰ ਦੇ ਕਾਂਗਰਸੀ ਆਗੂਆਂ ਦਾ ਮੰਨਣਾ ਹੈ ਕਿ ਚੰਨੀ ਪਹਿਲਾਂ ਹੀ ਸਾਂਸਦ ਹਨ ਅਤੇ ਪਾਰਟੀ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਮੌਜੂਦਾ ਸੰਸਦ ਮੈਂਬਰਾਂ ਨੂੰ ਵਿਧਾਨ ਸਭਾ ਚੋਣਾਂ ਲੜਨ ਦਾ ਮੌਕਾ ਨਹੀਂ ਦਿੱਤਾ ਜਾਵੇਗਾ। ਅਜਿਹੇ ਵਿੱਚ ਚੰਨੀ ਨੂੰ ਪਾਰਟੀ ਦੀ ਚੋਣ ਪ੍ਰਚਾਰ ਕਮੇਟੀ ਦੇ ਚੇਅਰਮੈਨ ਵਜੋਂ ਮਿਲੀ ਵੱਡੀ ਜ਼ਿੰਮੇਵਾਰੀ 'ਤੇ ਹੀ ਸੰਤੋਸ਼ ਕਰਨਾ ਚਾਹੀਦਾ ਹੈ।

ਜਲੰਧਰ ਦੇ ਕਾਂਗਰਸੀ ਖੇਮੇ ਵਿੱਚ ਇਹ ਚਰਚਾ ਵੀ ਆਮ ਹੈ ਕਿ ਚੰਨੀ ਇਸ ਵੇਲੇ ਕੇਂਦਰੀ ਜਾਂਚ ਏਜੰਸੀ ਇਨਫੋਰਸਮੈਂਟ ਡਾਇਰੈਕਟੋਰੇਟ (54) ਅਤੇ ਪੰਜਾਬ ਵਿਜੀਲੈਂਸ ਬਿਊਰੋ ਦੇ ਰਾਡਾਰ 'ਤੇ ਹਨ, ਜਿਸ ਕਾਰਨ ਪਾਰਟੀ ਨੂੰ ਕੋਈ ਵੀ ਵੱਡੀ ਜ਼ਿੰਮੇਵਾਰੀ ਦੇਣ ਤੋਂ ਪਹਿਲਾਂ ਇਨ੍ਹਾਂ ਸਾਰੇ ਤੱਥਾਂ ਨੂੰ ਧਿਆਨ ਵਿੱਚ ਰੱਖਣਾ ਪਵੇਗਾ। ਇਸ ਤੋਂ ਇਲਾਵਾ, ਜਲੰਧਰ ਦੇ ਵਿਧਾਇਕ ਐਮ.ਪੀ. ਲੈਡ ਫੰਡਾਂ ਦੀ ਵੰਡ ਦੇ ਮਾਮਲੇ ਵਿੱਚ ਵੀ ਸਾਂਸਦ ਚੰਨੀ ਵੱਲੋਂ ਉਨ੍ਹਾਂ ਨੂੰ ਭਰੋਸੇ ਵਿੱਚ ਨਾ ਲਏ ਜਾਣ ਕਾਰਨ ਅੰਦਰਖਾਤੇ ਖ਼ਫ਼ਾ ਦੱਸੇ ਜਾ ਰਹੇ ਹਨ।

ਹਾਲਾਂਕਿ, ਜਲੰਧਰ ਹਲਕੇ ਦੇ ਕੁਝ ਹੋਰ ਪ੍ਰਮੁੱਖ ਚਿਹਰੇ ਚੰਨੀ ਦੇ ਹੱਕ ਵਿੱਚ ਹਾਜ਼ਰੀ ਲਗਵਾਉਣ ਜ਼ਰੂਰ ਪਹੁੰਚੇ। ਇਹਨਾਂ ਵਿੱਚ ਨਾਕੋਦਰ ਤੋਂ ਹਲਕਾ ਇੰਚਾਰਜ ਡਾ. ਨਵਜੋਤ ਦਾਹੀਆ, ਕਰਤਾਰਪੁਰ ਤੋਂ ਰਾਜਿੰਦਰ ਸਿੰਘ, ਜਲੰਧਰ ਸੈਂਟਰਲ ਤੋਂ ਰਾਜਿੰਦਰ ਬੇਰੀ ਅਤੇ ਜਲੰਧਰ ਵੈਸਟ ਤੋਂ ਸੁਰਿੰਦਰ ਕੌਰ ਦੇ ਪੁੱਤਰ ਕਰਨ ਜਲੋਵਾਲ ਸ਼ਾਮਲ ਸਨ। ਇਸ ਦੇ ਨਾਲ ਹੀ ਸਾਬਕਾ ਵਿਧਾਇਕ ਸੁਰਿੰਦਰ ਚੌਧਰੀ ਨੇ ਵੀ ਮੋਰਿੰਡਾ ਪਹੁੰਚ ਕੇ ਚੰਨੀ ਦੇ ਸ਼ਕਤੀ ਪ੍ਰਦਰਸ਼ਨ ਦਾ ਹਿੱਸਾ ਬਣਦਿਆਂ ਆਪਣੀ ਹਮਾਇਤ ਦਰਜ ਕਰਵਾਈ।

## ਏ.ਐੱਸ.ਆਈ. ਗੁਰਲਾਲ ਸਿੰਘ ਨੇ ਜੀਆਰਪੀ ਚੌਂਕੀ ਸੁਨਾਮ ਦੇ ਇੰਚਾਰਜ ਦਾ ਅਹੁਦਾ ਸੰਭਾਲਿਆ

ਸੁਨਾਮ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

/ਸਥਾਨਕ ਸ਼ਹਿਰ ਦੀ ਜੀਆਰਪੀ ਚੌਂਕੀ ਵਿਖੇ ਅੱਜ ਏ.ਐੱਸ.ਆਈ. ਗੁਰਲਾਲ ਸਿੰਘ ਨੇ ਇੰਚਾਰਜ ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਕਿਹਾ ਕਿ ਰੇਲਵੇ ਯਾਤਰੀਆਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਰੇਲਵੇ ਖੇਤਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹਾਲ ਵਿੱਚ ਬਰਕਰਾਰ ਰੱਖਿਆ ਜਾਵੇਗਾ।ਉਨ੍ਹਾਂ ਮਾੜੇ ਅਨਸਰਾਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਟਰੇਨਾਂ ਵਿੱਚ ਚੋਰੀ-ਚਕਾਰੀ, ਲੁੱਟ-ਖੋਹ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲੇ ਕਿਸੇ ਵੀ ਵਿਅਕਤੀ ਨੂੰ ਬਿਲਕੁਲ ਵੀ ਬਖ਼ਸ਼ਿਆ ਨਹੀਂ ਜਾਵੇਗਾ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਬਾਬਾ ਲੱਖੀ ਸ਼ਾਹ ਬੰਜਾਰਾ ਜੀ ਦੀ ਜਯੰਤੀ 'ਤੇ ਕੀਤਾ ਸ਼ਰਧਾਪੂਰਵਕ ਨਮਨ



ਚੰਡੀਗੜ੍ਹ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਗੁਰੂ-ਭਗਤੀ, ਅਦੁੱਤੀ ਹਿੰਮਤ, ਤਿਆਗ ਅਤੇ ਰਾਸ਼ਟਰ-ਸੇਵਾ ਦੇ ਪ੍ਰਤੀਕ ਬਾਬਾ ਲੱਖੀ ਸ਼ਾਹ ਬੰਜਾਰਾ ਜੀ ਦੀ ਜਯੰਤੀ ਦੇ ਮੌਕੇ 'ਤੇ ਉਨ੍ਹਾਂ ਨੂੰ ਸ਼ਰਧਾਪੂਰਵਕ ਨਮਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਲੱਖੀ ਸ਼ਾਹ ਬੰਜਾਰਾ ਜੀ ਦਾ ਜੀਵਨ ਭਾਰਤੀ ਸੰਸਕ੍ਰਿਤੀ, ਗੁਰੂ-ਭਗਤੀ, ਹਿੰਮਤ ਅਤੇ ਨਿਰਸਵਾਰਥ ਸੇਵਾ ਦੀ ਅਨੋਖੀ ਮਿਸਾਲ ਹੈ।

ਉਨ੍ਹਾਂ ਨੇ ਧਰਮ, ਮਨੁੱਖਤਾ ਅਤੇ ਸੱਚ ਦੀ ਰੱਖਿਆ ਲਈ ਜੋ ਅਦੁੱਤੀ ਸਾਹਸ ਅਤੇ ਸਮਰਪਣ ਦਾ ਪ੍ਰਗਟਾਵਾ ਕੀਤਾ, ਉਹ ਸਦਾ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਸਰੋਤ ਬਣਿਆ ਰਹੇਗਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤੀ ਇਤਿਹਾਸ ਸਦਾ ਬਾਬਾ ਲੱਖੀ ਸ਼ਾਹ ਬੰਜਾਰਾ ਜੀ ਦੇ ਅਤੁੱਲ ਪਰਾਕ੍ਰਮ, ਤਿਆਗ ਅਤੇ ਸਮਰਪਣ ਦਾ ਗਵਾਹ ਰਹੇਗਾ। ਉਨ੍ਹਾਂ ਨੇ ਵਿਪਰੀਤ ਹਾਲਾਤਾਂ ਵਿੱਚ ਵੀ ਆਪਣੇ ਫਰਜ਼ ਦੀ ਪਾਲਣਾ ਕਰਦਿਆਂ ਅਦੁੱਤੀ ਬਹਾਦਰੀ ਅਤੇ ਅਟੱਲ ਆਸਥਾ ਦਾ ਪ੍ਰਗਟਾਵਾ ਕੀਤਾ, ਜੋ ਭਾਰਤੀ ਸਮਾਜ ਲਈ ਅਨਮੋਲ ਵਿਰਾਸਤ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਲੱਖੀ ਸ਼ਾਹ ਬੰਜਾਰਾ ਜੀ ਦਾ ਪ੍ਰੇਰਕ ਵਿਅਕਤਿਤਵ ਸਾਨੂੰ ਸੱਚ, ਧਰਮ ਅਤੇ ਸੇਵਾ ਦੇ ਆਦਰਸ਼ਾਂ ਦਾ ਪਾਲਣ ਕਰਦਿਆਂ ਰਾਸ਼ਟਰ-ਹਿਤ ਵਿੱਚ ਨਿਰੰਤਰ ਕੰਮ ਕਰਨ ਦੀ ਪ੍ਰੇਰਨਾ ਦਿੰਦਾ ਰਹੇਗਾ। ਉਨ੍ਹਾਂ ਦੇ ਜੀਵਨ ਦੇ ਆਦਰਸ਼ ਸਮਾਜ ਵਿੱਚ ਸਦਭਾਵਨਾ, ਸਾਹਸ, ਸੇਵਾ ਅਤੇ ਮਾਨਵਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਕੰਮ ਕਰਦੇ ਰਹਿਣਗੇ।

ਉਨ੍ਹਾਂ ਨੇ ਸੂਬਾ ਵਾਸੀਆਂ ਨੂੰ ਬਾਬਾ ਲੱਖੀ ਸ਼ਾਹ ਬੰਜਾਰਾ ਜੀ ਦੇ ਆਦਰਸ਼ਾਂ ਨੂੰ ਅਪਣਾਉਣ ਅਤੇ ਸਮਾਜ ਅਤੇ ਰਾਸ਼ਟਰ ਦੇ ਨਿਰਮਾਣ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

# ਰਾਖੀਗੜ੍ਹੀ ਵਿਸ਼ਵ ਨਕਸ਼ੇ 'ਤੇ ਭਾਰਤ ਦੀ ਪ੍ਰਾਚੀਨ ਸੱਭਿਅਤਾ ਦਾ ਸਭ ਤੋਂ ਸ਼ਕਤੀਸ਼ਾਲੀ ਪ੍ਰਤੀਕ ਬਣੇਗਾ : ਮੁੱਖ ਮੰਤਰੀ

ਚੰਡੀਗੜ੍ਹ, 5 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਰਾਖੀਗੜ੍ਹੀ ਵਿੱਚ ਵਿਕਸਤ ਕੀਤੇ ਜਾ ਰਹੇ ਵਿਸ਼ਵ ਪੱਧਰੀ ਸਾਈਟ ਮਿਊਜ਼ੀਅਮ ਅਤੇ ਇੰਟਰਪ੍ਰੇਟੇਸ਼ਨ ਸੈਂਟਰ ਦੀ ਪ੍ਰਗਤੀ ਅਤੇ ਡਿਜ਼ਾਈਨ ਨੂੰ ਲੈ ਕੇ ਉੱਚ ਪੱਧਰੀ ਸਮੀਖਿਆ ਮੀਟਿੰਗ ਵੀਰਵਾਰ ਦੇਰ ਸ਼ਾਮ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਪ੍ਰੋਜੈਕਟ ਦੇ ਹਰ ਪਹਿਲੂ ਦੀ ਵਿਸਥਾਰ ਨਾਲ ਸਮੀਖਿਆ ਕਰਦੇ ਹੋਏ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨਿਰਦੇਸ਼ ਦਿੱਤੇ ਕਿ ਇਸ ਅਭਿਲਾਸ਼ੀ ਪ੍ਰੋਜੈਕਟ ਨੂੰ ਕੌਮਾਂਤਰੀ ਮਾਪਦੰਡਾਂ ਅਨੁਸਾਰ ਵਿਕਸਤ ਕੀਤਾ ਜਾਵੇ, ਤਾਂ ਜੋ ਰਾਖੀਗੜ੍ਹੀ ਸਿਰਫ਼ ਇੱਕ ਪੁਰਾਤੱਤਵ ਸਥਲ ਹੀ ਨਹੀਂ, ਸਗੋਂ ਭਾਰਤ ਦੀ ਪ੍ਰਾਚੀਨ ਸੱਭਿਅਤਾ, ਸੱਭਿਆਚਾਰਕ ਵਿਰਾਸਤ ਅਤੇ ਗਿਆਨ ਪਰੰਪਰਾ ਦਾ ਵਿਸ਼ਵ ਕੇਂਦਰ ਬਣ ਕੇ ਉਭਰੇ।ਮੀਟਿੰਗ ਦੌਰਾਨ ਪ੍ਰਦੇਸ਼ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਵਿਰਾਸਤ ਅਤੇ ਸੈਰ-ਸਪਾਟਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਮੁੱਖ ਮੰਤਰੀ ਦੇ ਉਪ-ਪ੍ਰਧਾਨ ਸਕੱਤਰ ਡਾ. ਯਸ਼ਪਾਲ, ਹਰਿਆਣਾ ਪੁਰਾਤੱਤਵ ਅਤੇ ਅਜਾਇਬ ਘਰ ਡਾਇਰੈਕਟੋਰੇਟ ਦੇ ਉਪ ਨਿਰਦੇਸ਼ਕ ਡਾ. ਨਰਿੰਦਰ ਪਰਮਾਰ ਵੀ ਮੌਜੂਦ ਸਨ।ਰਾਖੀਗੜ੍ਹੀ ਬਾਰੇ ਆਉਣ ਵਾਲੀਆਂ ਯੋਜਨਾਵਾਂ ਬਾਰੇ ਵਿਰਾਸਤ ਅਤੇ ਸੈਰ-ਸਪਾਟਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਵਿਕਸਤ ਕੀਤੇ ਜਾ ਰਹੇ ਇੰਟਰਪ੍ਰੇਟੇਸ਼ਨ ਸੈਂਟਰ ਅਤੇ ਸਾਈਟ ਮਿਊਜ਼ੀਅਮ ਵਿੱਚ ਰਵਾਇਤੀ ਅਜਾਇਬ ਘਰ ਦੀ ਧਾਰਨਾ ਤੋਂ ਅੱਗੇ ਵਧਦੇ ਹੋਏ ਅਤਿ-ਆਧੁਨਿਕ ਡਿਜੀਟਲ, ਇਲੈਕਟ੍ਰਾਨਿਕ, ਆਡੀਓ-ਵਿਜ਼ੂਅਲ ਦੀ ਵਰਤੋਂ ਕੀਤੀ ਜਾਵੇਗੀ। ਸੈਲਾਨੀ ਸਿਰਫ਼ ਪੁਰਾਣੇ ਅਵਸ਼ੇਸ਼ਾਂ ਨੂੰ ਦੇਖਣਗੇ ਹੀ ਨਹੀਂ, ਸਗੋਂ ਆਧੁਨਿਕ ਤਕਨੀਕ ਰਾਹੀਂ ਉਸ ਕਾਲ ਦੀ ਜੀਵਨ ਸ਼ੈਲੀ, ਸੱਭਿਆਚਾਰ ਅਤੇ ਸਮਾਜਿਕ ਵਿਵਸਥਾ ਦਾ ਅਨੁਭਵ ਵੀ ਕਰ ਸਕਣਗੇ।ਉਨ੍ਹਾਂ ਨੇ ਦੱਸਿਆ ਕਿ ਲਗਭਗ 1 ਲੱਖ ਵਰਗ ਫੁੱਟ ਰਕਬੇ ਵਿੱਚ ਇਹ ਵਿਕਸਤ ਕੀਤਾ ਜਾ ਰਿਹਾ ਹੈ। ਇਸ ਦੇ ਗਰਾਊਂਡ ਫਲੋਰ ਅਤੇ ਪਹਿਲੀ ਮੰਜ਼ਿਲ 'ਤੇ ਪੰਜ-ਪੰਜ ਵਿਸ਼ਾ ਆਧਾਰਿਤ ਗੈਲਰੀਆਂ ਬਣਾਈਆਂ ਜਾਣਗੀਆਂ, ਜਿਨ੍ਹਾਂ ਵਿੱਚ ਸਰਸਵਤੀ-ਸਿੰਧੂ ਸੱਭਿਅਤਾ ਦੇ ਵੱਖ-ਵੱਖ ਪਹਿਲੂਆਂ ਨੂੰ ਆਧੁਨਿਕ ਤਕਨੀਕ ਰਾਹੀਂ ਪੇਸ਼ ਕੀਤਾ ਜਾਵੇਗਾ। ਇਨ੍ਹਾਂ ਗੈਲਰੀਆਂ ਵਿੱਚ ਰਾਖੀਗੜ੍ਹੀ ਦੇ ਸੱਤਾਂ ਟਿੱਲਿਆਂ ਦਾ ਵਿਸਥਾਰਪੂਰਵਕ ਜਾਣ-ਪਛਾਣ, ਵੱਖ-ਵੱਖ ਪੜਾਵਾਂ ਵਿੱਚ ਹੋਏ ਪੁਰਾਤੱਤਵ ਖੁਦਾਈ, ਪ੍ਰਾਪਤ ਮਹੱਤਵਪੂਰਨ ਅਵਸ਼ੇਸ਼, ਨਗਰ ਨਿਯੋਜਨ, ਰਿਹਾਇਸ਼ ਵਿਵਸਥਾ, ਗਲੀਆਂ, ਜਲ ਨਿਕਾਸੀ ਪ੍ਰਣਾਲੀ, ਜਲ ਪ੍ਰਬੰਧਨ, ਅੰਨ ਭੰਡਾਰਨ, ਵਪਾਰਕ ਗਤੀਵਿਧੀਆਂ, ਜੀਵਿਕਾ, ਸਮਾਜਿਕ ਜੀਵਨ ਅਤੇ ਉਸ ਸਮੇਂ ਦੀਆਂ ਤਕਨੀਕੀ ਅਤੇ ਸੱਭਿਆਚਾਰਕ ਪ੍ਰਾਪਤੀਆਂ ਨੂੰ ਆਕਰਸ਼ਕ ਅਤੇ ਵਿਗਿਆਨਕ ਤਰੀਕੇ ਨਾਲ ਪ੍ਰਦਰਸ਼ਿਤ ਕੀਤਾ ਜਾਵੇਗਾ।

## ਸੰਪਾਦਕੀ

# ਉਮਰ ਕੈਦ ਦੀ ਸਜ਼ਾ ਸੁਣਾਉਣ ਵਾਲੀ ਜੱਜ ਨੂੰ ਸੋਸ਼ਲ ਮੀਡੀਆ 'ਤੇ ਲਗਾਤਾਰ ਮਿਲ ਰਹੀਆਂ ਧਮਕੀਆਂ

ਬੀਤੇ ਦਿਨੀਂ ਮੱਧ ਪ੍ਰਦੇਸ਼ ਵਿੱਚ ਹਜੂਮੀ ਹੱਤਿਆ ਦੇ ਇੱਕ ਮਾਮਲੇ ਵਿੱਚ ਸੱਤ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਉਣ ਵਾਲੀ ਜੱਜ ਨੂੰ ਸੋਸ਼ਲ ਮੀਡੀਆ 'ਤੇ ਲਗਾਤਾਰ ਧਮਕੀਆਂ ਅਤੇ ਗਾਲ਼ੀ-ਗਲੋਚ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ ਤਬੱਸੁਮ ਖ਼ਾਨ ਨੂੰ ਡਰਾਉਣ-ਧਮਕਾਉਣ ਅਤੇ ਬਦਨਾਮ ਕਰਨ ਦੀਆਂ ਇਹ ਕੋਸ਼ਿਸ਼ਾਂ ਸਿੱਧਾ ਕਾਨੂੰਨ ਦੇ ਰਾਜ 'ਤੇ ਹਮਲਾ ਹਨ। ਅਫ਼ਸੋਸ ਦੀ ਗੱਲ ਇਹ ਹੈ ਕਿ ਜੱਜ ਤਬੱਸੁਮ ਖ਼ਾਨ ਨੂੰ ਉਸ ਦੀ ਧਾਰਮਿਕ ਪਛਾਣ ਕਰਕੇ ਵੀ ਨਿਸ਼ਾਨਾ ਬਣਾਇਆ ਗਿਆ ਹੈ। ਨਫ਼ਰਤਬਾਜ਼ਾਂ ਦੀ ਇਸ ਹਿੰਮਤ ਨੇ ਸਾਡੀ ਸੰਵਿਧਾਨਕ ਵਿਵਸਥਾ ਦੀ ਇੱਕ ਖ਼ਤਰਨਾਕ ਤਰੇੜ ਨੂੰ ਜੱਗ-ਜ਼ਾਹਿਰ ਕਰ ਦਿੱਤਾ ਹੈ। ਭਾਵੇਂ ਇਸ ਮਾਮਲੇ ਵਿੱਚ ਐੱਫ ਆਈ ਆਰ ਦਰਜ ਕਰਕੇ ਜੱਜ ਦੀ ਸੁਰੱਖਿਆ ਵਧਾ ਦਿੱਤੀ ਗਈ ਹੈ, ਫਿਰ ਵੀ ਇਹ ਸਵਾਲ ਖੜ੍ਹਾ ਹੁੰਦਾ ਹੈ ਕਿ ਕੀ ਸਾਡੀ ਜਮਹੂਰੀਅਤ ਉਨ੍ਹਾਂ ਲੋਕਾਂ ਦੀ ਰਾਖੀ ਕਰਨ ਦੇ ਯੋਗ ਹੈ, ਜੋ ਬਿਨਾਂ ਕਿਸੇ ਡਰ ਦੇ ਇਨਸਾਫ਼ ਦੀ ਕੁਰਸੀ 'ਤੇ ਬੈਠ ਕੇ ਆਪਣੀ ਡਿਊਟੀ ਨਿਭਾਅ ਰਹੇ ਹਨ? ਜੱਜ ਤਬੱਸੁਮ ਖ਼ਾਨ ਨੇ ਪੁਖ਼ਤਾ ਸਬੂਤਾਂ ਦੇ ਆਧਾਰ 'ਤੇ ਇਹ ਫ਼ੈਸਲਾ ਸੁਣਾਇਆ ਹੈ, ਜਿਨ੍ਹਾਂ ਤੋਂ ਸਾਬਿਤ ਹੋਇਆ ਸੀ ਕਿ ਦੋਸ਼ੀਆਂ ਨੇ 2022 ਵਿੱਚ ਗਊ ਤਸਕਰੀ ਦੇ ਸ਼ੱਕ ਵਿੱਚ ਇੱਕ ਟਰੱਕ ਡਰਾਈਵਰ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ ਸੀ। ਜਿਹੜੇ ਲੋਕ ਇਸ ਫ਼ੈਸਲੇ ਤੋਂ ਸੰਤੁਸ਼ਟ ਨਹੀਂ ਹਨ, ਉਨ੍ਹਾਂ ਕੋਲ ਉੱਚ ਅਦਾਲਤ ਵਿੱਚ ਅਪੀਲ ਕਰਨ ਦਾ ਕਾਨੂੰਨੀ ਹੱਕ ਹੈ, ਪਰ ਕਿਸੇ ਨੂੰ ਵੀ ਧਮਕੀਆਂ ਦੇਣ ਜਾਂ ਫ਼ਿਰਕੂ ਪ੍ਰਚਾਰ ਕਰਨ ਦਾ ਕੋਈ ਹੱਕ ਨਹੀਂ। ਅਦਾਲਤੀ ਫ਼ੈਸਲੇ ਨੂੰ ਜੱਜ ਦੇ ਧਰਮ ਨਾਲ ਜੋੜਨ ਦੀ ਇਹ ਕੋਝੀ ਚਾਲ ਬੇਹੱਦ ਚਿੰਤਾਜਨਕ ਹੈ। ਅਦਾਲਤਾਂ ਕਿਸੇ ਭਾਈਚਾਰੇ ਨੂੰ ਸਜ਼ਾ ਨਹੀਂ ਦਿੰਦੀਆਂ ਸਗੋਂ ਕਾਨੂੰਨ ਮੁਤਾਬਿਕ ਗੁਨਾਹਗਾਰ ਸਾਬਿਤ ਹੋਏ ਵਿਅਕਤੀ ਨੂੰ ਸਜ਼ਾ ਦਿੰਦੀਆਂ ਹਨ। ਫ਼ੈਸਲਿਆਂ ਨੂੰ ਫ਼ਿਰਕੂ ਰੰਗ ਦੇਣਾ ਅਦਾਲਤਾਂ ਦੀ ਨਿਰਪੱਖਤਾ ਤੇ ਜਨਤਾ ਦੇ ਵਿਸ਼ਵਾਸ ਨੂੰ ਖੋਰਾ ਲਾਉਂਦਾ ਹੈ। ਨਿਆਂ ਦੀ ਇਸ ਮਾਰ ਹੇਠੋਂ ਹੁਣ ਸੇਵਾਮੁਕਤ ਜੱਜ ਵੀ ਨਹੀਂ ਬਚ ਰਹੇ। ਬੌਂਬੇ ਹਾਈ ਕੋਰਟ ਦੇ ਜੱਜ ਗੌਤਮ ਪਟੇਲ ਵੱਲੋਂ ਦੋ ਸਾਲ ਪਹਿਲਾਂ ਸੁਣਾਏ ਇੱਕ ਫ਼ੈਸਲੇ ਕਰਕੇ ਅੱਜ ਵੀ ਉਨ੍ਹਾਂ ਨੂੰ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਜੇਕਰ ਇਨਸਾਫ਼ ਕਰਨ ਵਾਲਿਆਂ ਨੂੰ ਆਪਣੀ ਅਤੇ ਆਪਣੇ ਪਰਿਵਾਰ ਦੀ ਸੁਰੱਖਿਆ ਦਾ ਡਰ ਸਤਾਉਣ ਲੱਗ ਪਵੇ ਤਾਂ ਨਿਆਂਪਾਲਿਕਾ ਦੀ ਆਜ਼ਾਦੀ ਖ਼ਤਰੇ ਵਿੱਚ ਪੈ ਜਾਂਦੀ ਹੈ। ਅਜਿਹੀਆਂ ਧਮਕੀਆਂ ਦੇਣ, ਨਫ਼ਰਤੀ ਮੁਹਿੰਮਾਂ ਚਲਾਉਣ ਅਤੇ ਅਫ਼ਵਾਹਾਂ ਫੈਲਾਉਣ ਵਾਲਿਆਂ ਦੀ ਪਛਾਣ ਕਰ ਕੇ ਉਨ੍ਹਾਂ ਖ਼ਿਲਾਫ਼ ਤੁਰੰਤ ਕਾਨੂੰਨੀ ਸ਼ਿਕੰਜਾ ਕੱਸਿਆ ਜਾਣਾ ਚਾਹੀਦਾ ਹੈ। ਇਸ ਮੌਕੇ ਕੇਂਦਰ ਤੇ ਸੂਬਾਈ ਸਰਕਾਰਾਂ, ਸਿਆਸੀ ਪਾਰਟੀਆਂ ਅਤੇ ਨਿਆਂਪਾਲਿਕਾ ਵੱਲੋਂ ਇਕਸੁਰ ਹੋ ਕੇ ਸਖ਼ਤ ਸੁਨੇਹਾ ਦੇਣਾ ਸਮੇਂ ਦੀ ਮੁੱਖ ਲੋੜ ਹੈ। ਅਜਿਹੇ ਮਾਮਲਿਆਂ 'ਤੇ ਚੁੱਪ ਧਾਰਨੀ, ਟਾਲ-ਮਟੋਲ ਕਰਨੀ ਜਾਂ ਸਹੂਲਤ ਮੁਤਾਬਿਕ ਆਵਾਜ਼ ਬੁਲੰਦ ਕਰਨੀ ਸਿਰਫ਼ ਉਨ੍ਹਾਂ ਸ਼ਰਾਰਤੀ ਅਨਸਰਾਂ ਦੇ ਹੌਸਲੇ ਹੀ ਬੁਲੰਦ ਕਰਦੀ ਹੈ, ਜਿਨ੍ਹਾਂ ਨੂੰ ਲੱਗਦਾ ਹੈ ਕਿ ਉਹ ਡਰਾ-ਧਮਕਾ ਕੇ ਇਨਸਾਫ਼ ਨੂੰ ਬਦਲ ਸਕਦੇ ਹਨ। ਜੱਜਾਂ ਦੀ ਸੁਰੱਖਿਆ ਕੋਈ ਨਿੱਜੀ ਵੀ ਆਈ ਪੀ ਸਹੂਲਤ ਨਹੀਂ ਸਗੋਂ ਸਾਡੇ ਗਣਤੰਤਰ ਦੀ ਰਾਖੀ ਲਈ ਇੱਕ ਸੰਵਿਧਾਨਕ ਜ਼ਿੰਮੇਵਾਰੀ ਹੈ।

# ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਔਨਲਾਈਨ ਮਾਧਿਅਮ ਨਾਲ ਪੂਰੇ ਪੰਜਾਬ ਵਿਚ ਕਰਵਾਈ ਸ਼ੁਰੂਆਤ

**ਫਾਜ਼ਿਲਕਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਅੱਜ ਖੁਦ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਸੰਗਰੂਰ ਦੇ ਧੂਰੀ ਤੋਂ ਇਸ ਯੋਜਨਾ ਦੀ ਸ਼ੁਰੂਆਤ ਕੀਤੀ।

ਇਸ ਯੋਜਨਾ ਦੇ ਸ਼ੁਰੂਆਤ ਕਾਰਜ ਵਿੱਚ ਫਾਜ਼ਿਲਕਾ ਦੇ ਵਿਧਾਇਕ ਸ੍ਰੀ. ਨਰਿੰਦਰਪਾਲ ਸਿੰਘ ਸਵਨਾ ਵੀਡੀਓ ਕਾਨਫਰਸਿੰਗ (ਆਨਲਾਈਨ ਮਾਧਿਅਮ) ਰਾਹੀਂ ਜੁੜੇ।



ਇਸੇ ਤਹਿਤ ਹੀ ਅੱਜ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵੱਲੋਂ ਫਾਜ਼ਿਲਕਾ ਦੇ ਸਿਟੀ ਗਾਰਡਨ ਪੈਲੇਸ ਵਿਖੇ ਹਲਕੇ ਦੀਆਂ ਮਹਿਲਾਵਾਂ ਲਈ ਰੱਖੇ ਪ੍ਰੋਗਰਾਮ ਦੌਰਾਨ ਹਲਕੇ ਦੀਆਂ ਹਜ਼ਾਰਾਂ ਮਹਿਲਾਵਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਯੋਜਨਾ ਦੇ ਤਹਿਤ ਮਾਵਾਂ-ਭੈਣਾਂ ਦੇ ਖਾਤਿਆਂ 'ਚ 3 ਮਹੀਨਿਆਂ ਦੇ ਪੈਸੇ ਆਉਣੇ ਸ਼ੁਰੂ ਹੋ ਗਏ ਹਨ ਜੋ ਕਿ ਜਨਰਲ ਵਰਗ ਦੀਆਂ ਮਹਿਲਾਵਾਂ ਦੇ 3 ਹਜ਼ਾਰ ਅਤੇ ਐੱਸ.ਸੀ. ਵਰਗ ਨਾਲ ਸਬੰਧਿਤ ਮਹਿਲਾਵਾਂ ਦੇ 45 ਹਜ਼ਾਰ ਰੁਪਏ ਬਣਦੇ ਹਨ।

ਉਨ੍ਹਾਂ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ ਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜੋ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹੈ ਤੇ ਸਰਕਾਰ ਵੱਲੋਂ ਹਲਕੇ ਦੇ ਵਿਕਾਸ ਲਈ ਵੀ ਫੰਡਾਂ ਦੀ ਝੜੀ ਲਗਾ ਦਿੱਤੀ ਗਈ ਹੈ।

ਇਸ ਮੌਕੇ ਵਿਧਾਇਕ ਦੇ ਪਿਤਾ ਸ. ਖਜਾਨ ਸਿੰਘ, ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ, ਮਹਿਲਾ ਵਿੰਗ ਦੇ ਜਿਲ੍ਹਾ ਪ੍ਰਧਾਨ ਅਲਕਾ ਜੁਨੇਜਾ, ਹਲਕਾ ਪ੍ਰਧਾਨ ਮੰਜੂ ਸੇਤੀਆ, ਕੌਂਸਲਰ ਸੋਮਾ ਰਾਣੀ, ਕੌਂਸਲਰ ਮੋਨਿਕਾ, ਕੌਂਸਲਰ ਰੂਪਾ ਰਾਣੀ, ਕੌਂਸਲਰ ਸੁਨੀਲ ਮੈਨੀ, ਅਨਿਲ ਸੇਠੀ, ਡਾ. ਰਮੇਸ਼ ਵਰਮਾ, ਬਲਾਕ ਪ੍ਰਧਾਨ ਸ਼ਿਵ ਜਜੋਰੀਆ, ਸੰਦੀਪ ਚਲਾਣਾ, ਕ੍ਰਿਸ਼ਨ ਕੰਬੋਜ, ਦਲੀਪ ਸਹਾਰਨ, ਕਰਨੈਲ ਸਿੰਘ, ਡਾ. ਅੰਗਰੇਜ ਸਿੰਘ, ਸਵਰਨ ਸਿੰਘ, ਡਾ. ਰਾਜ ਸਿੰਘ, ਭਜਨ ਕੰਬੋਜ, ਅਮਰੀਕ ਸਿੰਘ, ਗੁਰਪਾਲ ਸਿੰਘ, ਧਰਮਵੀਰ, ਕ੍ਰਿਸ਼ਨ ਬੈਨੀਵਾਲ ਤੋਂ ਇਲਾਵਾ ਵੱਡੀ ਗਿਣਤੀ ਵਿਚ ਸਰਪੰਚ, ਪੰਚ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸੰਮਤੀ ਮੈਂਬਰ, ਵਾਰਡ ਇੰਚਾਰਜ ਅਤੇ ਸੀਨੀਅਰ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਮਹਿਲਾਵਾਂ ਹਾਜ਼ਰ ਸਨ

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਪਸ਼ੂਆਂ ਨੂੰ ਸੜਕਾਂ ਤੇ ਜਨਤਕ ਥਾਵਾਂ 'ਤੇ ਛੱਡਣ 'ਤੇ ਪਾਬੰਦੀ

**ਜਲੰਧਰ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਗਏ ਹਨ ਕਿ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਪੈਂਦੇ ਹਲਕੇ ਵਿੱਚ ਕੋਈ ਵੀ ਵਿਅਕਤੀ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ ਅਤੇ ਜਨਤਕ ਥਾਵਾਂ 'ਤੇ ਨਹੀਂ ਛੱਡੇਗਾ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਕਿਸੇ ਵਿਅਕਤੀ ਨੇ ਇਸ ਬਾਰੇ ਸੂਚਨਾ ਸਾਂਝੀ ਕਰਨੀ ਹੈ ਤਾਂ ਵਟਸਐਪ ਨੰਬਰ 96462-22555 'ਤੇ ਲੋਕੇਸ਼ਨ ਅਤੇ ਫੋਟੋ ਭੇਜ ਕੇ ਕਰ ਸਕਦੇ ਹਨ।

ਇਹ ਹੁਕਮ ਜਾਰੀ ਹੋਣ ਦੀ ਮਿਤੀ ਤੋਂ ਅਗਲੇ ਤੋਂ 2 ਮਹੀਨੇ ਤੱਕ ਲਾਗੂ ਰਹੇਗਾ।

# ਐਸਜੀਪੀਸੀ ਨੇ ਭਾਈ ਮਰਦਾਨਾ ਦੇ ਵੰਸ਼ਜ਼ਾਂ ਨੂੰ ਭੇਜੀ 1 ਲੱਖ ਰੁਪਏ ਦੀ ਸਹਾਇਤਾ ਰਾਸ਼ੀ

**ਅੰਮ੍ਰਿਤਸਰ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੀਤੇ ਗਏ ਇਕ ਫੈਸਲੇ ਅਨੁਸਾਰ ਭਾਈ ਮਰਦਾਨਾ ਦੇ ਵੰਸ਼ਜ਼ਾਂ ਨੂੰ ਹਰ ਮਹੀਨੇ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿੱਚੋਂ 21 ਹਜ਼ਾਰ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਕੀਤੀ ਹੋਈ ਹੈ। ਇਸ ਮਤੇ ਦੀ ਰੌਸ਼ਨੀ ਵਿਚ ਪ੍ਰਵਾਨਤ ਮਹੀਨਾਵਾਰ ਸਹਾਇਤਾ ਰਾਸ਼ੀ ਬੀਤੇ ਦਿਨੀਂ ਪਾਕਿਸਤਾਨ ਗਏ ਸਿੱਖ ਸ਼ਰਧਾਲੂਆਂ ਦੇ ਜਥੇ ਦੇ ਆਗੂ ਸ਼੍ਰੋਮਣੀ ਕਮੇਟੀ ਮੈਂਬਰ ਖ਼ੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਜਿੰਦਰ ਕੌਰ ਤੇ ਮੀਤ ਸਕੱਤਰ ਅਜ਼ਾਦਦੀਪ ਸਿੰਘ ਨੇ ਭਾਈ ਮਰਦਾਨਾ ਦੇ ਵੰਸ਼ਜ਼ ਭਾਈ ਲਾਲ ਤੇ ਸਾਥੀਆਂ ਨੂੰ ਸੌਂਪੀ ਗਈ। ਇਹ ਜੱਥਾ ਬੀਤੇ ਕੱਲ 30 ਜੂਨ ਨੂੰ ਵਾਪਸ ਭਾਰਤ ਪਰਤਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਅਜ਼ਾਦਦੀਪ ਸਿੰਘ ਨੇ ਦੱਸਿਆ ਕਿ ਭਾਈ ਮਰਦਾਨਾ ਦੇ ਵੰਸ਼ਜ਼ ਜੋ ਕੀਰਤਨ ਕਲਾ ਨਾਲ ਅੱਜ ਵੀ ਜੁੜੇ ਹੋਏ ਹਨ, ਨੂੰ ਸ਼੍ਰੋਮਣੀ ਕਮੇਟੀ ਨੇ 21 ਹਜ਼ਾਰ ਰੁਪਏ ਮਹੀਨਾ ਸਹਾਇਤਾ ਦੇਣ ਦਾ ਫੈਸਲਾ ਕੀਤਾ ਸੀ।

ਇਸ ਤਹਿਤ ਸਮੇਂ ਸਮੇਂ ਇਹ ਸਹਾਇਤਾ ਪਾਕਿਸਤਾਨ ਵਸਦੇ ਇਸ ਪਰਿਵਾਰ ਨੂੰ ਦਿੱਤੀ ਜਾਂਦੀ ਹੈ। ਸ਼੍ਰੋਮਣੀ ਕਮੇਟੀ ਵਲੋਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਣ ਗਏ ਜਥੇ ਦੇ ਆਗੂਆਂ ਨੇ ਬਣਦੀ 1 ਲੱਖ ਰੁਪਏ ਦੀ ਭਾਰਤੀ ਕਰੰਸੀ ਸਹਾਇਤਾ ਰੂਪ ਵਿਚ ਦਿੱਤੀ ਹੈ।

ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਨਨਕਾਣਾ ਸਾਹਿਬ, ਗੁਰਦੁਆਰਾ ਪੰਜਾ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਲਾਹੌਰ, ਸਮਾਧ ਮਹਾਰਾਜਾ ਰਣਜੀਤ ਸਿੰਘ ਤੇ ਹੋਰ ਗੁਰਧਾਮਾਂ ਲਈ ਨਿਸ਼ਾਨ ਸਾਹਿਬ ਦੇ 7 ਨਵੇਂ ਚੋਲ਼ਾ ਸਾਹਿਬ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਨੂੰ ਸੌਂਪੇ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਸਿੰਘ ਅਰੋੜਾ ਤੇ ਹੋਰ ਅਹੁਦੇਦਾਰਾਂ ਤੋਂ ਇਲਾਵਾ ਈ.ਟੀ.ਬੀ.ਪੀ. ਦੇ ਅਧਿਕਾਰੀਆਂ ਨੂੰ ਮੈਂਬਰ ਖ਼ੁਸ਼ਵਿੰਦਰ ਸਿੰਘ ਭਾਟੀਆ ਵੱਲੋਂ ਲੋਈਆਂ, ਕਿਰਪਾਨਾਂ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਸ਼੍ਰੋਮਣੀ ਕਮੇਟੀ ਵੱਲੋਂ ਜਥੇ ਲਈ ਹਰ ਪ੍ਰਕਾਰ ਦੇ ਕੀਤੇ ਸੁਚੱਜੇ ਪ੍ਰਬੰਧਾਂ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਸ਼੍ਰੋਮਣੀ ਕਮੇਟੀ ਨੇ ਆਸ ਪ੍ਰਗਟਾਈ ਕਿ ਭਵਿੱਖ ਵਿਚ ਵੀ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਈ.ਟੀ.ਬੀ.ਪੀ. ਗੁਰਦੁਆਰਿਆਂ ਦੇ ਦਰਸ਼ਨਾਂ ਲਈ ਭਾਰਤ ਤੋਂ ਜਾਣ ਵਾਲੇ ਯਾਤਰੂਆਂ ਲਈ ਇਕ ਦੂਜੇ ਨਾਲ ਸਹਿਯੋਗ ਕਰਦੇ ਰਹਿਣਗੇ।

# ਪੈਸਿਆਂ ਨੂੰ ਲੈ ਕੇ ਮਾਂ ਨਾਲ ਬਹਿਸ ਦੌਰਾਨ ਗੁਟਕਾ ਸਾਹਿਬ ਦੀ ਬੇਅਦਬੀ ਕਰਨ ਦੇ ਦੋਸ਼ 'ਚ ਵਿਅਕਤੀ ਗ੍ਰਿਫ਼ਤਾਰ

**ਅੰਮ੍ਰਿਤਸਰ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਵਿੱਚ ਇੱਕ ਵਿਅਕਤੀ ਨੂੰ ਪੈਸਿਆਂ ਨੂੰ ਲੈ ਕੇ ਆਪਣੀ ਮਾਂ ਨਾਲ ਹੋਈ ਬਹਿਸ ਦੌਰਾਨ ਕਥਿਤ ਤੌਰ 'ਤੇ ਗੁਟਕਾ ਸਾਹਿਬ ਖੋਹਣ ਅਤੇ ਉਸ ਦੀ ਬੇਅਦਬੀ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ।

ਪੁਲੀਸ ਅਨੁਸਾਰ ਇਹ ਘਟਨਾ ਵੇਰਕਾ ਇਲਾਕੇ ਵਿੱਚ ਵਾਪਰੀ, ਜਿੱਥੇ ਬੀ ਐੱਨ ਐੱਸ ਦੀ ਧਾਰਾ 299 ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਮੁਲਜ਼ਮ ਦੀ ਪਛਾਣ ਹਰਦੀਪ ਸਿੰਘ ਉਰਫ਼ ਸੋਨੂ ਵਜੋਂ ਹੋਈ ਹੈ।

ਆਪਣੀ ਸ਼ਿਕਾਇਤ ਵਿੱਚ ਮੁਲਜ਼ਮ ਦੀ ਮਾਂ ਅਮਰਜੀਤ ਕੌਰ, ਜੋ ਕਿ ਘਰਾਂ ਵਿੱਚ ਕੰਮ ਕਰਦੀ ਹੈ, ਨੇ ਦੋਸ਼ ਲਾਇਆ ਕਿ ਉਸ ਦਾ ਪੁੱਤਰ ਲੰਮੇ ਸਮੇਂ ਤੋਂ ਨਸ਼ੇ ਦਾ ਆਦੀ ਸੀ ਅਤੇ ਅਕਸਰ ਉਸ ਤੋਂ ਪੈਸਿਆਂ ਦੀ ਮੰਗ ਕਰਦਾ ਰਹਿੰਦਾ ਸੀ। 29 ਜੂਨ ਦੀ ਸ਼ਾਮ ਨੂੰ ਜਦੋਂ ਉਹ ਆਪਣੇ ਘਰ ਦੇ ਬਾਹਰ ਬੈਠ ਕੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰ ਰਹੀ ਸੀ, ਤਾਂ ਹਰਦੀਪ ਨੇ ਕਥਿਤ ਤੌਰ 'ਤੇ ਉਸ ਤੋਂ ਪੈਸੇ ਮੰਗੇ। ਜਦੋਂ ਉਸ ਨੇ ਮਨ੍ਹਾ ਕਰ ਦਿੱਤਾ, ਤਾਂ ਉਹ ਕਥਿਤ ਤੌਰ 'ਤੇ ਗੁੱਸੇ ਵਿੱਚ ਆ ਗਿਆ, ਉਸ ਦੇ ਹੱਥਾਂ ਵਿੱਚੋਂ ਗੁਟਕਾ ਸਾਹਿਬ ਖੋਹ ਲਿਆ ਅਤੇ ਇਸ ਦੇ ਅੰਗ ਪਾੜ ਦਿੱਤੇ, ਜਿਸ ਨਾਲ ਕਥਿਤ ਬੇਅਦਬੀ ਹੋਈ।

ਘਟਨਾ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਿਆ। ਔਰਤ ਨੇ ਆਪਣੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕੀਤਾ ਅਤੇ ਬਾਅਦ ਵਿੱਚ ਵੇਰਕਾ ਪੁਲੀਸ ਕੋਲ ਸ਼ਿਕਾਇਤ ਦਰਜ ਕਰਵਾਈ।

ਤੁਰੰਤ ਕਾਰਵਾਈ ਕਰਦਿਆਂ ਪੁਲੀਸ ਨੇ ਐੱਫ ਆਈ ਆਰ ਦਰਜ ਕਰਕੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ। ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਦੀ ਧਾਰਮਿਕ ਸੰਵੇਦਨਸ਼ੀਲਤਾ ਨੂੰ ਮੁੱਖ ਰੱਖਦਿਆਂ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ।

ਏ ਸੀ ਪੀ ( ਰਵਿੰਦਰ ਸਿੰਘ ਅਤੇ ਐੱਸ ਐੱਚ ਓ ਵੇਰਕਾ ਸੁਮਨਦੀਪ ਕੌਰ ਨੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸ ਨੂੰ ਨਿਆਇਕ ਹਿਰਾਸਤ (ਜੇਲ੍ਹ) ਵਿੱਚ ਭੇਜ ਦਿੱਤਾ ਗਿਆ ਹੈ।

# ਸਰਕਾਰੀ ਜਾਇਦਾਦਾ 'ਤੇ ਨਹੀਂ ਲੱਗਣਗੇ ਪੋਸਟਰ



**ਪਟਿਆਲਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਾਹੀ ਸ਼ਹਿਰ ਪਟਿਆਲਾ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਗ਼ੈਰ-ਕਾਨੂੰਨੀ ਇਸ਼ਤਿਹਰਬਾਜ਼ੀ ਤੋਂ ਮੁਕਤ ਬਣਾਉਣ ਲਈ ਨਗਰ ਨਿਗਮ ਨੇ ਡੀ-ਫੇਸਮੈਂਟ ਐਕਟ ਤਹਿਤ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ ਹੈ। ਇਸ ਤਹਿਤ ਸਰਕਾਰੀ ਇਮਾਰਤਾਂ, ਕੰਧਾਂ, ਬਿਜਲੀ ਦੇ ਖੰਭਿਆਂ, ਪੁਲਾਂ ਅਤੇ ਹੋਰ ਜਨਤਕ ਸੰਪੱਤੀਆਂ 'ਤੇ ਬਿਨਾਂ ਮਨਜ਼ੂਰੀ ਲਾਏ ਗਏ ਪੋਸਟਰਾਂ, ਬੈਨਰਾਂ, ਹੋਰਡਿੰਗਾਂ ਅਤੇ ਇਸ਼ਤਿਹਾਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਨਗਰ ਨਿਗਮ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਨੇ ਦੱਸਿਆ ਕਿ ਇਸ ਮੁਹਿੰਮ ਦਾ ਆਗਾਜ਼ ਕਰਦਿਆਂ ਨਿਗਮ ਦੀਆਂ ਟੀਮਾਂ ਵੱਲੋਂ ਅੱਜ ਵਿਸ਼ੇਸ਼ ਚੈਕਿੰਗ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਦੌਰਾਨ ਸਰਕਾਰੀ ਸੰਪੱਤੀਆਂ 'ਤੇ ਲੱਗੇ ਗੈਰ-ਕਾਨੂੰਨੀ ਪੋਸਟਰਾਂ ਅਤੇ ਇਸ਼ਤਿਹਾਰਾਂ ਦੀ ਪਛਾਣ ਕਰ ਕੇ ਹਟਾਇਆ ਗਿਆ।

ਉਨ੍ਹਾਂ ਦੱਸਿਆ ਕਿ ਅੱਜ ਦੀ ਮੁਹਿੰਮ ਦੌਰਾਨ ਫੁਹਾਰਾ ਚੌਂਕ, ਛੋਟੀ ਬਾਰਾਦਰੀ, ਟੀ ਵੀ ਹਸਪਤਾਲ, ਲਾਹੌਰੀ ਗੇਟ, ਪੁਰਾਣਾ ਬੱਸ ਸਟੈਂਡ, ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ, 21 ਨੰਬਰ ਫਾਟਕ ਅਤੇ ਲੀਲਾ ਭਵਨ ਦੇ ਆਲੇ-ਦੁਆਲੇ ਸਰਕਾਰੀ ਸੰਪੱਤੀਆਂ 'ਤੇ ਲੱਗੇ ਗ਼ੈਰ-ਕਾਨੂੰਨੀ ਪੋਸਟਰਾਂ ਅਤੇ ਹੋਰਡਿੰਗਾਂ ਨੂੰ ਹਟਾਇਆ ਗਿਆ। ਨਾਲ ਹੀ ਅਜਿਹੇ ਵਿਅਕਤੀਆਂ, ਸੰਸਥਾਵਾਂ ਅਤੇ ਵਪਾਰਕ ਅਦਾਰਿਆਂ ਦੀ ਸੂਚੀ ਵੀ ਤਿਆਰ ਕੀਤੀ ਜਾ ਰਹੀ ਹੈ, ਜਿਨ੍ਹਾਂ ਵੱਲੋਂ ਬਿਨਾਂ ਇਜਾਜ਼ਤ ਸਰਕਾਰੀ ਪ੍ਰਾਪਰਟੀ ਦੀ ਵਰਤੋਂ ਪ੍ਰਚਾਰ ਲਈ ਕੀਤੀ ਗਈ ਹੈ।

# ਸ਼੍ਰੋਮਣੀ ਕਵੀਸ਼ਰ ਕਰਨੈਲ ਸਿੰਘ ਪਾਰਸ ਨੂੰ ਯਾਦ ਕੀਤਾ

**ਪਟਿਆਲਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਸ਼ਾ ਵਿਭਾਗ ਪੰਜਾਬ ਵੱਲੋਂ ਭਾਸ਼ਾ ਭਵਨ ਦੇ ਓਪਨ ਏਅਰ ਥੀਏਟਰ, ਪਟਿਆਲਾ ਵਿੱਚ ਸ਼੍ਰੋਮਣੀ ਕਵੀਸ਼ਰ ਕਰਨੈਲ ਸਿੰਘ ਪਾਰਸ ਦੀ ਯਾਦ ਨੂੰ ਸਮਰਪਿਤ ਕਵੀਸ਼ਰੀ ਸਮਾਗਮ ਕਰਵਾਇਆ ਗਿਆ। ਸਮਾਗਮ ਦੇ ਸ਼ੁਰੂ ਵਿੱਚ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਜੀ ਆਇਆਂ ਕਿਹਾ। ਮੁੱਖ ਵਕਤਾ ਵਜੋਂ ਪਹੁੰਚੇ ਡਾ. ਜਸਵਿੰਦਰ ਸ਼ਰਮਾ, ਸਹਾਇਕ ਪ੍ਰੋਫ਼ੈਸਰ ਸਰਕਾਰੀ ਕਿਰਤੀ ਕਾਲਜ ਨਿਆਲ, ਪਾਤੜਾਂ ਨੇ ਕਿਹਾ ਕਿ ਕਰਨੈਲ ਸਿੰਘ ਪਾਰਸ ਆਪਣੀ ਘਾਲਣਾ, ਹੌਸਲੇ ਤੇ ਲਗਾਤਾਰਤਾ ਕਾਰਨ ਸੱਚਮੁੱਚ ਹੀ ਪਾਰਸ ਸਨ ਜਿਨ੍ਹਾਂ ਕਿੰਨੀਆਂ ਹੀ ਪੀੜ੍ਹੀਆਂ ਨੂੰ ਕਵੀਸ਼ਰੀ ਦੀ ਜਾਗ ਲਾਈ। ਉਨ੍ਹਾਂ ਕਰਨੈਲ ਪਾਰਸ ਦੇ ਗੁਰੂ ਸ਼ਾਗਿਰਦਗੀ ਦਾ ਕੁਰਸੀਨਾਮਾ ਵੀ ਸਾਂਝਾ ਕੀਤਾ। ਸਮਾਗਮ ਦੌਰਾਨ ਪਹੁੰਚੇ ਕਵੀਸ਼ਰੀ ਜਥਿਆਂ ਵਿੱਚੋਂ ਮੇਵਾ ਸਿੰਘ ਪਾਲੀਆ, ਡਾ. ਸੰਪੂਰਨ ਸਿੰਘ ਟੱਲੇਵਾਲੀਆ ਅਤੇ ਹਰਵਿੰਦਰ ਸਿੰਘ ਰੋਡੇ ਤੇ ਸਾਥੀਆਂ ਵੱਲੋਂ ਧਾਰਮਿਕ, ਨੈਤਿਕ, ਇਤਿਹਾਸਕ ਅਤੇ ਸਮਕਾਲੀ ਪ੍ਰਸੰਗਾਂ ਨਾਲ ਸਬੰਧਤ ਕਵੀਸ਼ਰੀ ਗਾਈ ਗਈ। ਇਸ ਮੌਕੇ ਕਰਨੈਲ ਸਿੰਘ ਪਾਰਸ ਦੇ ਸ਼ਾਗਿਰਦ ਅਤੇ ਗਾਇਕ ਹਰਭਜਨ ਮਾਨ ਨੇ ਆਪਣੇ ਜੀਵਨ ਵਿਕਾਸ ਵਿੱਚ ਪਾਰਸ ਸਾਹਿਬ ਦੀ ਭੂਮਿਕਾ ਬਾਰੇ ਵਿਚਾਰ ਸਾਂਝੇ। ਇਸ ਮੌਕੇ ਉਨ੍ਹਾਂ ਆਪਣੇ ਪੁੱਤਰ ਅਵਕਾਸ਼ ਸਿੰਘ ਨਾਲ 'ਜੱਗ ਜੰਕਸ਼ਨ ਰੇਲਾਂ ਦਾ' ਕਵੀਸ਼ਰੀ ਵੀ ਗਾਈ।

ਇਸ ਮੌਕੇ ਦਿਲਬਾਗ ਚਹਿਲ ਨੇ ਬਾਬੂ ਸਿੰਘ ਮਾਨ ਦੇ ਗੀਤ 'ਜਿਹੜੇ ਮਿਰਜ਼ੇ ਨੇ ਵਰਤੇ ਹੀ ਨਾ ਉਨ੍ਹਾਂ ਤੀਰਾਂ ਦਾ ਕੀ ਕਰਨਾ' ਦਾ ਗਾਇਨ ਕੀਤਾ। ਸਮਾਗਮ ਦੌਰਾਨ ਪੰਜਾਬੀ ਦੇ ਵਿਭਾਗੀ ਰਸਾਲੇ ਜਨ ਸਾਹਿਤ ਦਾ ਗੁਰਮੇਲ ਕੌਰ ਜੋਸ਼ੀ ਵਿਸ਼ੇਸ਼ ਅੰਕ ਲੋਕ ਅਰਪਣ ਕੀਤਾ ਗਿਆ। ਅਖੀਰ ਵਿੱਚ ਮੁੱਖ ਬੁਲਾਰੇ, ਮੁੱਖ ਮਹਿਮਾਨ ਅਤੇ ਕਵੀਸ਼ਰ ਜਥਿਆਂ ਦਾ ਵਿਭਾਗੀ ਸ਼ਾਲਾਂ ਅਤੇ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨ ਕੀਤਾ ਗਿਆ। ਸਮਾਗਮ ਵਿੱਚ ਮੰਚ ਸੰਚਾਲਕ ਦੀ ਭੂਮਿਕਾ ਖੋਜ ਅਫ਼ਸਰ ਡਾ. ਮਨਜਿੰਦਰ ਸਿੰਘ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਪ੍ਰੋ. ਕਿਰਪਾਲ ਕਜ਼ਾਕ, ਦਰਸ਼ਨ ਬੁੱਟਰ, ਪ੍ਰੋ. ਬਲਕਾਰ ਸਿੰਘ, ਡਾ. ਬਲਬੀਰ ਕੌਰ ਪੰਧੇਰ, ਅਵਤਾਰਜੀਤ, ਨਿਧੜਕ ਸਿੰਘ ਬਰਾੜ, ਇੰਜ. ਹਰਜੀਤ ਸਿੰਘ ਸਾਬਕਾ ਡਾਇਰੈਕਟਰ, ਸਾਬਕਾ ਡਿਪਟੀ ਡਾਇਰੈਕਟਰ ਸਤਨਾਮ ਸਿੰਘ, ਪਟਿਆਲਾ ਦੇ ਕੁਝ ਅਧਿਕਾਰੀ ਤੇ ਸਿਖਿਆਰਥੀ ਵੀ ਸ਼ਾਮਲ ਹੋਏ।

# ਸਰਕਾਰ ਨੇ ਲੈਕਚਰਾਰਾਂ ਦੀ ਭਰਤੀ 'ਚ ਰਾਖਵਾਂਕਰਨ ਖ਼ਤਮ ਕੀਤਾ: ਛੜਬੜ

**ਰਾਜਪੁਰਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬਹੁਜਨ ਸਮਾਜ ਪਾਰਟੀ (ਬਸਪਾ) ਦੇ ਸੂਬਾ ਜਨਰਲ ਸਕੱਤਰ ਜਗਜੀਤ ਸਿੰਘ ਛੜਬੜ ਨੇ ਦੋਸ਼ ਲਾਇਆ ਹੈ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦਲਿਤ ਅਤੇ ਪਛੜੇ ਵਰਗਾਂ ਦੇ ਸੰਵਿਧਾਨਕ ਹੱਕਾਂ ਨੂੰ ਨਜ਼ਰ-ਅੰਦਾਜ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ 25 ਜੂਨ ਨੂੰ ਪੰਜਾਬੀ, ਕੈਮਿਸਟਰੀ, ਇਕਨੌਮਿਕਸ, ਕਾਮਰਸ, ਫ਼ਿਜ਼ਿਕਸ, ਭੂਗੋਲ ਸਮੇਤ ਹੋਰ ਵਿਸ਼ਿਆਂ ਲਈ ਕਰੀਬ 1000 ਲੈਕਚਰਾਰ ਅਸਾਮੀਆਂ ਦੀ ਭਰਤੀ ਵਿੱਚ ਐੱਸ ਸੀ ਅਤੇ ਪਛੜੇ ਵਰਗਾਂ ਲਈ ਰਾਖਵਾਂਕਰਨ ਨਹੀਂ ਰੱਖਿਆ ਗਿਆ ਸੀ, ਜੋ ਸੰਵਿਧਾਨਕ ਨੇਮਾਂ ਦੀ ਉਲੰਘਣਾ ਹੈ। ਸ੍ਰੀ ਛੜਬੜ ਨੇ ਕਿਹਾ ਕਿ ਇਹ ਪਹਿਲਾ ਮਾਮਲਾ ਨਹੀਂ ਹੈ।

ਇਸ ਤੋਂ ਪਹਿਲਾਂ ਐਡਵੋਕੇਟ ਜਨਰਲ ਅਤੇ ਵੈਟਰਨਰੀ ਅਫ਼ਸਰਾਂ ਦੀ ਭਰਤੀ ਦੌਰਾਨ ਵੀ ਰਾਖਵਾਂਕਰਨ ਨੂੰ ਲੈ ਕੇ ਵਿਵਾਦ ਉੱਠ ਚੁੱਕਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰੀ ਵਿੱਦਿਅਕ ਅਦਾਰਿਆਂ ਵਿੱਚ ਗੈਸਟ ਫੈਕਲਟੀ ਅਤੇ ਕੰਟਰੈਕਟ ਅਧਿਆਪਕਾਂ ਦੀਆਂ ਭਰਤੀਆਂ ਵਿੱਚ ਵੀ ਰਾਖਵਾਂਕਰਨ ਦੀ ਪਾਲਣਾ ਨਹੀਂ ਕੀਤੀ ਜਾ ਰਹੀ, ਜਿਸ ਨਾਲ ਯੋਗ ਉਮੀਦਵਾਰਾਂ ਨਾਲ ਅਨਿਆਂ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਸਪਾ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ 3 ਜੁਲਾਈ ਨੂੰ ਸੂਬੇ ਭਰ ਦੇ ਜ਼ਿਲ੍ਹਾ ਮੁੱਖ ਦਫ਼ਤਰਾਂ ਅੱਗੇ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਡਿਪਟੀ ਕਮਿਸ਼ਨਰਾਂ ਰਾਹੀਂ ਸਰਕਾਰ ਨੂੰ ਮੈਮੋਰੰਡਮ ਸੌਂਪਿਆ ਜਾਵੇਗਾ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਰਾਖਵਾਂਕਰਨ ਤੁਰੰਤ ਬਹਾਲ ਨਾ ਕੀਤਾ ਗਿਆ ਤਾਂ ਬਸਪਾ ਵੱਲੋਂ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।

# 'ਧੀਆਂ ਦੇ ਸਿਰਤਾਜ ਮਾਪੇ' ਸਕੀਮ ਨਾਲ ਧੀਆਂ ਦੇ ਸਨਮਾਨ ਨੂੰ ਮਿਲੇਗੀ ਨਵੀਂ ਪਛਾਣ



**ਬਠਿੰਡਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਵਿੱਚੋਂ ਲੜਕਾ-ਲੜਕੀ ਦੇ ਭੇਦਭਾਵ ਨੂੰ ਖਤਮ ਕਰਕੇ ਧੀਆਂ ਦੇ ਸਨਮਾਨ ਨੂੰ ਨਵੀਂ ਉਚਾਈ ਦੇਣ ਲਈ ਗ੍ਰਾਮ ਪੰਚਾਇਤ ਬੱਲ੍ਹੋ ਨੇ ਇੱਕ ਇਤਿਹਾਸਕ ਅਤੇ ਨਿਵੇਕਲਾ ਫੈਸਲਾ ਲੈਂਦਿਆਂ 'ਧੀਆਂ ਦੇ ਸਿਰਤਾਜ ਮਾਪੇ' ਸਕੀਮ ਦੀ ਸ਼ੁਰੂਆਤ ਕੀਤੀ ਹੈ।

ਹਾੜੀ ਰੁੱਤ ਦੇ ਵਿਸ਼ੇਸ਼ ਆਮ ਇਜਲਾਸ ਦੌਰਾਨ ਪਾਸ ਕੀਤੇ ਗਏ ਇਸ ਮਤੇ ਨੂੰ ਸਮਾਜਿਕ ਸੋਚ ਵਿੱਚ ਸਕਾਰਾਤਮਿਕ ਬਦਲਾਅ ਲਿਆਉਣ ਵੱਲ ਇੱਕ ਅਹਿਮ ਕਦਮ ਮੰਨਿਆ ਜਾ ਰਹੀ ਹੈ। ਪਿੰਡ ਦੀ ਆਧੁਨਿਕ ਯੂਥ ਲਾਇਬਰੇਰੀ ਵਿਖੇ ਹੋਈ ਇਸ ਮੀਟਿੰਗ ਦੀ ਪ੍ਰਧਾਨਗੀ ਸਰਪੰਚ ਅਮਰਜੀਤ ਕੌਰ ਨੇ ਕੀਤੀ, ਜਿਸ ਵਿੱਚ ਗ੍ਰਾਮ ਸਭਾ ਦੇ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।

ਗ੍ਰਾਮ ਸਭਾ ਵੱਲੋਂ ਸਰਬਸੰਮਤੀ ਨਾਲ ਪਾਸ ਕੀਤੇ ਗਏ ਮਤੇ ਅਨੁਸਾਰ, ਜਿਨ੍ਹਾਂ ਪਰਿਵਾਰਾਂ ਵਿੱਚ ਸਿਰਫ਼ ਦੋ ਜਾਂ ਦੋ ਤੋਂ ਵੱਧ ਧੀਆਂ ਹਨ ਅਤੇ ਕੋਈ ਪੁੱਤਰ ਨਹੀਂ ਹੈ, ਉਨ੍ਹਾਂ ਮਾਤਾ-ਪਿਤਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਕੇ 'ਚੰਗੇ ਨਾਗਰਿਕ' ਦਾ ਰੁਤਬਾ ਦਿੱਤਾ ਜਾਵੇਗਾ। ਅਜਿਹੇ ਪਰਿਵਾਰਾਂ ਨੂੰ ਹਰ ਸਾਲ 'ਕੌਮਾਂਤਰੀ ਮਹਿਲਾ ਦਿਵਸ' ਮੌਕੇ ਸਨਮਾਨਿਤ ਕੀਤਾ ਜਾਵੇਗਾ ਅਤੇ ਪਿੰਡ ਦੀ ਯੂਥ ਲਾਇਬਰੇਰੀ ਵਿੱਚ ਸਥਾਪਿਤ ਕੀਤੇ ਜਾਣ ਵਾਲੇ 'ਗੌਰਵ ਬੋਰਡ' 'ਤੇ ਉਨ੍ਹਾਂ ਦੇ ਨਾਮ ਸੁਨਹਿਰੀ ਅੱਖਰਾਂ ਵਿੱਚ ਦਰਜ ਕੀਤੇ ਜਾਣਗੇ। ਇਸ ਤੋਂ ਇਲਾਵਾ ਇਨ੍ਹਾਂ ਪਰਿਵਾਰਾਂ ਨੂੰ ਪੰਚਾਇਤ ਦੇ ਵਿਕਾਸ ਕਾਰਜਾਂ ਅਤੇ ਸਰਕਾਰੀ ਭਲਾਈ ਸਕੀਮਾਂ ਵਿੱਚ ਪਹਿਲ ਦੇ ਆਧਾਰ 'ਤੇ ਤਰਜੀਹ ਦਿੱਤੀ ਜਾਵੇਗੀ।

ਇਸ ਮੌਕੇ ਸਰਪੰਚ ਅਮਰਜੀਤ ਕੌਰ ਨੇ ਕਿਹਾ ਕਿ ਧੀਆਂ ਕਿਸੇ ਵੀ ਖੇਤਰ ਵਿੱਚ ਪੁੱਤਰਾਂ ਨਾਲੋਂ ਘੱਟ ਨਹੀਂ ਹਨ, ਸਗੋਂ ਉਹ ਰੱਬ ਦੀ ਦਿੱਤੀ ਸਭ ਤੋਂ ਵੱਡੀ ਨਿਆਮਤ ਹਨ। ਉਨ੍ਹਾਂ ਕਿਹਾ ਕਿ ਜਦੋਂ ਸਿਰਫ ਧੀਆਂ ਵਾਲੇ ਮਾਪਿਆਂ ਨੂੰ ਪਿੰਡ ਵਿੱਚ ਸਭ ਤੋਂ ਉੱਚਾ ਸਨਮਾਨ ਮਿਲੇਗਾ, ਤਾਂ ਸਮਾਜ ਵਿੱਚ ਧੀਆਂ ਪ੍ਰਤੀ ਸੋਚ ਆਪਣੇ ਆਪ ਬਦਲੇਗੀ।

ਉਨ੍ਹਾਂ ਕਿਹਾ ਕਿ ਪੰਚਾਇਤ ਬੱਲ੍ਹੋ ਉੱਚੀ ਸੋਚ ਅਤੇ ਸਮਾਜਿਕ ਬਰਾਬਰੀ ਦੇ ਆਧਾਰ 'ਤੇ ਪੰਜਾਬ ਦਾ ਨੰਬਰ-ਵਨ ਮਾਡਲ ਪਿੰਡ ਬਣਾਉਣ ਲਈ ਵਚਨਬੱਧ ਹੈ।

# ਮਜ਼ਦੂਰਾਂ ਵੱਲੋਂ ਨਗਰ ਪੰਚਾਇਤ ਦਫ਼ਤਰ ਅੱਗੇ ਧਰਨਾ



**ਘੱਗਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਜਵਾਨ ਭਾਰਤ ਸਭਾ ਦੀ ਅਗਵਾਈ ਹੇਠ ਇੱਥੋਂ ਦੀਆਂ ਝੁੱਗੀਆਂ ਵਿੱਚ ਰਹਿੰਦੇ ਮਜ਼ਦੂਰ ਪਰਿਵਾਰਾਂ ਨੇ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਹੱਕ 'ਚ ਨਗਰ ਪੰਚਾਇਤ ਘੱਗਾ ਦੇ ਦਫ਼ਤਰ ਪਹੁੰਚ ਕੇ ਰੋਸ ਧਰਨਾ ਦਿੱਤਾ।

ਧਰਨਾਕਾਰੀਆਂ ਨੇ ਨਗਰ ਪੰਚਾਇਤ ਪ੍ਰਸ਼ਾਸਨ ਨੂੰ ਮੰਗ ਪੱਤਰ ਦੇਣ ਦੀ ਕੋਸ਼ਿਸ਼ ਕੀਤੀ, ਪਰ ਨਗਰ ਪੰਚਾਇਤ ਦਫ਼ਤਰ ਵੱਲੋਂ ਇਹ ਲੈਣ ਤੋਂ ਇਨਕਾਰ ਕਰ ਦਿੱਤਾ ਗਿਆ। ਇਸ ਤੋਂ ਬਾਅਦ ਰੋਸ ਵਜੋਂ ਨੌਜਵਾਨ ਭਾਰਤ ਸਭਾ ਦੇ ਆਗੂਆਂ ਅਤੇ ਮਜ਼ਦੂਰ ਪਰਿਵਾਰਾਂ ਨੇ ਮੰਗ ਪੱਤਰ ਨਗਰ ਪੰਚਾਇਤ ਦਫ਼ਤਰ ਦੀ ਕੰਧ 'ਤੇ ਚਿਪਕਾ ਦਿੱਤਾ ਅਤੇ ਪ੍ਰਸ਼ਾਸਨ ਦੇ ਇਸ ਰਵੱਈਏ ਦੀ ਨਿਖੇਧੀ ਕੀਤੀ।

ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਨੇ ਕਿਹਾ ਕਿ ਘੱਗਾ ਵਿੱਚ ਪਿਛਲੇ ਕਈ ਦਹਾਕਿਆਂ ਤੋਂ ਰਹਿ ਰਹੇ ਮਜ਼ਦੂਰ ਪਰਿਵਾਰ ਆਪਣੇ ਬੁਨਿਆਦੀ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹਨ।

ਆਗੂਆਂ ਹਰਿੰਦਰ ਸੈਣੀਮਾਜਰਾ, ਗੁਰਦੀਪ ਕਲਵਾਣੂ, ਗੁਰਦੀਪ ਆਜ਼ਾਦ ਅਤੇ ਰਾਹੁਲ ਸਿੰਘ ਨੇ ਕਿਹਾ ਕਿ ਮਜ਼ਦੂਰ ਪਰਿਵਾਰਾਂ ਨੂੰ ਰਹਿਣ ਲਈ ਪੱਕੇ ਘਰ, ਯੋਗ ਮੁਆਵਜ਼ਾ ਅਤੇ ਹੋਰ ਬੁਨਿਆਦੀ ਸਹੂਲਤਾਂ ਦਿੱਤੀਆਂ ਜਾਣ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਨੌਜਵਾਨ ਭਾਰਤ ਸਭਾ ਮਜ਼ਦੂਰ ਪਰਿਵਾਰਾਂ ਨੂੰ ਨਾਲ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ।

ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਘੱਗਾ ਕਮੇਟੀ ਦੇ ਮੈਂਬਰ ਅਤੇ ਮਜਦੂਰ ਪਰਿਵਾਰ ਸ਼ਾਮਲ ਹੋਏ।

# ਅਮਰਨਾਥ ਯਾਤਰਾ 'ਤੇ ਜਾ ਰਹੇ ਚਾਰ ਸ਼ਰਧਾਲੂਆਂ ਦੀ ਮੌਤ, ਸੱਤ ਜ਼ਖ਼ਮੀ



**ਬਠਿੰਡਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬਠਿੰਡਾ-ਡੱਬਵਾਲੀ ਕੌਮੀ ਰਾਜਮਾਰਗ 'ਤੇ ਪਿੰਡ ਗੁਰੂਸਰ ਸੈਣੇਵਾਲਾ ਨੇੜੇ ਅੱਜ ਤੜਕੇ ਕਰੀਬ 5:30 ਵਜੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਕਾਰਨ ਚਾਰ ਸ਼ਰਧਾਲੂਆਂ ਦੀ ਮੌਤ ਹੋ ਗਈ ਹੈ। ਰਾਜਸਥਾਨ ਦੇ ਬਾੜਮੇਰ ਜ਼ਿਲ੍ਹੇ ਤੋਂ ਆ ਰਹੇ ਸ਼ਰਧਾਲੂਆਂ ਨਾਲ ਭਰਿਆ ਇੱਕ ਮੈਟਾਡੋਰ (ਟੈਂਪੂ ਟਰੈਵਲਰ) ਸੜਕ ਕਿਨਾਰੇ ਖੜ੍ਹੇ ਟਰੱਕ ਨਾਲ ਜਾ ਟਕਰਾਇਆ। ਟੱਕਰ ਇੰਨੀ ਭਿਆਨਕ ਸੀ ਕਿ ਮੈਟਾਡੋਰ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਹਾਦਸੇ ਵਿੱਚ ਚਾਰ ਸ਼ਰਧਾਲੂਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਸੱਤ ਹੋਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਮੁੱਢਲੀ ਜਾਣਕਾਰੀ ਅਨੁਸਾਰ ਮੈਟਾਡੋਰ ਵਿੱਚ ਸਵਾਰ ਸ਼ਰਧਾਲੂ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਨਤਮਸਤਕ ਹੋਣ ਅਤੇ ਉਸ ਤੋਂ ਬਾਅਦ ਸ੍ਰੀ ਅਮਰਨਾਥ ਯਾਤਰਾ ਲਈ ਰਵਾਨਾ ਹੋਏ ਸਨ। ਜਦੋਂ ਉਨ੍ਹਾਂ ਦਾ ਵਾਹਨ ਗੁਰੂਸਰ ਸੈਣੇਵਾਲਾ ਨੇੜੇ ਪਹੁੰਚਿਆ ਤਾਂ ਅਗਿਆਤ ਕਾਰਨਾਂ ਕਰਕੇ ਸੜਕ ਕਿਨਾਰੇ ਖੜ੍ਹੇ ਟਰੱਕ ਨਾਲ ਜਾ ਟਕਰਾਇਆ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸਹਾਰਾ ਜਨ ਸੇਵਾ ਅਤੇ ਨੌਜਵਾਨ ਵੈਲਫੇਅਰ ਸੁਸਾਇਟੀ ਦੀਆਂ ਟੀਮਾਂ, ਪੁਲੀਸ ਅਤੇ ਐਂਬੂਲੈਂਸਾਂ ਮੌਕੇ ਤੇ ਪਹੁੰਚ ਗਈਆਂ। ਬਚਾਅ ਕਰਮਚਾਰੀਆਂ ਨੇ ਕਾਫ਼ੀ ਮੁਸ਼ੱਕਤ ਤੋਂ ਬਾਅਦ ਮੈਟਾਡੋਰ(ਟੈਂਪੂ ਟਰੈਵਲਰ) ਵਿੱਚ ਫਸੇ ਲੋਕਾਂ ਨੂੰ ਬਾਹਰ ਕੱਢਿਆ। ਮ੍ਰਿਤਕਾਂ ਦੀਆਂ ਦੇਹਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਬਠਿੰਡਾ ਭੇਜਿਆ ਗਿਆ, ਜਦਕਿ ਸਾਰੇ ਸੱਤ ਜ਼ਖ਼ਮੀਆਂ ਨੂੰ ਇਲਾਜ ਲਈ ਏਮਜ਼ ਬਠਿੰਡਾ ਵਿੱਚ ਦਾਖ਼ਲ ਕਰਵਾਇਆ ਗਿਆ।

ਪੁਲੀਸ ਨੇ ਮੌਕੇ ਤੇ ਪਹੁੰਚ ਕੇ ਹਾਦਸੇ ਸਬੰਧੀ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕਾਂ ਦੀ ਪਛਾਣ ਕਰਨ ਅਤੇ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਅਗਲੀ ਕਾਰਵਾਈ ਜਾਰੀ ਹੈ। ਇਸ ਹਾਦਸੇ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।

# ਡੇਅਰੀ ਮਾਲਕਾਂ ਖ਼ਿਲਾਫ਼ ਸ਼ਿਕੰਜਾ ਕੱਸਿਆ ਜਾਵੇ: ਸੀਚੇਵਾਲ

**ਲੁਧਿਆਣਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਨਗਰ ਨਿਗਮ ਜ਼ੋਨ ਡੀ ਦਫ਼ਤਰ ਵਿੱਚ ਬੁੱਢਾ ਦਰਿਆ ਪੁਨਰ ਸੁਰਜੀਤੀ ਪ੍ਰਾਜੈਕਟ ਦੀ ਸਮੀਖਿਆ ਕਰਨ ਲਈ ਮੀਟਿੰਗ ਕੀਤੀ ਅਤੇ ਬੁੱਢੇ ਦਰਿਆ ਵਿੱਚ ਗੋਹਾ ਸੁੱਟਣ ਵਾਲੇ ਡੇਅਰੀ ਮਾਲਕਾਂ ਖ਼ਿਲਾਫ਼ ਸ਼ਿਕੰਜਾ ਕੱਸਣ ਲਈ ਡੇਅਰੀ ਮਾਲਕਾਂ 'ਤੇ ਵਾਤਾਵਰਨ ਮੁਆਵਜ਼ਾ ਲਗਾਉਣ ਦੀ ਤਜਵੀਜ਼ ਰੱਖੀ।

ਸੰਤ ਸੀਚੇਵਾਲ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਡੇਅਰੀ ਮਾਲਕਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਅਤੇ ਲੋੜ ਪੈਣ 'ਤੇ ਵਾਤਾਵਰਨ ਮੁਆਵਜ਼ਾ ਲਗਾਉਣ ਤਾਂ ਜੋ ਉਨ੍ਹਾਂ ਨੂੰ ਬੁੱਢੇ ਦਰਿਆ ਵਿੱਚ ਗੋਹਾ ਸੁੱਟਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸੀਮਾ ਦੇ ਅੰਦਰ ਜਾਂ ਬਾਹਰ ਦਰਿਆ ਵਿੱਚ ਕੂੜਾ ਸੁੱਟਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਵੀ ਇਸੇ ਤਰ੍ਹਾਂ ਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਇਸ ਤੋਂ ਇਲਾਵਾ ਉਲੰਘਣਾ ਕਰਨ ਵਾਲਿਆਂ ਦੇ ਬਿਜਲੀ ਕੁਨੈਕਸ਼ਨ ਕੱਟਣ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।

# ਸਿਹਤ ਲਈ ਗੁਣਕਾਰੀ ਖਜੂਰ

ਦੁਨੀਆ ਦਾ ਸਭ ਤੋਂ ਪੁਰਾਣਾ ਦਰਖ਼ਤ ਖਜੂਰ। ਇਸ ਦੀ ਖੇਤੀ ਸਭ ਤੋਂ ਪਹਿਲਾਂ ਤਕਰੀਬਨ 10, 000 ਪਹਿਲਾਂ ਸਾਊਥ ਅਰਬ 'ਚ ਕੀਤੀ ਗਈ ਸੀ। ਇਸਲਾਮ ਧਰਮ 'ਚ ਇਸ ਦਰਖ਼ਤ ਨੂੰ ਬਹੁਤ ਜ਼ਿਆਦੀ ਮਹੱਤਤਾ ਦਿੱਤੀ ਜਾਂਦੀ ਹੈ। ਇਸਲਾਮ ਧਰਮ 'ਚ ਹਰ ਕੋਈ ਵਿਅਕਤੀ ਆਪਣਾ ਰੋਜ਼ ਖਜੂਰ ਖਾ ਕੇ ਖੋਲ੍ਹ ਦੇ ਹਨ। ਖਜੂਰ 'ਚ ਅਨੇਕਾਂ ਪ੍ਰਕਾਰ ਦੇ ਗੁਣ ਪਾਏ ਜਾਂਦੇ ਹਨ ਜਿਵੇਂ- ਕੈਲਸ਼ੀਅਮ, ਆਇਰਨ, ਫਾਸਫੋਰਸ, ਸੋਡੀਅਮ ਆਦਿ ਤੱਤਾਂ ਨਾਲ ਭਰਪੂਰ। ਖਜੂਰ ਕੋਲੈਸਟ੍ਰੋਲ ਮੁਕਤ ਹੁੰਦੀ ਹੈ। ਆਓ ਜਾਣਦੇ ਹਾਂ ਇਸ ਦੇ ਫ਼ਾਇਦੇ

### ਕਬਜ਼ ਤੋਂ ਰਾਹਤ

ਖਜੂਰ ਨੂੰ ਲੈਕਸਟਿਵ ਫੂਡ ਦੀ ਸ਼੍ਰੇਣੀ 'ਚ ਰੱਖਿਆ ਜਾਂਦਾ ਹੈ। ਇਸ 'ਚ ਬਹੁਤ ਜ਼ਿਆਦਾ ਮਾਤਰਾ 'ਚ ਘੁਲਣਸ਼ੀਲ ਫਾਇਬਰ ਪਾਏ ਜਾਂਦੇ ਹਨ, ਜੋ ਪਾਚਨ ਕਿਰਿਆ ਨੂੰ ਠੀਕ ਰੱਖਦੇ ਹਨ। ਇਸ ਕਰਕੇ ਕਬਜ਼ ਦੀ ਸਮੱਸਿਆ ਤੋਂ ਰਾਹਤ ਪਾਉਣ ਲਈ ਖਜੂਰ ਦਾ ਸੇਵਨ ਕੀਤਾ ਜਾਂਦਾ ਹੈ। ਖਜੂਰ ਦਾ ਭਰਪੂਰ ਫ਼ਾਇਦਾ ਚੁਕਣ ਲਈ ਸਾਰੀ ਰਾਤ ਇਨ੍ਹਾਂ ਨੂੰ ਪਾਣੀ 'ਚ ਡੋਬ ਕੇ ਰੱਖਣਾ ਚਾਹੀਦਾ ਹੈ ਤੇ ਸਵੇਰੇ ਪਾਣੀ ਦੇ ਨਾਲ ਇਸ ਦਾ ਸੇਵਨ ਕਰੋ।

### ਖ਼ੂਨ ਦੀ ਘਾਟ ਤੋਂ ਨਿਜਾਤ

ਖਜੂਰ 'ਚ ਆਇਰਨ ਕਾਫ਼ੀ ਮਾਤਰਾ 'ਚ ਪਾਇਆ ਜਾਂਦਾ ਹੈ। ਇਹ ਖ਼ੂਨ 'ਚ ਆਇਰਨ ਦੀ ਮਾਤਰਾ ਨੂੰ ਵਧਾਉਂਦਾ ਹੈ। ਇਸ ਲਈ ਐਨੀਮੀਆ ਭਾਵ ਖ਼ੂਨ ਦੀ ਘਾਟ ਨੂੰ ਪੂਰਾ ਕਰਨ ਲਈ ਖਜੂਰ ਦਾ ਸੇਵਨ ਕੀਤਾ ਜਾਂਦਾ ਹੈ।

### ਐਲਰਜੀ ਤੋਂ ਛੁਟਕਾਰਾ

ਇਸ 'ਚ ਔਰਗੈਨਿਕ ਸਲਫਰ ਪਾਇਆ ਜਾਂਦਾ ਹੈ, ਜੋ ਬਹੁਤ ਘੱਟ ਖਾਦ ਪਦਾਰਥਾਂ 'ਚ ਮੌਜੂਦ ਹੈ। ਇਹ ਮੌਸਮੀ ਐਲਰਜੀ ਦੇ ਖ਼ਤਰੇ ਨੂੰ ਘੱਟ ਕਰਦਾ ਹੈ।

### ਹੱਡੀਆਂ ਨੂੰ ਮਜ਼ਬੂਤ ਕਰਨਾ

ਖਜੂਰ 'ਚ ਭਰਪੂਰ ਮਾਤਰਾ 'ਚ ਪੋਟਾਸ਼ੀਅਮ ਤੇ ਬਹੁਤ ਘੱਟ ਮਾਤਰਾ 'ਚ ਸੋਡੀਅਮ ਪਾਇਆ ਜਾਂਦਾ ਹੈ। ਇਸ ਲਈ ਇਹ ਸਾਡੇ ਨਰਵਸ ਸਿਸਟਮ ਤੇ ਹੱਡੀਆਂ ਨੂੰ ਮਜ਼ਬੂਤ ਕਰਨ 'ਚ ਮਦਦ ਕਰਦੇ ਹੈ।



# ਹਲਕਾਅ: ਜਾਨਵਰਾਂ ਤੇ ਮਨੁੱਖਾਂ ਦੀ ਖ਼ਤਰਨਾਕ ਬਿਮਾਰੀ

ਮੁਨੀਸ਼ ਕੁਮਾਰ



ਹਲਕਾਅ ਨੂੰ ਅੰਗਰੇਜ਼ੀ ਭਾਸ਼ਾ ਵਿਚ ਰੇਬੀਜ਼ ਵੀ ਆਖਦੇ ਹਨ। ਇਕ ਭਿਆਨਕ ਬਿਮਾਰੀ ਹੈ ਜੋ ਜਾਨਵਰ ਅਤੇ ਮਨੁੱਖ ਦੋਵਾਂ ਨੂੰ ਪ੍ਰਭਾਵਿਤ ਕਰਦੀ ਹੈ। ਇਹ ਇਕ ਵਿਸ਼ਾਣੂ ਰੋਗ ਹੈ, ਜੋ ਪ੍ਰਭਾਵਿਤ ਜਾਨਵਰ ਅਤੇ ਮਨੁੱਖ ਦੇ ਦਿਮਾਗ਼ ਦੀਆਂ ਨਾੜੀਆਂ ਨੂੰ ਸੋਜ਼ਿਸ਼ ਕਰ ਦਿੰਦਾ ਹੈ। ਜੇ ਕਿਸੇ ਮਨੁੱਖ ਜਾਂ ਜਾਨਵਰ ਅੰਦਰ ਇਕ ਵਾਰੀ ਇਸ ਰੋਗ ਦੇ ਲੱਛਣ ਪੈਦਾ ਹੋ ਜਾਣ ਤਾਂ ਇਹ ਰੋਗ ਜਾਨਲੇਵਾ ਸਿੱਧ ਹੁੰਦਾ ਹੈ ਕਿਉਂਕਿ ਹਲਕਾਅ ਦਾ ਕੋਈ ਇਲਾਜ ਅਜੇ ਤਕ ਸੰਭਵ ਨਹੀਂ ਹੈ। ਇਸ ਲਈ ਇਸ ਰੋਗ ਤੋਂ ਬਚਾਅ ਦਾ ਇੱਕੋ-ਇਕ ਤਰੀਕਾ ਹੈ। ਹਲਕਾਅ ਤੋਂ ਬਚਾਅ ਲਈ ਸਭ ਤੋਂ ਅਹਿਮ ਗੱਲ ਇਹ ਹੈ ਕਿ ਇਸ ਬਾਰੇ ਸਾਨੂੰ ਵੱਧ ਤੋਂ ਵੱਧ ਜਾਣਕਾਰੀ ਹੋਵੇ। ਇਹ ਜਾਣਕਾਰੀ ਸਾਨੂੰ ਅਤੇ ਸਾਡੇ ਪਾਲਤੂ ਜਾਨਵਰਾਂ ਨੂੰ ਇਸ ਭਿਆਨਕ ਰੋਗ ਤੋਂ ਬਚਾਉਣ 'ਚ ਸਹਾਈ ਸਿੱਧ ਹੁੰਦੀ ਹੈ।

*ਇਹ ਰੋਗ ਪਾਲਤੂ, ਬੇਘਰੇ ਅਤੇ ਜੰਗਲੀ ਜਾਨਵਰਾਂ, ਜਿਵੇਂ ਕੁੱਤੇ, ਬਿੱਲੀਆਂ, ਗਾਵਾਂ, ਮੱਝਾਂ, ਘੋੜੇ, ਭੇਡਾਂ, ਬੱਕਰੀਆਂ, ਸੂਰ, ਬਾਂਦਰ, ਲੂਬੜੀ, ਨਿਓਲਾ ਅਤੇ ਚਮਗਿਦੜ ਆਦਿ ਨੂੰ ਪ੍ਰਭਾਵਿਤ ਕਰਦਾ ਹੈ। ਰੋਗ ਦਾ ਫੈਲਾਅ ਹਲਕੇ ਹੋਏ ਜਾਨਵਰ ਦੇ ਕੱਟਣ ਜਾਂ ਨਹੁੰਦਰਾਂ ਮਾਰਨ ਨਾਲ ਹੁੰਦਾ ਹੈ...*

### ਕਾਰਨ

ਹਲਕਾਅ ਇਕ ਆਲਮੀ ਸਮੱਸਿਆ ਹੈ। ਇਹ ਸਾਰੀ ਦੁਨੀਆ ਵਿਚ ਪਾਇਆ ਜਾਂਦਾ ਹੈ ਪਰ ਇਸ ਨਾਲ ਹੋਣ ਵਾਲੀਆਂ 95 ਫ਼ੀਸਦੀ ਮੌਤਾਂ ਏਸ਼ੀਆ ਅਤੇ ਅਫਰੀਕਾ ਵਿਚ ਹੁੰਦੀਆਂ ਹਨ ਕਿਉਂਕਿ ਇਨ੍ਹਾਂ ਖਿੱਤਿਆਂ ਵਿਚ ਗ਼ਰੀਬੀ ਵਧੇਰੇ ਹੈ ਅਤੇ ਜਾਗਰੂਕਤਾ ਦੀ ਘਾਟ ਹੈ। ਇਹ ਰੋਗ ਪਾਲਤੂ, ਬੇਘਰੇ ਅਤੇ ਜੰਗਲੀ ਜਾਨਵਰਾਂ, ਜਿਵੇਂ ਕੁੱਤੇ, ਬਿੱਲੀਆਂ, ਗਾਵਾਂ, ਮੱਝਾਂ, ਘੋੜੇ, ਭੇਡਾਂ, ਬੱਕਰੀਆਂ, ਸੂਰ, ਬਾਂਦਰ, ਲੂਬੜੀ, ਨਿਓਲਾ ਅਤੇ ਚਮਗਿਦੜ ਆਦਿ ਨੂੰ ਪ੍ਰਭਾਵਿਤ ਕਰਦਾ ਹੈ। ਰੋਗ ਦਾ ਫੈਲਾਅ ਹਲਕੇ ਹੋਏ ਜਾਨਵਰ ਦੇ ਕੱਟਣ ਜਾਂ ਨਹੁੰਦਰਾਂ ਮਾਰਨ ਨਾਲ ਹੁੰਦਾ ਹੈ। ਇਸ ਦੇ ਵਿਸ਼ਾਣੂ ਹਲਕੇ ਹੋਏ ਜਾਨਵਰ ਦੀ ਲਾਰ ਜਾਂ ਥੁੱਕ ਵਿਚ ਹੁੰਦਾ ਹੈ। ਆਮ ਤੌਰ 'ਤੇ ਮਨੁੱਖਾਂ ਵਿਚ ਇਹ ਰੋਗ ਹਲਕਾਏ ਹੋਏ ਕੁੱਤਿਆਂ ਰਾਹੀਂ ਫ਼ੈਲਦਾ ਹੈ। ਜਦ ਕਿਸੇ ਨੂੰ ਹਲਕਿਆ ਹੋਇਆ ਜਾਨਵਰ ਵੱਢ ਦਿੰਦਾ ਹੈ ਤਾਂ ਹਲਕਾਅ ਦਾ ਵਿਸ਼ਾਣੂ ਤੰਤੂਆਂ ਨਰਵਜ਼ ਰਾਹੀਂ ਦਿਮਾਗ਼ ਤਕ ਪਹੁੰਚਦਾ ਹੈ। ਜ਼ਖ਼ਮ ਜਿੰਨਾਂ ਦਿਮਾਗ਼ ਦੇ ਨੇੜੇ ਹੁੰਦਾ ਹੈ ਓਨੀ ਛੇਤੀ ਇਹ ਸਰੀਰ ਵਿਚ ਫੈਲਦਾ ਹੈ।

### ਲੱਛਣ

ਹਲਕਾਏ ਹੋਏ ਜਾਨਵਰਾਂ ਵਿਚ ਇਸ ਬਿਮਾਰੀ ਦੇ ਲੱਛਣ ਦਿਮਾਗ਼ ਦੀ ਪ੍ਰਣਾਲੀ (ਸੈਂਟਰਲ ਨਰਵਸ ਸਿਸਟਮ) ਨਾਲ ਜੁੜੇ ਹੋਏ ਹੁੰਦੇ ਹਨ, ਜਿਵੇਂ ਕਿ ਸਭ ਤੋਂ ਮਹੱਤਵਪੂਰਣ ਹਨ-ਪੀੜਤ ਵਿਅਕਤੀ ਜਾ ਜਾਨਵਰ ਦੇ ਸੁਭਾਅ ਵਿਚ ਤਬਦੀਲੀ ਆਉਣਾ ਅਤੇ ਅਧਰੰਗ। ਇਸ ਤੋਂ ਇਲਾਵਾ ਆਵਾਜ਼ ਦਾ ਬਦਲ ਜਾਣਾ ਅਤੇ ਵਧੇਰੇ ਗੁੱਸਾ ਆਉਣਾ ਵੀ ਇਸ ਦੇ ਮੁੱਖ ਲੱਛਣ ਹਨ। ਆਮ ਤੌਰ 'ਤੇ ਸ਼ਾਂਤ ਸੁਭਾਅ ਜਾਨਵਰ ਵੀ ਹਲਕਾਅ ਦਾ ਸ਼ਿਕਾਰ ਹੋਣ 'ਤੇ ਇਕਦਮ ਗੁੱਸੇਖ਼ੋਰ ਹੋ ਜਾਂਦਾ ਹੈ। ਰੋਗ ਦੀਆਂ ਦੋ ਮੁੱਖ ਕਿਸਮਾਂ ਹਨ :

**ਗੁੱਸੇ ਵਾਲੀ ਕਿਸਮ** : ਇਸ ਵਿਚ ਰੋਗੀ ਚਿੜਚਿੜਾ ਹੋ ਜਾਂਦਾ ਹੈ ਅਤੇ ਉਹ ਦੰਦ, ਨਹੁੰਦਰਾਂ, ਸਿੰਗ ਜਾਂ ਖੁਰ ਮਾਰਦਾ ਹੈ। ਕੁੱਤੇ ਆਮਤੌਰ 'ਤੇ ਜ਼ਿਆਦਾ ਘੁੰਮਦੇ ਹਨ ਅਤੇ ਦੂਸਰੇ ਜਾਨਵਰਾਂ ਜਾਂ ਲੋਕਾਂ ਨੂੰ ਵੱਢਦੇ ਹਨ। ਉਹ ਪੱਥਰ, ਡੰਡੇ ਆਦਿ ਪਦਾਰਥ ਨੂੰ ਵੀ ਖਾ ਜਾਂਦੇ ਹਨ। ਰੋਗ ਵਧਣ ਨਾਲ ਚੱਲਣ ਵਿਚ ਮੁਸ਼ਕਲ ਆਉਂਦੀ ਹੈ ਅਤੇ ਦੌਰੇ ਵੀ ਪੈਂਦੇ ਹਨ।

**ਗੂੰਗੀ ਕਿਸਮ** : ਇਸ ਕਿਸਮ ਵਿਚ ਰੋਗੀ ਜਾਨਵਰ ਦੇ ਗਲ਼ੇ ਦੀਆਂ ਮਾਸਪੇਸ਼ੀਆਂ ਦਾ ਅਧਰੰਗ ਹੋ ਜਾਂਦਾ ਹੈ, ਜਿਸ ਕਰਕੇ ਰੋਗੀ ਕੁਝ ਵੀ ਖਾ ਜਾਂ ਪੀ ਨਹੀਂ ਸਕਦਾ ਅਤੇ ਮੂੰਹ ਵਿੱਚੋਂ ਲਾਰ ਜਾਂ ਥੁੱਕ ਬਾਹਰ ਡਿੱਗਣ ਲਗਦੀ ਹੈ। ਅਜਿਹੀ ਹਾਲਤ ਵਿਚ ਕਈ ਵਾਰ ਜਾਨਵਰ ਦੇ ਮਾਲਕ ਨੂੰ ਲਗਦਾ ਹੈ ਕਿ ਜਾਨਵਰ ਦੇ ਮੂੰਹ ਵਿਚ ਕੁਝ ਫਸ ਗਿਆ ਹੈ ਅਤੇ ਉਹ ਉਸ ਦੇ ਮੂੰਹ ਵਿਚ ਹੱਥ ਪਾ ਕੇ ਉਸ ਨੂੰ ਕੱਢਣ ਦੀ ਕੋਸ਼ਿਸ਼ ਕਰਦਾ ਹੈ ਤੇ ਇਸ ਦੌਰਾਨ ਜਾਨਵਰ ਦੇ ਗੁੱਸੇਖ਼ੋਰ ਸੁਭਾਅ ਕਾਰਨ ਉਸ ਦੇ ਵੱਢਣ ਕਾਰਨ ਖ਼ੁਦ ਹਲਕਾਅ ਦੀ ਲਾਗ ਜਾਂ ਇਨਫੈਕਸ਼ਨ ਕਰਵਾ ਲੈਂਦਾ ਹੈ। ਅਖ਼ੀਰ ਵਿਚ ਅਧਰੰਗ ਪੀੜਤ ਵਿਅਕਤੀ ਜਾਂ ਜਾਨਵਰ ਦੇ ਸਾਰੇ ਸਰੀਰ ਵਿਚ ਫ਼ੈਲ ਜਾਂਦਾ ਹੈ ਤੇ ਉਸ ਦੀ ਮੌਤ ਹੋ ਜਾਂਦੀ ਹੈ।

### ਮਨੁੱਖਾਂ ਵਿਚ ਹਲਕਾਅ ਦੇ ਲੱਛਣ

***ਮਨੁਖਾਂ ਵਿਚ ਵੀ ਇਸ ਰੋਗ ਦੇ ਲੱਛਣ ਦਿਮਾਗ਼ ਦੀਆਂ ਨਾੜੀਆਂ ਦੀ ਸੋਜ਼ਿਸ਼ ਕਾਰਨ ਕਰੀਬ ਇਸ ਤਰ੍ਹਾਂ ਦੇ ਹੁੰਦੇ ਹਨ :***

*ਹਲਕਾਅ ਦੇ ਸ਼ਿਕਾਰ ਹੋਏ ਵਿਅਕਤੀ ਦੇ ਸੁਭਾਅ ਵਿਚ ਕਾਫ਼ੀ ਤਬਦੀਲੀ ਆ ਜਾਂਦੀ ਹੈ। ਉਹ ਚਿੜਚਿੜਾ ਹੋ ਜਾਂਦਾ ਹੈ। ਉਹ ਕਿਸੇ ਵੀ ਵਿਅਕਤੀ ਉੱਪਰ ਅਚਾਨਕ ਹਮਲਾ ਕਰ ਸਕਦਾ ਹੈ। ਵਿਅਕਤੀ ਬੇਚੈਨੀ ਅਤੇ ਪਰੇਸ਼ਾਨੀ ਮਹਿਸੂਸ ਕਰਦਾ ਹੈ। ਪੀੜਤ ਵਿਅਕਤੀ ਪਾਣੀ ਤੋਂ ਡਰਦਾ ਹੈ, ਉਸ ਦੇ ਮੂੰਹ ਵਿਚੋਂ ਲਾਰ ਜਾਂ ਥੁੱਕ ਵਗਣ ਲਗਦਾ ਹੈ ਅਤੇ ਅੰਤ ਉਸ ਦੀ ਮੌਤ ਹੋ ਜਾਂਦੀ ਹੈ। ਇਥੇ ਇਹ ਗੱਲ ਦੁਹਰਾਉਣੀ ਲਾਜ਼ਮੀ ਹੈ ਕਿ ਹਲਕਾਅ ਦਾ ਕੋਈ ਇਲਾਜ ਨਹੀਂ ਹੈ, ਨਾ ਪਸ਼ੂਆਂ ਵਿਚ ਅਤੇ ਨਾ ਹੀ ਮਨੁੱਖਾਂ ਵਿਚ, ਪ੍ਰੰਤੂ ਕੁਝ ਅਹਿਮ ਗੱਲਾਂ ਨੂੰ ਧਿਆਨ ਵਿਚ ਰੱਖ ਕੇ ਇਸ ਤੋਂ ਬਚਿਆ ਜਾ ਸਕਦਾ ਹੈ।*

### ਕੁੱਤੇ ਦੇ ਵੱਢਣ 'ਤੇ ਮੁੱਢਲੀ ਸਹਾਇਤਾ

ਕਿਸੇ ਕੁੱਤੇ ਦੁਆਰਾ ਨਹੁੰਦਰਾਂ ਮਾਰਨ ਜਾਂ ਵੱਢਣ ਦੀ ਹਾਲਤ 'ਚ ਪ੍ਰਭਾਵਿਤ ਵਿਅਕਤੀ ਜਾਂ ਜਾਨਵਰ ਦੇ ਜ਼ਖ਼ਮ ਨੂੰ ਕੱਪੜੇ ਧੋਣ ਵਾਲੇ ਸਾਬਣ (ਜਿਸ ਵਿਚ ਕਾਸਟਿਕ ਸੋਡੇ ਦੀ ਮਾਤਰਾ ਵਧੇਰੇ ਹੋਵੇ) ਅਤੇ ਖੁਲ੍ਹੇ ਪਾਣੀ ਨਾਲ (ਘੱਟ ਤੋਂ ਘੱਟ 15 ਮਿੰਟ ਚੱਲ ਰਹੀ ਟੂਟੀ ਹੇਠ) ਧੋਣਾ ਚਾਹੀਦਾ ਹੈ। ਸ਼ੱਕੀ ਜਾਨਵਰ ਦੇ ਸੰਪਰਕ ਤੋਂ ਬਾਅਦ ਸਾਬਣ ਅਤੇ ਪਾਣੀ ਨਾਲ ਸਾਫ਼ ਕੀਤਾ ਜ਼ਖ਼ਮ ਜ਼ਿੰਦਗੀ ਨੂੰ ਬਚਾਉਣ 'ਚ ਸਹਾਈ ਹੋ ਸਕਦੇ ਹਨ। ਜ਼ਖ਼ਮ ਨੂੰ ਧੋਣ ਤੋਂ ਬਾਅਦ ਇਸ ਉੱਪਰ ਐਂਟੀਸੈਪਟਿਕ ਦਵਾਈ (ਆਇਓਡੀਨ ਦਾ ਘੋਲ) ਲਗਾਉ। ਜਿੱਥੋਂ ਤਕ ਸੰਭਵ ਹੋਵੇ ਜ਼ਖ਼ਮ ਉੱਪਰ ਪੱਟੀ ਜਾਂ ਟਾਂਕੇ ਨਹੀਂ ਲਗਾਉਣੇ ਚਾਹੀਦੇ। ਕੁੱਤੇ ਦੁਆਰਾ ਵੱਢਣ ਦੇ ਮਾਮਲੇ ਵਿਚ ਕਦੇ ਅਣਗੌਲੀ ਨਾ ਕਰੋ। ਜਿਸ ਦਿਨ ਕੁੱਤੇ ਨੇ ਵੱਢਿਆ ਹੋਵੇ, ਉਸੇ ਦਿਨ ਜਲਦੀ ਤੋਂ ਜਲਦੀ ਡਾਕਟਰ ਨਾਲ ਸੰਪਰਕ ਕਰ ਕੇ ਟੀਕਾਕਰਨ ਸ਼ੁਰੂ ਕਰਵਾ ਦਿਉ। ਕੁੱਤੇ ਦੇ ਵੱਢਣ (ਪੋਸਟ ਐਕਸਪੋਜ਼ਰ) ਤੋਂ ਬਾਅਦ ਦਾ ਟੀਕਾਕਰਨ ਨਿਰਧਾਰਿਤ ਸਮੇਂ 'ਤੇ ਕਰਵਾਉਣਾ ਬਹੁਤ ਜ਼ਰੂਰੀ ਹੈ।

94637-21182



### ਟੀਕਾਕਰਨ

*ਆਪਣੇ ਪਾਲਤੂ ਕੁੱਤੇ ਨੂੰ ਨਿਯਮਿਤ ਤੌਰ 'ਤੇ ਹਲਕਾਅ ਤੋਂ ਬਚਾਅ ਦੇ ਟੀਕੇ ਜ਼ਰੂਰ ਲਗਵਾਉ। ਪਹਿਲਾ ਟੀਕਾ ਕੁੱਤੇ ਦੀ ਤਿੰਨ ਮਹੀਨੇ ਦੀ ਉਮਰ 'ਤੇ ਲਗਵਾਉਣਾ ਚਾਹੀਦਾ ਹੈ, ਦੂਸਰਾ ਟੀਕਾ (ਬੂਸਟਰ ਡੋਜ਼) 6 ਮਹੀਨੇ ਦੀ ਉਮਰ 'ਤੇ ਅਤੇ ਇਸ ਤੋਂ ਬਾਅਦ ਹਰ ਸਾਲ ਇਕ ਟੀਕਾ ਨਿਯਮਿਤ ਲਗਵਾਉਣਾ ਚਾਹੀਦਾ ਹੈ। ਆਪਣੇ ਪਾਲਤੂ ਕੁੱਤੇ ਨੂੰ ਅਵਾਰਾ ਕੁੱਤਿਆਂ ਦੇ ਸੰਪਰਕ 'ਚ ਨਾ ਆਉਣ ਦਿਉ। ਜੰਗਲੀ ਜਾਨਵਰਾਂ ਨਿਉਲ, ਚਮਗਾਦੜ ਆਦਿ ਦੇ ਸੰਪਰਕ 'ਚ ਆਉਣ ਤੋਂ ਖ਼ੁਦ ਵੀ ਬਚੋ ਅਤੇ ਆਪਣੇ ਪਾਲਤੂ ਜਾਨਵਰਾਂ ਨੂੰ ਵੀ ਬਚਾਉ। ਜੇ ਘਰ ਦੇ ਪਾਲਤੂ ਕੁੱਤੇ ਜਾਂ ਪਸ਼ੂ ਨੂੰ ਹਲਕਿਆ ਹੋਇਆ ਕੁੱਤਾ ਵੱਢ ਜਾਵੇ ਤਾਂ ਵੈਟਰਨਰੀ ਡਾਕਟਰ ਨਾਲ ਸੰਪਰਕ ਕਰ ਕੇ ਉਸ ਦਾ ਫ਼ੌਰੀ ਤੌਰ 'ਤੇ ਟੀਕਾਕਰਨ ਕਰਵਾਉ। ਇਨ੍ਹਾਂ ਵਿੱਚੋਂ ਇਕ ਟੀਕਾ ਜਿਸ ਦਿਨ ਹਲਕੇ ਹੋਏ ਕੁੱਤੇ ਨੇ ਵੱਢਿਆ ਹੋਵੇ ਉਸੇ ਦਿਨ ਲੱਗਣਾ ਚਾਹੀਦਾ ਹੈ ਅਤੇ ਇਸ ਤੋਂ ਬਾਅਦ 3, 7, 14, 28 ਅਤੇ 90 ਦਿਨ ਦੇ ਵਕਫ਼ੇ 'ਤੇ ਟੀਕਾ ਲਗਵਾ ਕੇ ਟੀਕਾਕਰਨ ਦੇ ਇਸ ਕੋਰਸ ਨੂੰ ਮੁਕੰਮਲ ਕਰ ਲੈਣਾ ਚਾਹੀਦਾ ਹੈ। ਇਨਫੈਕਸ਼ਨ ਵਾਲੀ ਸਮੱਗਰੀ ਜਾਂ ਜਾਨਵਰ ਨਾਲ ਸਬੰਧਤ ਵਿਅਕਤੀ ਨੂੰ ਪ੍ਰੋਫਾਈਲੈਕਟਿਕ (ਬਚਾਅ ਲਈ) ਟੀਕਾਕਰਨ ਲਾਜ਼ਮੀ ਕਰਵਾਉਣਾ ਚਾਹੀਦਾ ਹੈ।*



# ਹਰ-ਰੋਜ਼ ਕਿਉਂ ਖਾਣਾ ਚਾਹੀਦਾ ਹੈ ਕੇਲਾ

ਵਿਟਾਮਿਨ, ਪ੍ਰੋਟੀਨ, ਆਇਰਨ, ਪੋਟਾਸ਼ੀਅਮ, ਫਾਇਬਰ ਤੇ ਬਹੁਤ ਸਾਰੇ ਪੌਸ਼ਟਿਕ ਤੱਤਾਂ ਨਾਲ ਭਰਪੂਰ ਕੇਲਾ ਸਿਹਤ ਲਈ ਬਹੁਤ ਹੀ ਲਾਭਕਾਰੀ ਹੈ ਤੇ ਇਹ ਆਸਾਨੀ ਨਾਲ ਹਰ ਇਕ ਮੌਸਮ 'ਚ ਮਿਲ ਜਾਂਦਾ ਹੈ। ਕੀ ਤੁਸੀ ਜਾਣਦੇ ਹੋ ਕਿ ਰੋਜ਼ ਇਕ ਕੇਲਾ ਖਾਣ ਨਾਲ ਬਲੱਡ ਪ੍ਰੈਸ਼ਰ ਤੋਂ ਲੈ ਕੇ ਭਾਰ ਵਧਾਉਣ ਦੀ ਸਮੱਸਿਆ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਇਨ੍ਹਾਂ ਹੀ ਨਹੀਂ ਇਸ ਨਾਲ ਸਰੀਰ ਨੂੰ ਐਨਰਜੀ ਮਿਲਦੀ ਹੈ ਤੇ ਕਬਜ਼ ਦੀ ਸਮੱਸਿਆ ਵੀ ਦੂਰ ਹੁੰਦੀ ਹੈ। ਅੱਜ ਅਸੀਂ ਤੁਹਾਨੂੰ ਕੇਲੇ ਦੇ ਫ਼ਾਇਦਿਆਂ ਬਾਰੇ ਜਾਗਰੂਕ ਕਰਾਂਗੇ ਜੋ ਸਰੀਰ ਸਬੰਧੀ ਕਈ ਤਰ੍ਹਾਂ ਦੀਆਂ ਬਿਮਾਰੀਆਂ ਨੂੰ ਦੂਰ ਕਰਦਾ ਹੈ।

### ਪਾਚਨ-ਤੰਤਰ

ਕੇਲੇ 'ਚ ਪਾਏ ਜਾਣ ਵਾਲੇ ਫਾਇਬਰ ਨਾਲ ਪਾਚਨ ਤੰਤਰ ਸਹੀ ਰਹਿੰਦਾ ਹੈ। ਇਸ ਨਾਲ ਤੁਸੀ ਅਨੇਕਾਂ ਬਿਮਾਰੀਆਂ ਤੋਂ ਬਚ ਸਕਦੇ ਹੋ। ਇਸ ਨਾਲ ਪੇਟ ਸਬੰਧੀ ਪਰੇਸ਼ਾਨੀਆਂ ਤੇ ਐਸਿਡੀਟੀ ਤੋਂ ਵੀ ਨਿਜਾਤ ਪਾ ਸਕਦੇ ਹੋ।

### ਭਾਰ ਵਧਾਏ

ਭਾਰ ਵਧਾਉਣ ਲਈ ਕੇਲਾ ਬਹੁਤ ਗੁਣਕਾਰੀ ਹੈ। ਹਰ ਰੋਜ਼ 2-3 ਕੇਲੇ ਖਾਣ ਨਾਲ ਜਾਂ ਇਸ ਦਾ ਸ਼ੇਕ ਪੀਣ ਨਾਲ ਪਤਲੇ ਲੋਕ ਮੋਟੇ ਹੋ ਸਕਦੇ ਹਨ। ਇਸ ਲਈ ਪਤਲੇ ਲੋਕਾਂ ਨੂੰ ਭਾਰ ਵਧਾਉਣ ਲਈ ਕੇਲੇ ਦਾ ਸੇਵਨ ਜ਼ਰੂਰ ਕਰਨਾ ਚਾਹੀਦਾ ਹੈ।

### ਯਾਦਦਾਸ਼ਤ ਵਧਾਏ

ਕੇਲੇ 'ਚ ਵਿਟਾਮਿਨ ਬੀ6 ਗੁਣ ਪਾਇਆ ਜਾਂਦਾ ਹੈ, ਜੋ ਬਰੇਨ ਨੂੰ ਤੇਜ਼ ਕਰਨ 'ਚ ਮਦਦਗਾਰ ਹੈ। ਇਸ ਲਈ ਕੇਲੇ ਦੇ ਸ਼ੇਕ ਦਾ ਸੇਵਨ ਜ਼ਰੂਰ ਕਰਨਾ ਚਾਹੀਦਾ ਹੈ।



### ਭੁੱਖ ਕਰੇ ਕੰਟਰੋਲ

ਸਵੇਰੇ ਨਾਸ਼ਤੇ 'ਚ 2-3 ਕੇਲਿਆਂ ਦਾ ਸੇਵਨ ਕਰੋ। ਇਸ ਨਾਲ ਤੁਹਾਨੂੰ ਦੁਪਹਿਰ ਤਕ ਭੁੱਖ ਨਹੀਂ ਲਗਦੀ। ਇਸ 'ਚ ਮੌਜੂਦ ਪੋਟਾਸ਼ੀਅਮ ਤੇ ਫਾਇਬਰ ਭੁੱਖ ਨੂੰ ਕੰਟਰੋਲ ਕਰਨ 'ਚ ਮਦਦ ਕਰਦਾ ਹੈ। ਇਸ ਦੇ ਇਲਾਵਾ ਸਰੀਰ ਨੂੰ ਐਨਰਜੀ ਵੀ ਮਿਲਦੀ ਹੈ।

### ਕਬਜ਼ ਕੁਸ਼ਾ

ਕੇਲੇ ਦੇ ਸੇਵਨ ਨਾਲ ਕਬਜ਼ ਤੋਂ ਰਾਹਤ ਪਾਈ ਜਾ ਸਕਦੀ ਹੈ। ਰਾਤ ਨੂੰ ਸੌਣ ਤੋਂ ਪਹਿਲਾਂ ਦੁੱਧ ਨਾਲ ਕੇਲੇ ਦਾ ਸੇਵਨ ਕਰਨਾ ਚਾਹੀਦਾ ਹੈ। ਸਵੇਰ ਤਕ ਕਬਜ਼ ਦੀ ਸਮੱਸਿਆ ਤੋਂ ਰਾਹਤ ਪਾਈ ਜਾ ਸਕਦੀ ਹੈ।

### ਬਲੱਡ ਪ੍ਰੈਸ਼ਰ ਤੇ ਸ਼ੂਗਰ ਕਰੇ ਕੰਟਰੋਲ

ਕੇਲੇ 'ਚ ਪਾਏ ਜਾਣ ਵਾਲੇ ਵਿਟਾਮਿਨ ਬੀ6 ਸਰੀਰ ਦੇ ਬਲੱਡ ਗੁਲੂਕੋਜ਼ ਲੈਵਲ ਨੂੰ ਠੀਕ ਰੱਖਦਾ ਹੈ ਜਿਸ ਨਾਲ ਤੁਹਾਡੀ ਸ਼ੂਗਰ ਕੰਟਰੋਲ 'ਚ ਰਹਿੰਦੀ ਹੈ। ਇਸ ਲਈ ਰੋਜ਼ 1 ਕੇਲੇ ਦਾ ਸੇਵਨ ਕਰੋ।

### ਤਣਾਅ ਤੋਂ ਰਾਹਤ

ਕੇਲਾ ਤਣਾਅ ਦੇ ਮਰੀਜ਼ ਲਈ ਬਹੁਤ ਵਧੀਆ ਹੈ। ਇਸ 'ਚ ਮੌਜੂਦ ਪ੍ਰੋਟੀਨ ਦਿਮਾਗ਼ 'ਚ ਸਟ੍ਰੈਸ ਪੈਦਾ ਕਰਨ ਵਾਲੇ ਹਾਰਮੋਨਜ਼ ਨੂੰ ਸ਼ਾਂਤ ਕਰਦਾ ਹੈ, ਜਿਸ ਨਾਲ ਤੁਹਾਡਾ ਤਣਾਅ ਦੂਰ ਹੋ ਜਾਂਦਾ ਹੈ। •

# ਘਰੇਲੂ ਨੁਸਖ਼ੇ

ਗੁਰਭਿੰਦਰ ਗੁਰੀ

*ਵੱਖ-ਵੱਖ ਦਵਾਈਆਂ ਨਾਲੋਂ ਘਰੇਲੂ ਨੁਸਖ਼ਿਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਇਨ੍ਹਾਂ ਨਾਲ ਸਰੀਰ ਨੂੰ ਐਨਰਜੀ ਤਾਂ ਮਿਲਦੀ ਹੈ ਤੇ ਨਾਲ ਹੀ ਚੰਗੀ ਸਿਹਤ ਵੀ...*



ਘਰੇਲੂ ਨੁਸਖ਼ਿਆਂ ਦਾ ਪ੍ਰਯੋਗ ਕਰ ਕੇ ਕਈ ਸਮੱਸਿਆ ਦਾ ਹੱਲ ਚੁਟਕੀ ਵਿਚ ਹੋ ਸਕਦਾ ਹੈ ਅੱਜ ਤੁਹਾਨੂੰ ਦੱਸ ਰਹੇ ਹਾਂ ਕੁੱਝ ਅਜਿਹੇ ਹੀ ਨੁਸ਼ਖਿਆਂ ਬਾਰੇ।

- ਤੁਲਸੀ ਦੀਆਂ ਚਾਰ ਪੰਜ ਪੱਤੀਆਂ ਹਰ ਰੋਜ਼ ਸਵੇਰੇ ਸ਼ਾਮ ਚੱਬਾ ਕੇ ਖਾਣ ਨਾਲ ਮੂੰਹ ਦੀ ਬਦਬੂਹ ਦੂਰ ਹੁੰਦੀ ਹੈ
- ਹਰ ਰੋਜ਼ ਇਕ ਗਲਾਸ ਗਾਜਰ ਦਾ ਜੂਸ ਪੀਣ ਨਾਲ ਸਰੀਰ ਵਿਚ ਖ਼ੂਨ ਦਾ ਵਾਧਾ ਹੁੰਦਾ ਹੈ।
- ਅਮਰੂਦ ਦੇ ਪੱਤਿਆ ਦਾ ਕਾੜ੍ਹਾ ਬਣਾ ਕੇ ਕੁਰਲੀ ਕਰਨ ਨਾਲ ਮੂੰਹ ਦੇ ਛਾਲੇ ਅਤੇ ਮਸੂੜਿਆਂ ਦੇ ਦਰਦ ਤੋ ਆਰਾਮ ਮਿਲਦਾ ਹੈ।
- ਸਰੀਰ ਦੇ ਕਿਸੇ ਹਿੱਸੇ ਵਿਚ ਕੰਡਾ ਚੁੰਭਣ 'ਤੇ ਉਸ ਤੇ ਹਿੰਗ ਦਾ ਘੋਲ ਲਗਾਉਣ ਨਾਲ ਥੋੜ੍ਹੀ ਦੇਰ ਬਾਅਦ ਹੀ ਕੰਡਾ ਨਿਕਲ ਆਏਗਾ।
- ਖਾਂਸੀ ਹੋਣ 'ਤੇ ਤੁਲਸੀ ਅਤੇ ਅਜਵਾਇਣ ਦਾ ਰਸ ਅਤੇ ਸ਼ਹਿਦ ਇਕੋ ਜਿਹੀ ਮਾਤਰਾ ਵਿਚ ਲੈਣ ਨਾਲ ਆਰਾਮ ਮਿਲਦਾ ਹੈ।
- ਪੇਟ ਦਰਦ ਹੋਣ 'ਤੇ ਭੁੰਨੀ ਹੋਈ ਸੌਂਫ ਚੱਬਣ ਨਾਲ ਫ਼ਾਇਦਾ ਮਿਲਦਾ ਹੈ।
- ਨਾਰੀਅਲ ਦੇ ਤੇਲ ਵਿਚ ਲੌਂਗ ਦੇ ਤੇਲ ਦੀਆਂ ਕੁੱਝ ਬੂੰਦਾਂ ਮਿਲਾ ਕੇ ਮਾਲਿਸ਼ ਕਰਨ ਨਾਲ ਸਿਰ ਦਰਦ ਦੂਰ ਹੁੰਦਾ ਹੈ।
- ਰਾਤ ਵੇਲੇ ਨੀਂਦ ਨਾ ਆਵੇ ਤਾਂ ਪੈਰਾਂ 'ਤੇ ਤਿਲਾਂ ਦਾ ਤੇਲ ਲਗਾਓ।
- ਖਾਦਾ ਹਜ਼ਮ ਨਾ ਹੁੰਦਾ ਹੋਵੇ ਤਾਂ ਪਿਆਜ਼ ਦੇ ਰਸ ਵਿਚ ਥੋੜ੍ਹਾਂ ਜਿਹਾ ਨਮਕ ਮਿਲਾ ਕੇ ਪੀਣ ਨਾਲ ਲਾਭ ਹੋਵੇਗਾ।
- ਧੁੰਨੀ ਨੂੰ ਹਰ ਰੋਜ਼ ਸਰ੍ਹੋਂ ਦਾ ਤੇਲ ਲਗਾਉਣ ਨਾਲ ਬੁੱਲ੍ਹ ਨਹੀਂ ਫਟਦੇ।

9915727311





**ਬਾਦਾਮ ਦੇ ਤੇਲ ਦਾ ਇਸਤੇਮਾਲ ਕਰਨ 'ਤੇ ਸਿਕਰੀ ਖ਼ਤਮ ਹੋ ਜਾਂਦੀ ਹੈ।**

# ਬਦਹਜ਼ਮੀ ਦੇ ਲੱਛਣ

ਡਾ. ਫ਼ਕੀਰ ਚੰਦ ਸ਼ੁਕਲਾ

ਬਦਹਜ਼ਮੀ ਦਾ ਮਤਲਬ ਹੈ ਖਾਧੇ ਹੋਏ ਭੋਜਨ ਦਾ ਚੰਗੀ ਤਰ੍ਹਾਂ ਹਜ਼ਮ ਨਾ ਹੋਣਾ। ਸ਼ਾਇਦ ਹੀ ਕੋਈ ਅਜਿਹਾ ਵਿਅਕਤੀ ਹੋਵੇਗਾ ਜਿਸ ਦਾ ਬਦਹਜ਼ਮੀ ਜਾਂ ਗੈਸਟ੍ਰਾਇਈਟਿਸ ਨਾਲ ਵਾਹ ਨਾ ਪਿਆ ਹੋਵੇ। ਢਿੱਡ ਵਿਚ ਜਲਣ, ਖੱਟੇ ਡਕਾਰ ਅਤੇ ਪੇਟ ਵਿਚ ਗੈਸ ਬਣਨ ਵਰਗੀਆਂ ਅਲਾਮਤਾਂ ਤੋਂ ਸ਼ਾਇਦ ਹੀ ਕਦੇ ਕੋਈ ਬਚਿਆ ਹੋਵੇਗਾ। ਕਦੇ ਨਾ ਕਦੇ ਤਾਂ ਇਨ੍ਹਾਂ ਦੇ ਅੜਿੱਕੇ ਜ਼ਰੂਰ ਚੜ੍ਹਿਆ ਹੋਣਾ ਹੈ।



### ਕਾਰਨ

- ਤਣਾਅ ਪੂਰਨ ਜੀਵਨ ਬਤੀਤ ਕਰਨਾ।
- ਮਿਰਚ ਮਸਾਲਿਆਂ ਵਾਲੀਆਂ ਚੀਜ਼ਾਂ ਦੀ ਜ਼ਿਆਦਾ ਵਰਤੋਂ ਕਰਨੀ।
- ਰੋਟੀ ਖਾਣ ਮਗਰੋਂ ਇਕਦਮ ਲੰਮੇ ਪੈ ਜਾਣਾ ਜਾਂ ਗਰਦਨ ਝੁਕਾ ਕੇ ਕੰਮ ਕਰਨ ਲੱਗ ਜਾਣਾ।
- ਘਿਓ ਵਾਲੀਆਂ ਅਤੇ ਤਲ਼ੀਆਂ ਹੋਈਆਂ ਚੀਜ਼ਾਂ ਦੀ ਜ਼ਿਆਦਾ ਵਰਤੋਂ ਕਰਨੀ।
- ਚਾਹ, ਕੌਫ਼ੀ ਅਤੇ ਕੋਲਡ ਡਰਿੰਕਸ ਦੀ ਜ਼ਿਆਦਾ ਵਰਤੋਂ ਕਰਨ ਨਾਲ ਮਿਹਦੇ ਦੇ ਵਾਲਵ ਨੂੰ ਨੁਕਸਾਨ ਪਹੁੰਚਦਾ ਹੈ। ਇਨ੍ਹਾਂ ਪਦਾਰਥਾਂ ਵਿਚ ਮੌਜੂਦ ਕੈਫ਼ੀਨ ਵਾਲਵ ਦਾ ਸਤਿਆਨਾਸ ਕਰ ਦੇਂਦੀ ਹੈ।
- ਜ਼ਿਆਦਾ ਮਾਤਰਾ ਵਿਚ ਲਾਲ ਮਿਰਚ, ਕਾਲੀ ਮਿਰਚ, ਪਿਆਜ਼,ਟਮਾਟਰ,ਸੰਤਰਾ,ਪਿਪਰਾਮੈਂਟ,ਚੌਕਲੇਟ ਆਦਿ ਦੀ ਵਰਤੋਂ ਵੀ ਵਾਲਵ ਨੂੰ ਕਮਜ਼ੋਰ ਬਣਾਉਂਦੀ ਹੈ। ਇਸ ਲਈ ਇਨ੍ਹਾਂ ਦੀ ਵਰਤੋਂ ਸੀਮਤ ਮਾਤਰਾ ਵਿਚ ਹੀ ਕਰਨੀ ਚਾਹੀਦੀ ਹੈ।
- ਸ਼ਰਾਬ ਪੀਣ ਅਤੇ ਸਿਗਰਟਨੋਸ਼ੀ ਨਾਲ ਵੀ ਇਸ ਰੋਗ ਨੂੰ ਹੱਲਾਸ਼ੇਰੀ ਮਿਲਦੀ ਹੈ।
- ਬੇਲੋੜਾ ਖਾਣ ਨਾਲ ਅਤੇ ਸਮੇਂ ਸਿਰ ਭੋਜਨ ਨਾ ਕਰਨ ਨਾਲ ਵੀ ਬਦਹਜ਼ਮੀ ਦੀ ਸ਼ਿਕਾਇਤ ਹੋ ਜਾਂਦੀ ਹੈ।

### ਤਿੰਨ ਪ੍ਰਮੁੱਖ ਕਾਰਨ

#### ਹਰੀ

ਹਰੀ ਭਾਵ ਛੇਤੀ-ਛੇਤੀ ਖਾਣਾ। ਸਾਡੀ ਭੁੱਖ ਨੂੰ ਦਿਮਾਗ਼ ਕੰਟਰੋਲ ਕਰਦਾ ਹੈ ਅਤੇ ਦਿਮਾਗ਼ ਨੂੰ ਇਹ ਦੱਸਣ ਲਈ ਕਿ ਸਾਡਾ ਢਿੱਡ ਭਰ ਗਿਆ ਹੈ ਜਾਂ ਨਹੀਂ,ਵੀਹ ਮਿੰਟ ਦਾ ਸਮਾਂ ਲੱਗਦਾ ਹੈ ਪਰ ਜਦੋਂ ਅਸੀਂ ਛੇਤੀ-ਛੇਤੀ ਖਾਂਦੇ ਹਾਂ ਤਾਂ ਵੀਹ ਮਿੰਟ ਦਾ ਸਮਾਂ ਲੱਗਣ ਤੋਂ ਪਹਿਲਾਂ ਹੀ ਅਸੀਂ ਲੋੜ ਤੋਂ ਵੱਧ ਖਾ ਜਾਂਦੇ ਹਾਂ। ਇਸ ਤੋਂ ਇਲਾਵਾ ਤੇਜ਼-ਤੇਜ਼ ਖਾਣ ਨਾਲ ਅਸੀਂ ਭੋਜਨ ਨੂੰ ਚੰਗੀ ਤਰ੍ਹਾਂ ਚਿੱਥਦੇ ਵੀ ਨਹੀਂ। ਇਸ ਤਰ੍ਹਾਂ ਮੂੰਹ ਦੇ ਸਲਾਈਵਾ ਵਿਚ ਮੌਜੂਦ ਐਨਜਾਈਮਾਂ ਜਿਹੜੀਆਂ ਕਿ ਭੋਜਨ ਨੂੰ ਹਜ਼ਮ ਕਰਨ ਵਿਚ ਮਦਦ ਕਰਦੀਆਂ ਹਨ, ਭੋਜਨ ਤੇ ਪੂਰੀ ਤਰ੍ਹਾਂ ਅਸਰ ਨਹੀਂ ਕਰ ਪਾਉਂਦੀਆਂ ਅਤੇ ਇਸ ਤਰ੍ਹਾਂ ਬਦਹਜ਼ਮੀ ਹੋਣ ਦੀ ਪੂਰੀ ਸ਼ੰਕਾ ਰਹਿੰਦੀ ਹੈ। ਭੋਜਨ ਨੂੰ ਚੰਗੀ ਤਰ੍ਹਾਂ ਚਬਾ-ਚਬਾ ਕੇ ਖਾਣਾ ਚਾਹੀਦਾ ਹੈ। ਸਾਨੂੰ ਇਹ ਜ਼ਰੂਰ ਚੇਤੇ ਰੱਖਣਾ ਚਾਹੀਦਾ ਹੈ ਕਿ ਸਾਡੇ ਪੇਟ ਵਿਚ ਕੋਈ ਗਰਾਇੰਡਰ ਨਹੀਂ ਹੁੰਦਾ ਜਿਹੜਾ ਭੋਜਨ ਨੂੰ ਮਹੀਨ(ਬਾਰੀਕ) ਬਣਾ ਦੇਵੇਗਾ। ਇਸ ਲਈ ਸ਼ਾਂਤ ਮਨ ਨਾਲ ਹੌਲੀ-ਹੌਲੀ ਚੰਗੀ ਤਰ੍ਹਾਂ ਚਬਾ-ਚਬਾ ਕੇ ਭੋਜਨ ਕਰਨਾ ਚਾਹੀਦਾ ਹੈ। ਜੇ ਨੱਠ ਭੱਜ ਕਾਰਨ ਤੁਹਾਡੇ ਕੋਲ ਕਿਸੇ ਦਿਨ ਸਮੇਂ ਦੀ ਘਾਟ ਹੋਵੇ ਤਾਂ ਫਟਾਫਟ ਖਾਣ ਨਾਲੋਂ ਤਾਂ ਚੰਗਾ ਹੋਵੇਗਾ ਕਿ ਤੁਸੀਂ ਭੋਜਨ ਨਾ ਕਰੋ ਅਤੇ ਕੁਝ ਹਲਕਾ ਫੁਲਕਾ ਨਾਸ਼ਤਾ ਖਾ ਲਵੋ।

#### ਵਰੀ

ਵਰੀ ਭਾਵ ਚਿੰਤਾ, ਫਿਕਰ ਜਾਂ ਤਣਾਅ ਨਾਲ ਮਿਹਦੇ ਵਿਚ ਤੇਜ਼ਾਬ ਦੀ ਜ਼ਿਆਦਾ ਮਾਤਰਾ ਪੈਦਾ ਹੋ ਜਾਂਦੀ ਹੈ ਅਤੇ ਤੇਜ਼ਾਬ ਦੀ ਵਾਧੂ ਮਾਤਰਾ ਕਰਕੇ ਪੇਟ ਵਿਚ ਜਲਣ,ਦਰਦ ਹੋਣ ਲੱਗਦੀ ਹੈ ਅਤੇ ਖੱਟੇ ਡਕਾਰ ਆਉਣ ਲੱਗਦੇ ਹਨ। ਇਸ ਲਈ ਆਪਣੀ ਸੋਚ ਅਤੇ ਜੀਵਨ ਪੱਧਤੀ ਵਿਚ ਤਬਦੀਲੀ ਲਿਆ ਕੇ ਤਣਾਅ ਤੋਂ ਬਚਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

#### ਕਰੀ

ਕਰੀ ਭਾਵ ਜ਼ਿਆਦਾ ਮਿਰਚ ਮਸਾਲਿਆਂ ਵਾਲੇ ਪਦਾਰਥ ਖਾਣੇ। ਜੀਭ ਦੇ ਸੁਆਦ ਲਈ ਅਸੀਂ ਭੋਜਨ ਵਿਚ ਮਿਰਚ ਮਸਾਲਿਆਂ ਦੀ ਬੇਲੋੜੀ ਵਰਤੋਂ ਕਰਨ ਤੋਂ ਸੰਕੋਚ ਨਹੀਂ ਕਰਦੇ। ਘੱਟ ਮਾਤਰਾ ਵਿਚ ਮਿਰਚ ਮਸਾਲਿਆਂ ਦੀ ਵਰਤੋਂ ਸਰੀਰ ਲਈ ਲਾਭਦਾਇਕ ਹੈ ਪਰ ਜ਼ਿਆਦਾ ਮਾਤਰਾ ਵਿਚ ਮਿਰਚ ਮਸਾਲਿਆਂ ਅਤੇ ਖੱਟੀਆਂ ਚੀਜ਼ਾਂ ਦੀ ਵਰਤੋਂ ਬਦਹਜ਼ਮੀ ਪੈਦਾ ਕਰਦੀ ਹੈ ਤੇ ਬਦਹਜ਼ਮੀ ਕਰਕੇ ਪੇਟ ਵਿਚ ਗੈਸ ਬਣਨੀ ਸੁਭਾਵਿਕ ਹੈ। ਸਰੀਰ ਵਿਚ ਗੈਸ ਖਾਰਿਜ ਹੋਣ ਦੇ ਦੋ ਹੀ ਰਾਹ ਹਨ-ਮੂੰਹ ਰਾਹੀਂ ਭਾਵ ਡਕਾਰ ਆਉਣਾ ਅਤੇ ਦੂਜਾ ਰਾਹ ਗੁਦਾ ਦੁਆਰ ਤੋਂ ਪੱਦ ਰਾਹੀਂ। ਦੂਜੇ ਰਾਹ ਰਾਹੀਂ ਜਦੋਂ ਗੈਸ ਨਿਕਲਦੀ ਹੈ ਤਾਂ ਲਾਗੇ ਬੈਠਾ ਬੰਦਾ ਨੱਕ ਢਕਣ ਤੇ ਮਜਬੂਰ ਹੋ ਜਾਂਦਾ ਹੈ ਅਤੇ ਰੋਗੀ ਵਿਅਕਤੀ ਨੂੰ ਸ਼ਰਮਿੰਦਾ ਵੀ ਹੋਣਾ ਪੈਂਦਾ ਹੈ ਪਰ ਉਹ ਵੀ ਕੀ ਕਰ ਸਕਦਾ ਹੈ। ਗੈਸ ਨੂੰ ਸਰੀਰ ਤੋਂ ਨਿਕਲਣ ਤੋਂ ਤਾਂ ਨਹੀਂ ਰੋਕ ਸਕਦਾ। ਜੇ ਪੇਟ ਵਿਚੋਂ ਗੈਸ ਖਾਰਿਜ ਨਾ ਹੋਵੇ ਤਾਂ ਬੰਦੇ ਦੀ ਉਂਜ ਹੀ ਬੱਸ ਕਰਵਾ ਦੇਂਦੀ ਹੈ।

ਪੇਟ ਵਿਚ ਗੈਸ ਕਰ ਕੇ ਢਿੱਡ ਦਰਦ, ਸਿਰਦਰਦ, ਸਾਹ ਲੈਣ ਵਿਚ ਦਿੱਕਤ ਵਰਗੀਆਂ ਤਕਲੀਫ਼ਾਂ ਬੰਦੇ ਨੂੰ ਝੱਲਣੀਆਂ ਪੈਂਦੀਆਂ ਹਨ। ਹਰੀ,ਵਰੀ ਅਤੇ ਕਰੀ ਤੋਂ ਇਲਾਵਾ ਪੇਟ ਵਿਚ ਗੈਸ ਬਣਨਾ ਇਸ ਗੱਲ 'ਤੇ ਵੀ ਨਿਰਭਰ ਕਰਦਾ ਹੈ ਕਿ ਅਸੀਂ ਕਿਸ ਤਰ੍ਹਾਂ ਦੇ ਖ਼ੁਰਾਕੀ ਪਦਾਰਥਾਂ ਦੀ ਵਰਤੋਂ ਕਰਦੇ ਹਨ।

ਫੁੱਲਗੋਭੀ,ਬੰਦਗੋਭੀ,ਮੂਲੀ,ਪਿਆਜ਼,ਮਟਰ, ਸਕਰਕੰਦੀ ਵਾਲੇ ਪਦਾਰਥ ਬਾਦੀ ਕਰਨ ਵਾਲੇ ਪਦਾਰਥ ਹਨ। ਇਸੇ ਤਰ੍ਹਾਂ ਕਾਬਲੀ ਛੋਲੇ,ਮਾਂਹ ਅਤੇ ਕਾਲੇ ਛੋਲਿਆਂ ਦੀ ਵਰਤੋਂ ਨਾਲ ਵੀ ਗੈਸ ਪੈਦਾ ਹੁੰਦੀ ਹੈ ਅਤੇ ਪੇਟ ਵਿਚ ਅਫਰੇਵਾਂ ਹੋ ਜਾਂਦਾ ਹੈ ਅਤੇ ਪੇਟ ਵਿਚੋਂ ਗੈਸ ਖਾਰਿਜ ਹੋਣ ਮਗਰੋਂ ਹੀ ਬੰਦੇ ਨੂੰ ਅਰਾਮ ਮਹਿਸੂਸ ਹੁੰਦਾ ਹੈ। ਆਮ ਤੌਰ 'ਤੇ ਪੇਟ ਵਿਚ ਗੈਸ ਹੋਣ ਤੇ ਅਸੀਂ ਕੋਲਡ ਡਰਿੰਕਸ ਭਾਵ ਸੋਡਾ ਪੀਂਦੇ ਹਾਂ ਪਰ ਸ਼ਾਇਦ ਅਸੀਂ ਨਹੀਂ ਜਾਣਦੇ ਕਿ ਇਸ ਦੀ ਵਰਤੋਂ ਨਾਲ ਗੈਸ ਦੀ ਮਾਤਰਾ ਘਟਦੀ ਨਹੀਂ ਸਗੋਂ ਵੱਧਦੀ ਹੈ। ਬੀਅਰ,ਸੋਡਾ,ਕਾਰਬੋਨੇਟਿਡ ਬੇਵਰੇਜਿਜ ਜਿਵੇਂ ਕਿ ਕੋਲਡ ਡਰਿੰਕਸ,ਦੀ ਵਰਤੋਂ ਨਾਲ ਆਂਤਾਂ ਵਿਚ ਗੈਸ ਵਧਦੀ ਹੈ ਘਟਦੀ ਨਹੀਂ। ਇਸ ਦਾ ਕੁਝ ਹਿੱਸਾ ਤਾਂ ਤੁਸੀਂ ਡਕਾਰ ਰਾਹੀਂ ਬਾਹਰ ਕੱਢ ਦੇਂਦੇ ਹੋ ਪਰ ਗੈਸ ਦੀ ਕਾਫ਼ੀ ਮਾਤਰਾ ਅੰਦਰ ਹੀ ਰਹਿ ਜਾਂਦੀ ਹੈ। ਬਹੁਤ ਜ਼ਿਆਦਾ ਗਰਮ ਭੋਜਨ ਕਰਨਾ ਵੀ ਨੁਕਸਾਨ ਦੇਹ ਹੈ। ਇਸ ਨਾਲ ਸਰੀਰ ਵਿਚ ਹਵਾ ਵੀ ਜ਼ਿਆਦਾ ਜਾਂਦੀ ਹੈ ਅਤੇ ਖਾਣੇ ਦੀ ਨਾਲੀ 'ਤੇ ਵੀ ਮਾੜਾ ਅਸਰ ਪੈ ਸਕਦਾ ਹੈ। ਹੋਟਲਾਂ ਵਿਚ ਸਿਜ਼ਲਰ ਫੂਡ(ਗਰਮਾ ਗਰਮ ਖਾਣਾ) ਖਾਣ ਨਾਲ ਤੁਸੀਂ ਆਪਣਾ ਹੀ ਨੁਕਸਾਨ ਕਰਦੇ ਹੋ ਭਾਵੇਂ ਕੁਝ ਪਲਾਂ ਲਈ ਜੀਭ ਦਾ ਚਸਕਾ ਪੂਰਾ ਹੋ ਜਾਂਦਾ ਹੈ। ਹਰ ਵੇਲੇ ਕੁਝ ਨਾ ਕੁਝ ਚੱਬੀ ਜਾਣ ਨਾਲ ਵੀ ਗੈਸ ਦੀ ਮਾਤਰਾ ਵੱਧ ਜਾਂਦੀ ਹੈ। ਚਿਉਂਗਮ,ਪਾਨ ਮਸਾਲਾ,ਸਪਾਰੀ ਖਾਣ ਨਾਲ ਅਤੇ ਸਿਗਰਟ ਪੀਣ ਨਾਲ ਵੀ ਪੇਟ ਵਿਚ ਵਾਧੂ ਹਵਾ ਚਲੀ ਜਾਂਦੀ ਹੈ। ਜਿੰਨ੍ਹੀਆਂ ਜ਼ਿਆਦਾ ਕੋਈ ਸਿਗਰਟਾਂ ਪੀਂਦਾ ਹੈ ਉਨ੍ਹੀ ਹੀ ਜ਼ਿਆਦਾ ਹਵਾ ਉਹ ਆਪਣੇ ਸਰੀਰ ਵਿਚ ਖਿੱਚੀ ਜਾਂਦਾ ਹੈ। ਟਾਈਟ ਕਪੜੇ ਪਾਉਣ ਨਾਲ ਭਾਵੇਂ ਤੁਹਾਡੀ ਟੌਰ ਬਣ ਜਾਂਦੀ ਹੈ ਪਰ ਗੈਸ ਆਉਣ ਜਾਣ ਲਈ ਰੁਕਾਵਟ ਪਾਉਂਦੇ ਹਨ ਅਤੇ ਬੰਦੇ ਨੂੰ ਬੇਵਜ੍ਹਾ ਕਈ ਤਕਲੀਫ਼ਾਂ ਹੋਣ ਲੱਗਦੀਆਂ ਹਨ,ਖ਼ਾਸ ਕਰ ਕੇ ਢਿੱਡ ਦਰਦ ਅਤੇ ਸਾਹ ਚੜ੍ਹਨਾ। ਇਸ ਤਰ੍ਹਾਂ ਉਸ ਬੰਦੇ ਦੀ ਪਰੇਸ਼ਾਨੀ ਵਿਚ ਹੋਰ ਵਾਧਾ ਹੋ ਜਾਂਦਾ ਹੈ।

### ਅਲਾਮਤਾਂ

- *ਪੇਟ ਵਿਚ ਗੈਸ ਬਣਨੀ।*
- *ਖੱਟੇ ਡਕਾਰ ਆਉਣੇ।*
- *ਪੇਟ ਵਿਚ ਜਲਣ ਹੋਣੀ।*
- *ਛਾਤੀ ਦੇ ਹੇਠਲੇ ਹਿੱਸੇ ਵਿਚ ਦਰਦ ਹੋਣੀ। ਕਈ ਵਾਰੀ ਬੰਦਾ ਇਸ ਨੂੰ ਹਾਰਟ ਪਰਾਬਲਮ ਸਮਝ ਕੇ ਖ਼ੁਦ ਵੀ ਘਬਰਾ ਜਾਂਦਾ ਹੈ ਅਤੇ ਘਰਦਿਆਂ ਨੂੰ ਵੀ ਭਾਜੜਾਂ ਪਾ ਦੇਂਦਾ ਹੈ।*
- *ਲੰਮੇ ਸਮੇਂ ਤਕ ਗੈਸਟ੍ਰਾਈਟਿਸ ਰਹਿਣ ਨਾਲ ਖੰਘ, ਸਾਹ ਫੁੱਲਣਾ,ਅਵਾਜ਼ ਭਾਰੀ ਹੋਣੀ,ਗਲ਼ੇ ਵਿਚ ਖਾਰਿਸ਼ ਅਤੇ ਕੰਨਾਂ ਵਿਚ ਦਰਦ ਹੋ ਸਕਦਾ ਹੈ। ਅਜਿਹੀ ਪਰੇਸ਼ਾਨੀ ਕਰ ਕੇ ਰੋਗੀ ਚਿੜਚਿੜਾ ਹੋ ਜਾਂਦਾ ਹੈ।*
- *ਲਗਾਤਾਰ ਗੈਸਟ੍ਰਾਈਟਿਸ ਦਾ ਰੋਗ ਰਹਿਣ ਨਾਲ ਖਾਣੇ ਵਾਲੀ ਨਾਲੀ ਦਾ ਹੇਠਲਾ ਪਾਸਾ ਸੁੰਗੜ ਸਕਦਾ ਹੈ ਜਿਸ ਕਰਕੇ ਕੈਂਸਰ ਹੋਣ ਦਾ ਖ਼ਤਰਾ ਕਈ ਗੁਣਾ ਵੱਧ ਜਾਂਦਾ ਹੈ।*
- *ਕੁਝ ਲੋਕਾਂ ਨੂੰ ਖਾਣ ਵਿਚ ਮੁਸ਼ਕਿਲ ਹੁੰਦੀ ਹੈ ਅਤੇ ਖੱਟੇ ਡਕਾਰਾਂ ਕਰ ਕੇ ਮੂੰਹ ਦਾ ਸੁਆਦ ਵੀ ਵਿਗੜ ਜਾਂਦਾ ਹੈ ਅਤੇ ਲਗਾਤਾਰ ਹਿਚਕੀਆਂ ਵੀ ਆ ਸਕਦੀਆਂ ਹਨ ਅਤੇ ਪੇਟ ਦੇ ਉਪਰਲੇ ਹਿੱਸੇ ਵਿਚ ਗੈਸ ਦਾ ਗੋਲਾ ਬਣਨ ਲੱਗਦਾ ਹੈ।*

### ਬਚਾਅ

ਇਹ ਕਹਿਣਾ ਬਿਲਕੁਲ ਸਹੀ ਹੈ ਕਿ ਦਵਾਈ ਨਾਲੋਂ ਪਰਹੇਜ਼ ਜ਼ਿਆਦਾ ਫ਼ਾਇਦੇਮੰਦ ਹੈ। ਇਸ ਲਈ ਡਾਕਟਰ ਦੀ ਸਲਾਹ ਤਾਂ ਜ਼ਰੂਰ ਲੈਣੀ ਚਾਹੀਦੀ ਹੈ। ਲੋੜ ਤੋਂ ਵੱਧ ਕਦੇ ਵੀ ਨਹੀਂ ਖਾਣਾ ਚਾਹੀਦਾ ਭਾਵੇਂ ਮੁਫ਼ਤ ਵਿਚ ਹੀ ਮਿਲ ਰਿਹਾ ਹੋਵੇ ਜਾਂ ਖਾਣੇ ਵਿਚ ਕਾਫ਼ੀ ਸਾਰੀਆਂ ਸੁਆਦਲੀਆਂ ਚੀਜ਼ਾਂ ਹੋਣ। ਆਪਣੇ-ਆਪ 'ਤੇ ਅਤੇ ਆਪਣੇ ਢਿੱਡ ਤੇ ਥੋੜ੍ਹਾ ਤਰਸ ਖਾਣਾ ਚਾਹੀਦਾ ਹੈ। ਬਾਦੀ ਵਾਲੇ ਪਦਾਰਥ ਜਿਵੇਂ ਕਿ ਮਟਰ,ਚੌਲ,ਮਾਂਹ,ਛੋਲੇ,ਟਮਾਟਰ ਆਦਿ ਦੀ ਘੱਟ ਤੋਂ ਘੱਟ ਵਰਤੋਂ ਕਰਨੀ ਚਾਹੀਦੀ ਹੈ। ਇਸੇ ਤਰ੍ਹਾਂ ਜ਼ਿਆਦਾ ਮਿਰਚ ਮਸਾਲਿਆਂ ਅਤੇ ਖੱਟੀਆਂ ਚੀਜ਼ਾਂ ਦੀ ਵਰਤੋਂ ਵਾਲਵ ਨੂੰ ਕਮਜ਼ੋਰ ਬਣਾ ਦੇਂਦੇ ਹਨ। ਇਨ੍ਹਾਂ ਦੀ ਵਰਤੋਂ ਸੰਜਮ ਨਾਲ ਹੀ ਕਰਨੀ ਚਾਹੀਦੀ ਹੈ। ਸ਼ਰਾਬ ,ਸਿਗਰਟ,ਚਿਉਂਗਮ,ਪਾਨ ਮਸਾਲੇ ਵਰਗੇ ਪਦਾਰਥਾਂ ਦੀ ਵਰਤੋਂ ਤੇ ਵੀ ਕੰਟਰੋਲ ਕਰਨਾ ਚਾਹੀਦਾ ਹੈ।ਚਾਹ,ਕੌਫ਼ੀ ਅਤੇ ਕੋਲਡ ਡਰਿੰਕਸ ਵੀ ਘੱਟ ਪੀਣੇ ਚਾਹੀਦੇ ਹਨ ਅਤੇ ਬਹੁਤ ਜ਼ਿਆਦਾ ਗਰਮ ਖਾਣੇ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਖਾਣਾ ਖਾਣ ਤੋਂ ਤੁਰੰਤ ਮਗਰੋਂ ਨਾ ਤਾਂ ਲੰਮੇ ਪੈਣਾ ਚਾਹੀਦਾ ਹੈ ਅਤੇ ਨਾ ਹੀ ਝੁਕ ਕੇ ਕੰਮ ਕਰਨਾ ਚਾਹੀਦਾ ਹੈ। ਖਾਣਾ ਸੌਣ ਤੋਂ ਤਿੰਨ ਘੰਟੇ ਪਹਿਲਾਂ ਖਾ ਲੈਣਾ ਚਾਹੀਦਾ ਹੈ।

ਰੇਸ਼ੇਦਾਰ ਭੋਜਨ ਦੀ ਵਰਤੋਂ ਕਰਨੀ ਚਾਹੀਦੀ ਹੈ। ਫਲ਼ ਸਬਜ਼ੀਆਂ ਅਤੇ ਬਗੈਰ ਛਾਣੇ ਆਟੇ ਦੀ ਵਰਤੋਂ ਕਰਨੀ ਚਾਹੀਦੀ ਹੈ। ਇਸ ਤਰ੍ਹਾਂ ਕਬਜ਼ ਹੋਣ ਦਾ ਡਰ ਨਹੀਂ ਰਹਿੰਦਾ। ਸੌਂਫ,ਅਦਰਕ ਅਤੇ ਅਜਵਾਇਨ ਦੀ ਵਰਤੋਂ ਹਾਜ਼ਮੇ ਲਈ ਲਾਭਦਾਇਕ ਹੈ। ਜੇ ਸੀਨੇ ਵਿਚ ਜਲਣ ਹੋਵੇ ਤਾਂ ਬਿਲਕੁਲ ਠੰਡਾ ਦੁੱਧ ਪੀਣ ਨਾਲ ਕਾਫ਼ੀ ਅਰਾਮ ਮਿਲਦਾ ਹੈ ਪਰ ਦੁੱਧ ਇਕਦਮ ਨਹੀਂ ਪੀਣਾ ਸਗੋਂ ਦੋ-ਦੋ ਤਿੰਨ-ਤਿੰਨ ਘੁੱਟ ਥੋੜ੍ਹੇ-ਥੋੜ੍ਹੇ ਸਮੇਂ ਮਗਰੋਂ ਪੀਣ ਨਾਲ ਐਸਿਡਟੀ ਤੋਂ ਅਰਾਮ ਮਿਲਦਾ ਹੈ। ਜੇ ਦੁੱਧ ਨਾ ਮਿਲੇ ਤਾਂ ਪਾਣੀ ਦੇ ਘੁੱਟ ਪੀਣ ਨਾਲ ਵੀ ਅਰਾਮ ਮਿਲੇਗਾ ਕਿਉਂਕਿ ਇਸ ਤਰ੍ਹਾਂ ਖਾਣੇ ਵਾਲੀ ਨਾਲੀ ਸਾਫ਼ ਹੋ ਜਾਂਦੀ ਹੈ। ਰੋਟੀ ਖਾਣ ਤੋਂ ਕੁਝ ਦੇਰ ਮਗਰੋਂ ਹਲਕੀ ਸੈਰ ਜ਼ਰੂਰ ਕਰਨੀ ਚਾਹੀਦੀ ਹੈ।

ਜੇ ਇਨ੍ਹਾਂ ਧਿਆਨ ਰੱਖਣ ਦੇ ਬਾਵਜੂਦ ਵੀ ਪੇਟ ਵਿਚ ਜਲਣ ਨਹੀਂ ਹਟਦੀ ਤਾਂ ਡਾਕਟਰ ਦੀ ਸਲਾਹ ਨਾਲ ਐਂਟਾਸਿਡ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ। ਗੋਲੀਆਂ ਨਾਲੋਂ ਤਰਲ ਰੂਪ ਵਿਚ ਐਂਟਾਸਿਡ ਛੇਤੀ ਅਸਰ ਕਰਦੇ ਹਨ ਪਰ ਇਨ੍ਹਾਂ ਦੀ ਵਰਤੋਂ ਵੀ ਲੰਮੇ ਸਮੇਂ ਤਕ ਨਹੀਂ ਕਰਨੀ ਚਾਹੀਦੀ। •

98153-59222

# ‘ਮਾਵਾਂ-ਧੀਆਂ ਸਤਿਕਾਰ ਯੋਜਨਾ’ ਮਹਿਲਾ ਸਸ਼ਕਤੀਕਰਨ ਵੱਲ ਇਤਿਹਾਸਕ ਕਦਮ: ਸੁਰਜੀਤ ਸਿੰਘ ਰੱਖੜਾ



**ਸਮਾਣਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਕੈਬਨਿਟ ਮੰਤਰੀ ਅਤੇ ’ਆਪ’ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਨੇ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਧੂਰੀ ਵਿਖੇ ’ਮਾਵਾਂ-ਧੀਆਂ ਸਤਿਕਾਰ ਯੋਜਨਾ’ ਦਾ ਰਸਮੀ ਆਗਾਜ਼ ਕਰਨ ਨੂੰ ਪੰਜਾਬ ਦੀਆਂ ਮਹਿਲਾਵਾਂ ਦੇ ਸਨਮਾਨ ਅਤੇ ਸਸ਼ਕਤੀਕਰਨ ਵੱਲ ਇਤਿਹਾਸਿਕ ਕਦਮ ਕਰਾਰ ਦਿੱਤਾ।

ਉਨ੍ਹਾਂ ਦੀ ਅਗਵਾਈ ਹੇਠ ਹਲਕਾ ਸਮਾਣਾ ਦੀ ਸਮੁੱਚੀ ਲੀਡਰਸ਼ਿਪ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਅਗਰਵਾਲ ਧਰਮਸ਼ਾਲਾ, ਸਮਾਣਾ ਵਿਖੇ ਮੁੱਖ ਮੰਤਰੀ ਦੇ ਲਾਈਵ ਪ੍ਰਸਾਰਨ ਰਾਹੀਂ ਇਸ ਇਤਿਹਾਸਕ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ’ਮਾਵਾਂ-ਧੀਆਂ ਸਤਿਕਾਰ ਯੋਜਨਾ’ ਸਿਰਫ਼ ਇੱਕ ਵਿੱਤੀ ਸਹਾਇਤਾ ਨਹੀਂ, ਸਗੋਂ ਪੰਜਾਬ ਦੀਆਂ ਮਹਿਲਾਵਾਂ ਦੇ ਸਵੈਮਾਣ, ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਦਾ ਪ੍ਰਤੀਕ ਹੈ। ਇਸ ਯੋਜਨਾ ਨਾਲ ਘਰੇਲੂ ਜ਼ਿੰਮੇਵਾਰੀਆਂ ਨਿਭਾ ਰਹੀਆਂ ਮਹਿਲਾਵਾਂ ਨੂੰ ਆਰਥਿਕ ਸਹਾਰਾ ਮਿਲੇਗਾ, ਜਦਕਿ ਆਰਥਿਕ ਤੌਰ ’ਤੇ ਕਮਜ਼ੋਰ ਪਰਿਵਾਰਾਂ ਦੀਆਂ ਧੀਆਂ ਨੂੰ ਪੜ੍ਹਾਈ ਅਤੇ ਆਪਣੇ ਸੁਪਨੇ ਸਾਕਾਰ ਕਰਨ ਲਈ ਨਵਾਂ ਬਲ ਮਿਲੇਗਾ। ਰੱਖੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕ ਭਲਾਈ ਅਤੇ ਸਮਾਜ ਦੇ ਹਰ ਵਰਗ ਦੇ ਸਨਮਾਨ ਲਈ ਵਚਨਬੱਧ ਹੈ ਅਤੇ ਇਹ ਯੋਜਨਾ ਉਸੇ ਵਚਨਬੱਧਤਾ ਦਾ ਮਜ਼ਬੂਤ ਪ੍ਰਮਾਣ ਹੈ। ਇਸ ਮੌਕੇ ਐਡਵੋਕੇਟ ਗੁਲਜ਼ਾਰ ਸਿੰਘ ਵਿਰਕ ਹਲਕਾ ਸੰਗਠਨ ਇੰਚਾਰਜ, ਸਾਬਕਾ ਚੇਅਰਮੈਨ ਹਰਿੰਦਰ ਸਿੰਘ ਕੁਲਬੁਰਛਾਂ, ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ, ਸੀਨੀਅਰ ਵਾਈਸ ਪਾਰਸ ਸ਼ਰਮਾ, ਵਾਈਸ ਪ੍ਰਧਾਨ ਧਰਮਪਾਲ, ਕੌਂਸਲਰ ਰਾਣਾ ਸੇਖੋਂ, ਕੌਂਸਲਰ ਜਗਤਾਰ ਸੰਧੂ, ਕੌਂਸਲਰ ਬੇਅੰਤ ਬੱਗਾ, ਕੌਂਸਲਰ ਕੋਮਲ ਮਹੰਤ, ਕੌਂਸਲਰ ਅਮਨਦੀਪ ਕੌਰ, ਰਾਜ ਕੌਰ ਵਾਹਲਾ, ਕੌਂਸਲਰ ਸੁਰਜੀਤ ਰਾਮ ਪੱਪੀ, ਕੌਂਸਲਰ ਸੋਨੀ ਕਿੰਗ , ਨਿਸ਼ਾਨ ਸਿੰਘ, ਹੁਸ਼ਨਦੀਪ ਬਾਂਸਲ, ਗੁਰਦਿਆਲ ਸਿੰਘ ਰੰਧਾਵਾ, ਗੁਰਦੀਪ ਸ਼ਰਮਾ, ਸੰਗਠਨ ਅਹੁਦੇਦਾਰ ਹਲਕਾ ਸਮਾਣਾ ਅਤੇ ਵੱਡੀ ਗਿਣਤੀ ’ਚ ਸਮਾਣਾ ਵਾਸੀ ਹਾਜ਼ਰ ਰਹੇ।

# ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ: ਹਰਪਾਲ ਸਿੰਘ ਚੀਮਾ

**ਦਿੜ੍ਹਬਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਦਿੜ੍ਹਬਾ ਵਿਖੇ ਔਰਤਾਂ ਦੇ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿੱਤ ਮੰਤਰੀ, ਸ੍ਰ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 2022 ਵਿੱਚ ਚੋਣਾਂ ਸਮੇਂ ਕੀਤੇ ਗਏ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ। ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਤਹਿਤ ਔਰਤਾਂ ਦੇ ਖਾਤੇ ਵਿੱਚ ਤਿੰਨ ਮਹੀਨਿਆਂ ਦੀ ਬਣਦੀ ਰਾਸ਼ੀ ਪਾ ਕੇ ਰਹਿੰਦਾ ਵਾਅਦਾ ਵੀ ਪੂਰਾ ਕਰ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਜਨਰਲ ਵਰਗ ਨਾਲ ਸਬੰਧਤ ਮਹਿਲਾਵਾਂ ਦੇ ਖਾਤੇ ਵਿੱਚ 3000 ਰੁਪਏ ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਦੇ ਖਾਤੇ ਵਿੱਚ 4500 ਰੁਪਏ ਪਾਏ ਜਾ ਚੁੱਕੇ ਹਨ।

ਇਸ ਕੰਮ ਲਈ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਨੂੰ ਵਧਾਈ ਦਿੰਦੇ ਹੋਏ ਸ੍ਰ ਚੀਮਾ ਨੇ ਕਿਹਾ ਕਿ ਮਹਿਲਾ ਵਿੰਗ ਨੇ ਇਸ ਸਕੀਮ ਦੀ ਸਫਲਤਾ ਲਈ ਦਿਨ ਰਾਤ ਮਿਹਨਤ ਕਰ ਕੇ ਔਰਤਾਂ ਦੇ ਖਾਤੇ ਰਜਿਸਟਰਡ ਕੀਤੇ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਜਿੱਥੇ ਤਰੱਕੀਆਂ ਦੀਆਂ ਸਿਖਰਾਂ ਛੋਹ ਰਿਹਾ ਹੈ, ਉਸ ਦੇ ਨਾਲ ਹੀ ਚੋਣਾਂ ਸਮੇਂ ਲੋਕਾਂ ਨਾਲ ਕੀਤੇ ਗਏ ਸਾਰੇ ਵਾਅਦੇ ਇੱਕ-ਇੱਕ ਕਰਕੇ ਪੂਰੇ ਕਰ ਦਿੱਤੇ ਗਏ ਹਨ।

ਸਭ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਬਿਨਾਂ ਕਿਸੇ ਭੇਦਭਾਵ ਦੇ ਅਤੇ ਹਰ ਇੱਕ ਪੰਜਾਬ ਦੇ ਵਾਸੀ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਆਫ ਕੀਤੀ ਗਈ। ਇਸ ਤੋਂ ਬਾਅਦ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਸਕੂਲ ਆਫ ਐਮੀਨੈਂਸ ਬਣਾਏ ਗਏ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਹਰ ਤੀਸਰੇ ਪਿੰਡ ਵਿੱਚ ਸ਼ਾਨਦਾਰ ਸਟੇਡੀਅਮ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 3000 ਦੇ ਕਰੀਬ ਸਟੇਡੀਅਮ ਬਣ ਕੇ ਤਿਆਰ ਹੋ ਚੁੱਕੇ ਹਨ ਅਤੇ 6000 ਹੋਰ ਸਟੇਡੀਅਮਾਂ ਦਾ ਕੰਮ ਚੱਲ ਰਿਹਾ ਹੈ। ਇਸ ਨਾਲ ਪੰਜਾਬ ਦੇ ਨੌਜਵਾਨ ਨਸ਼ਿਆਂ ਤੋਂ ਦੂਰ ਰਹਿਣਗੇ ਅਤੇ ਖੇਡਾਂ ਪ੍ਰਤੀ ਆਪਣੀ ਰੁਚੀ ਅਤੇ ਸ਼ਕਤੀ ਲਾਉਣਗੇ।

ਇਸ ਤੋਂ ਇਲਾਵਾ ਜੇਕਰ ਸੜਕਾਂ ਦੀ ਗੱਲ ਕਰੀਏ ਤਾਂ ਪੰਜਾਬ ਅੰਦਰ 45 ਹਜ਼ਾਰ ਕਿਲੋਮੀਟਰ ਸੜਕਾਂ ਬਣਾਈਆਂ ਗਈਆਂ ਹਨ ਅਤੇ ਕਈਆਂ ’ਤੇ ਕੰਮ ਜ਼ੋਰਾਂ ਉੱਤੇ ਚੱਲ ਰਿਹਾ ਹੈ, ਉਹ ਵੀ ਜਲਦੀ ਬਣ ਕੇ ਤਿਆਰ ਹੋ ਜਾਣਗੀਆਂ। ਉਹਨਾਂ ਨੇ ਵਿਰੋਧੀ ਪਾਰਟੀਆਂ ’ਤੇ ਤੰਜ਼ ਕਸਦੇ ਹੋਏ ਕਿਹਾ ਕਿ ਉਹ ਸਦਾ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਸਰਕਾਰਾਂ ਬਣਾ ਲੈਂਦੇ ਸੀ ਪਰ ਪੰਜ ਸਾਲ ਲੋਕਾਂ ਤੋਂ ਦੂਰ ਰਹਿੰਦੇ ਸਨ। ਚੋਣਾਂ ਸਮੇਂ ਕੀਤਾ ਹੋਇਆ ਵਾਅਦਾ ਪੂਰਾ ਕਰਨ ਨਾ ਤਾਂ ਦੂਰ ਦੀ ਗੱਲ ਆਪਣੇ ਮਹਿਲਾਂ ਵਿੱਚੋਂ ਨਿਕਲ ਕੇ ਲੋਕਾਂ ਦੀਆਂ ਦੁੱਖ ਤਕਲੀਫਾਂ ਵੀ ਨਹੀਂ ਸੁਣਦੇ ਸਨ।

ਕਾਂਗਰਸ ਸਰਕਾਰ ਨੇ ਘਰ ਘਰ ਜਾ ਕੇ ਹਰ ਘਰ ਨੌਕਰੀ ਦੇਣ ਦਾ ਵਾਅਦਾ ਕੀਤਾ ਸੀ ਪਰ ਪੰਜ ਸਾਲ ਬੀਤ ਜਾਣ ਤੋਂ ਬਾਅਦ ਵੀ ਉਹਨਾਂ ਨੇ ਕੋਈ ਵਾਅਦਾ ਪੂਰਾ ਨਹੀਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸਹਿਯੋਗ ਦੇ ਰਹੇ ਹਨ ਅਤੇ 2027 ਦੀਆਂ ਚੋਣਾਂ ਵਿੱਚ ਵੀ ਵੱਡੀ ਜਿੱਤ ਪ੍ਰਾਪਤ ਕਰਕੇ ਦੁਬਾਰਾ ਸਰਕਾਰ ਬਣਾਉਣ ਦਾ ਦਾਅਵਾ ਕੀਤਾ ਗਿਆ। ਇਸ ਮੌਕੇ ਇਸਤਰੀ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਜਸਵੀਰ ਕੌਰ ਸ਼ੇਰਗਿੱਲ, ਇੰਪਰੂਵਮੈਂਟ ਟਰਸਟ ਸੰਗਰੂਰ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਚੇਅਰਮੈਨ ਬਲਾਕ ਸੰਮਤੀ ਮਨਜੀਤ ਕੌਰ, ਹਲਕਾ ਕੋਆਰਡੀਨੇਟਰ ਅਮਨਦੀਪ ਕੌਰ, ਚੇਅਰਮੈਨ ਮਾਰਕੀਟ ਕਮੇਟੀ ਸੂਲਰ ਘਰਾਟ ਹਰਵਿੰਦਰ ਸਿੰਘ ਛਾਜਲੀ, ਚੇਅਰਮੈਨ ਬਲਾਕ ਸੰਮਤੀ ਛਾਜਲੀ ਰਣਜੀਤ ਸਿੰਘ ਅਤੇ ਹੋਰ ਵਰਕਰ ਹਾਜ਼ਰ ਸਨ।

# ਸੁਨਾਮ ਪੁਲਿਸ ਨੇ ਗੁੰਮ ਹੋਏ ਜੁੜਵਾਂ ਬੱਚੇ 2 ਘੰਟਿਆਂ ਵਿੱਚ ਲੱਭ ਕੇ ਮਾਪਿਆਂ ਹਵਾਲੇ ਕੀਤੇ



**ਸੁਨਾਮ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਨਾਮ ਪੁਲਿਸ ਨੇ ਸਥਾਨਕ ਸ਼ਹਿਰ ਤੋਂ ਗੁੰਮ ਹੋਏ ਦੋ ਨਾਬਾਲਗ ਬੱਚਿਆਂ ਨੂੰ ਸਿਰਫ ਦੋ ਘੰਟਿਆਂ ਵਿੱਚ ਲੱਭ ਕੇ ਮਾਪਿਆਂ ਹਵਾਲੇ ਕੀਤਾ ਹੈ।

ਜਾਣਕਾਰੀ ਦਿੰਦਿਆਂ ਐਸ ਐਚ ਓ ਸੁਨਾਮ ਪ੍ਰਤੀਕ ਜਿੰਦਲ ਨੇ ਦੱਸਿਆ ਕਿ ਅੱਜ ਦੁਪਹਿਰ ਦੋਵੇਂ ਜੁੜਵਾ ਬੱਚੇ ਚੌਹੱਟਾ ਬਾਜ਼ਾਰ, ਸੁਨਾਮ ਤੋਂ ਲਾਪਤਾ ਹੋ ਗਏ ਸਨ। ਬੱਚਿਆਂ ਦੇ ਪਿਤਾ ਕੈਲਾਸ਼ ਰਾਇ ਨੇ ਸ਼ਾਮ ਕਰੀਬ 5:30 ਵਜੇ ਥਾਣਾ ਸਿਟੀ ਸੁਨਾਮ ਪਹੁੰਚ ਕੇ ਬੱਚਿਆਂ ਲਵ ਕੁਮਾਰ ਪੁੱਤਰ ਕੈਲਾਸ਼ ਰਾਇ (ਉਮਰ 4 ਸਾਲ) ਅਤੇ ਕੁਸ਼ ਕੁਮਾਰ ਪੁੱਤਰ ਕੈਲਾਸ਼ ਰਾਇ (ਉਮਰ 4 ਸਾਲ) ਦੇ ਗੁੰਮ ਹੋਣ ਸਬੰਧੀ ਸੂਚਨਾ ਦਿੱਤੀ।

ਥਾਣਾ ਸਿਟੀ ਸੁਨਾਮ ਦੇ ਐੱਸ.ਐੱਚ.ਓ. ਵੱਲੋਂ ਤੁਰੰਤ ਉੱਚ ਅਧਿਕਾਰੀਆਂ ਨੂੰ ਸੂਚਿਤ ਕੀਤਾ ਗਿਆ। ਐੱਸ.ਐੱਸ.ਪੀ. ਸੰਗਰੂਰ ਸ੍ਰੀਮਤੀ ਰਵਜੋਤ ਗਰੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡੀ.ਐੱਸ.ਪੀ. ਸੁਨਾਮ ਹਰਵਿੰਦਰ ਖੈਰਾ ਦੀ ਨਿਗਰਾਨੀ ਹੇਠ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ। ਉਹਨਾਂ ਦੱਸਿਆ ਕਿ ਇਹ ਦੋਵੇਂ ਬੱਚੇ ਮੂਲ ਰੂਪ ਵਿੱਚ ਬਿਹਾਰ ਦੇ ਰਹਿਣ ਵਾਲੇ ਹਨ ਅਤੇ ਇਸ ਸਮੇਂ ਚੁਹੱਟਾ ਬਾਜ਼ਾਰ ਸੁਨਾਮ ਵਿੱਚ ਰਹਿ ਰਹੇ ਹਨ।

ਉਹਨਾਂ ਦੱਸਿਆ ਕਿ ਥਾਣਾ ਸਿਟੀ ਸੁਨਾਮ ਅਤੇ ਚੌਂਕੀ ਅਨਾਜ ਮੰਡੀ ਸੁਨਾਮ ਦੀਆਂ ਟੀਮਾਂ ਨੇ ਤਕਨੀਕੀ ਸੂਚਨਾਵਾਂ ਅਤੇ ਮਨੁੱਖੀ ਖੁਫੀਆ ਜਾਣਕਾਰੀ ਦੇ ਆਧਾਰ ’ਤੇ ਕਾਰਵਾਈ ਕਰਦਿਆਂ ਮਹਿਜ਼ 2 ਘੰਟਿਆਂ ਦੇ ਅੰਦਰ ਦੋਵੇਂ ਬੱਚਿਆਂ ਨੂੰ ਸੁਰੱਖਿਅਤ ਲੱਭ ਲਿਆ। ਇਸ ਤੋਂ ਬਾਅਦ ਬੱਚਿਆਂ ਨੂੰ ਸੁਰੱਖਿਅਤ ਤੌਰ ’ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਹਵਾਲੇ ਕਰ ਦਿੱਤਾ ਗਿਆ।

# ਕੋਟਪਾ ਐਕਟ ਦੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲਿਆਂ ਵਿਰੁੱਧ ਹੋਵੇਗੀ ਸਖਤ ਕਾਰਵਾਈ : ਡਾ.ਇੰਦਰਪ੍ਰੀਤ ਰੰਧਾਵਾ

**ਪਟਿਆਲਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਫੂਡ ਐਂਡ ਡਰੱਗ ਐਡਮਿਨਿਸਟਰੇਸ਼ਨ ਕਮਿਸ਼ਨਰ ਪੰਜਾਬ ਕਮਲਪ੍ਰੀਤ ਕੌਰ ਬਰਾੜ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਦੀ ਅਗਵਾਈ ਹੇਠ ਸਿਹਤ ਵਿਭਾਗ ਪਟਿਆਲਾ ਵੱਲੋਂ ਸਿਗਰਟ ਤੇ ਹੋਰ ਤੰਬਾਕੂ ਉਤਪਾਦ ਕਟਪਾ ਐਕਟ ਦੀਆਂ ਧਾਰਾਵਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਸ਼ਹਿਰ ਵਿੱਚ ਵਿਸ਼ੇਸ਼ ਜਾਂਚ ਮੁਹਿੰਮ ਚਲਾਉਣ ਵਾਸਤੇ ਦੋ ਸਾਂਝੀਆਂ ਇਨਫੋਰਸਮੈਂਟ ਟੀਮਾਂ ਦਾ ਗਠਨ ਕੀਤਾ ਗਿਆ। ਇਹਨਾਂ ਟੀਮਾਂ ਦੀ ਪ੍ਰਧਾਨਗੀ ਜਿਲ੍ਹਾ ਸਹਾਇਕ ਸਿਹਤ ਅਫਸਰ ਕਮ ਜਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ ਡਾ.ਇੰਦਰਪ੍ਰੀਤ ਰੰਧਾਵਾ, ਜਿਲ੍ਹਾ ਸਿਹਤ ਅਫਸਰ ਡਾ.ਗੁਰਪ੍ਰੀਤ ਕੌਰ ਅਤੇ ਜੋਨਲ ਲਾਈਸੈਂਸਿੰਗ ਅਥਾਰਿਟੀ ਡਾ.ਨਵਜੋਤ ਕੌਰ ਵੱਲੋਂ ਕੀਤੀ ਗਈ। ਵਿਸ਼ੇਸ਼ ਜਾਂਚ ਮੁਹਿੰਮ ਦੌਰਾਨ ਟੀਮਾਂ ਵੱਲੋਂ ਪਟਿਆਲਾ ਸ਼ਹਿਰ ਦੇ 10 ਵੱਖ-ਵੱਖ ਖੇਤਰਾਂ ਜਿਵੇਂ ਕਿ ਲਾਹੌਰੀ ਗੇਟ, ਤ੍ਰਿਵੇਣੀ ਚੌਂਕ, ਸੰਤ ਨਗਰ, ਸਰਹੰਦੀ ਬਜ਼ਾਰ, ਸਰਹੰਦੀ ਗੇਟ, ਤ੍ਰਿਪੜੀ, ਅਰਨਾ ਬਰਨਾ ਚੌਂਕ ਵਿੱਚ ਸਥਿਤ ਸਿਗਰਟ ਅਤੇ ਤੰਬਾਕੂ ਉਤਪਾਦਾਂ ਦੀਆਂ ਦੁਕਾਨਾਂ ਦੀ ਜਾਂਚ ਕੀਤੀ ਗਈ। ਇਸ ਦੌਰਾਨ ਇੱਕ ਦੁਕਾਨ ਤੋਂ ਲਾਜ਼ਮੀ ਤਸਵੀਰੀ ਸਿਹਤ ਚੇਤਾਵਨੀ ਤੋਂ ਬਿਨਾਂ ਵਿਕਰੀ ਲਈ ਰੱਖੇ ਸਿਗਰਟਾਂ ਦੇ 1038 ਪੈਕਟ, 179 ਸਿਗਾਰਾ ਅਤੇ 2160 ਲੂਜ਼ ਸਿਗਰਟਾਂ ਸਹਿਤ 28 ਉਤਪਾਦ ਬਰਾਮਦ ਕੀਤੇ ਗਏ। ਉਕਤ ਸਾਰਾ ਸਟਾਕ ਕੋਟਪਾ ਐਕਟ ਸੈਕਸ਼ਨ 7 ਦੀਆਂ ਧਰਾਵਾਂ ਅਧੀਨ ਮੌਕੇ ਤੇ ਹੀ ਜਬਤ ਕਰ ਲਿਆ ਗਿਆ। ਸੰਬੰਧਿਤ ਦੁਕਾਨਦਾਰ ਨੂੰ ਸ਼ੋਅ ਕਾਜ਼ ਨੋਟਿਸ ਜਾਰੀ ਕਰ ਦਿੱਤਾ ਗਿਆ ਅਤੇ ਕੋਟਪਾ ਐਕਟ ਦੇ ਤਹਿਤ ਅਗਲੀ ਕਾਨੂੰਨੀ ਕਰਵਾਈ ਸ਼ੁਰੂ ਕਰ ਦਿੱਤੀ ਹੈ।

ਅਧਿਕਾਰੀਆਂ ਨੇ ਸਪਸ਼ਟ ਕੀਤਾ ਕਿ ਤੰਬਾਕੂ ਕੰਟਰੋਲ ਕਾਨੂੰਨਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਵੀ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ.ਇੰਦਰਪ੍ਰੀਤ ਰੰਧਾਵਾ ਨੇ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸਿਹਤ ਦੀ ਸੁਰੱਖਿਆ ਅਤੇ ਤੰਬਾਕੂ ਕੰਟਰੋਲ ਕਾਨੂੰਨਾਂ ਦੀ ਸਖਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਹਨਾਂ ਕਿਹਾ ਕਿ ਤੰਬਾਕੂ ਉਤਪਾਦਾਂ ਤੇ ਲਾਜ਼ਮੀ ਤਸਵੀਰੀ ਸਿਹਤ ਚੇਤਾਵਨੀ ਲੋਕਾਂ ਨੂੰ ਤੰਬਾਕੂ ਸੇਵਨ ਨਾਲ ਹੋਣ ਵਾਲੀ ਗੰਭੀਰ ਸਿਹਤ ਖਤਰਿਆਂ ਬਾਰੇ ਜਾਗਰੂਕ ਕਰਨ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਇਸ ਦੀ ਵਰਤੋਂ ਦੂਰ ਰੱਖਣ ਲਈ ਬਹੁਤ ਮਹੱਤਵਪੂਰਨ ਹਨ। ਉਹਨਾਂ ਚੇਤਾਵਨੀ ਦਿੱਤੀ ਕਿ ਕੋਟਪਾ ਐਕਟ ਦੀ ਕਿਸੇ ਵੀ ਤਰ੍ਹਾਂ ਉਲੰਘਣਾ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਚੰਡੀਗੜ੍ਹ ਰੈੱਡ ਕਰਾਸ ਦੇ ਮਾਰਗਦਰਸ਼ਨ ਵਿੱਚ ਖ਼ੂਨਦਾਨ ਕੈਂਪ ਦਾ ਆਯੋਜਨ

**ਚੰਡੀਗੜ੍ਹ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਚੰਡੀਗੜ੍ਹ ਰੈੱਡ ਕਰਾਸ ਸੋਸਾਇਟੀ ਨੇ ਅੱਜ ਮਿਤੀ 01.07.2026 ਨੂੰ ਹਰਿਆਣਾ ਵਿਧਾਨ ਸਭਾ, ਚੰਡੀਗੜ੍ਹ ਵਿਖੇ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ, ਡਿਪਟੀ ਕਮਿਸ਼ਨਰ-ਅਤੇ ਚੇਅਰਮੈਨ, ਚੰਡੀਗੜ੍ਹ ਰੈੱਡ ਕਰਾਸ ਦੇ ਮਾਰਗਦਰਸ਼ਨ ਵਿੱਚ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ।

ਖ਼ੂਨਦਾਨ ਕੈਂਪ ਦਾ ਉਦਘਾਟਨ ਹਰਿਆਣਾ ਵਿਧਾਨ ਸਭਾ ਦੇ ਮਾਣਯੋਗ ਸਪੀਕਰ ਸ਼੍ਰੀ ਹਰਵਿੰਦਰ ਕਲਿਆਣ ਨੇ ਕੀਤਾ। ਇਸ ਅਵਸਰ ’ਤੇ ਉਨ੍ਹਾਂ ਦਾ ਸੁਆਗਤ ਰੈੱਡ ਕਰਾਸ ਦੇ ਨੋਡਲ ਅਫ਼ਸਰ-ਅਤੇ-ਸੁਪਰਡੈਂਟ, ਸੁਸ਼੍ਰੀ ਪੂਨਮ ਮਲਿਕ, ਦੁਆਰਾ ਕੀਤਾ ਗਿਆ।

ਪ੍ਰੋਗਰਾਮ ਵਿੱਚ ਸ਼੍ਰੀ ਪੰਕਜ, ਆਈਏਐੱਸ, ਹਰਿਆਣਾ ਵਿਧਾਨ ਸਭਾ ਦੇ ਸਕੱਤਰ, ਸ਼੍ਰੀ ਰਾਜੀਵ ਪ੍ਰਸਾਦ ਅਤੇ ਹਰਿਆਣਾ ਦੇ ਵਿਭਿੰਨ 08 ਵਿਧਾਨ ਸਭਾ ਖੇਤਰਾਂ ਦੇ ਵਿਧਾਇਕ ਵੀ ਉਪਸਥਿਤ ਰਹੇ ਅਤੇ ਉਨ੍ਹਾਂ ਨੇ ਇਸ ਪੁਨੀਤ ਕਾਰਜ ਲਈ ਖ਼ੂਨਦਾਨੀਆਂ ਦਾ ਉਤਸ਼ਾਹਵਰਧਨ ਕੀਤਾ। ਕੈਂਪ ਵਿੱਚ ਖ਼ੂਨ ਇਕੱਠਾ ਕਰਨ ਅਤੇ ਖ਼ੂਨਦਾਨ ਪ੍ਰਕਿਰਿਆ ਦੇ ਸੁਚਾਰੂ ਸੰਚਾਲਨ ਲਈ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐੱਮਸੀਐੱਚ/7$38)-32, ਚੰਡੀਗੜ੍ਹ ਦੀ ਟੀਮ ਉਪਸਥਿਤ ਰਹੀ।

ਵਿਸ਼ਵਾਸ ਫਾਊਂਡੇਸ਼ਨ ਨੇ ਕੈਂਪ ਦੀ ਸਫ਼ਲਤਾ ਵਿੱਚ ਯੋਗਦਾਨ ਪਾਉਂਦਿਆਂ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਅਤੇ ਤੋਹਫ਼ੇ ਪ੍ਰਦਾਨ ਕੀਤੇ। ਕੈਂਪ ਨੂੰ ਖ਼ੂਨਦਾਨੀਆਂ ਦਾ ਉਤਸ਼ਾਹਜਨਕ ਸਹਿਯੋਗ ਪ੍ਰਾਪਤ ਹੋਇਆ ਅਤੇ 140 ਤੋਂ ਅਧਿਕ ਯੂਨਿਟ ਖ਼ੂਨ ਇਕੱਠਾ ਹੋਇਆ।

ਚੰਡੀਗੜ੍ਹ ਰੈੱਡ ਕਰਾਸ ਸੋਸਾਇਟੀ ਇਸ ਸਫ਼ਲ ਆਯੋਜਨ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਸਵੈ-ਇੱਛਤ ਖ਼ੂਨਦਾਨੀਆਂ, ਵਿਸ਼ਵਾਸ ਫਾਊਂਡੇਸ਼ਨ ਅਤੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਪ੍ਰਤੀ ਹਾਰਦਿਕ ਆਭਾਰ ਵਿਅਕਤ ਕਰਦੀ ਹੈ।

# ਸੀ ਟੀ ਯੂਨੀਵਰਸਿਟੀ ਦਾ ‘ਰੰਗ ਪੰਜਾਬੀ’ ਸੋਲੋ ਭੰਗੜਾ ਤੇ ਗਿੱਧਾ ਕੱਪ 2026 ਸ਼ਾਨਦਾਰ ਢੰਗ ਨਾਲ ਸੰਪੰਨ

**ਲੁਧਿਆਣਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਟੀ ਯੂਨੀਵਰਸਿਟੀ ਵਿਖੇ ਤੀਜਾ ‘ਰੰਗ ਪੰਜਾਬੀ’ ਸੋਲੋ ਭੰਗੜਾ ਅਤੇ ਗਿੱਧਾ ਕੱਪ 2026 ਸ਼ਾਨਦਾਰ ਢੰਗ ਨਾਲ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਭਰ ਤੋਂ 100 ਤੋਂ ਵੱਧ ਪ੍ਰਤੀਭਾਗੀਆਂ ਨੇ ਭਾਗ ਲੈ ਕੇ ਪੰਜਾਬੀ ਲੋਕ ਸੱਭਿਆਚਾਰ ਦੀ ਰੰਗਤ ਬਿਖੇਰੀ। ਮੁਕਾਬਲੇ ਛੇ ਵੱਖ-ਵੱਖ ਵਰਗਾਂ ਵਿੱਚ ਕਰਵਾਏ ਗਏ ਅਤੇ ਕੁੱਲ 18 ਜੇਤੂਆਂ ਨੂੰ ਲਗਭਗ ?1 ਲੱਖ ਦੀ ਇਨਾਮੀ ਰਾਸ਼ੀ, ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਸਮਾਗਮ ਵਿੱਚ ਮੁੱਖ ਮਹਿਮਾਨਾਂ ਨੇ ਪੰਜਾਬੀ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਲਈ ਸੀ ਟੀ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਪੰਜਾਬੀ ਲੋਕ ਕਲਾ ਦੇ ਪ੍ਰਚਾਰ ਵਿੱਚ ਵਿਸ਼ੇਸ਼ ਯੋਗਦਾਨ ਲਈ ਪੱਪੀ ਗਿੱਲ, ਮੇਜਰ ਚੱਠਾ ਅਤੇ ਜਸਵੀਰ ਕੌਰ ਬੈਂਸ ਨੂੰ ਲਾਈਫਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।




ਪ੍ਰੋ ਚਾਂਸਲਰ ਡਾ. ਮਨਬੀਰ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਪੰਜਾਬ ਦੀ ਲੋਕ ਵਿਰਾਸਤ ਅਤੇ ਸੱਭਿਆਚਾਰ ਨੂੰ ਸੰਭਾਲਣ ਲਈ ਲਗਾਤਾਰ ਵਚਨਬੱਧ ਹੈ, ਜਦਕਿ ਡਿਪਾਰਟਮੈਂਟ ਆਫ ਸਟੂਡੈਂਟ ਵੈਲਫੇਅਰ ਦੇ ਡਾਇਰੈਕਟਰ ਇੰਜੀ. ਦਵਿੰਦਰ ਸਿੰਘ ਨੇ ਕਿਹਾ ਕਿ ‘ਰੰਗ ਪੰਜਾਬੀ’ ਹੁਣ ਯੂਨੀਵਰਸਿਟੀ ਦਾ ਪ੍ਰਮੁੱਖ ਸੱਭਿਆਚਾਰਕ ਸਮਾਗਮ ਬਣ ਚੁੱਕਾ ਹੈ, ਜੋ ਨੌਜਵਾਨ ਕਲਾਕਾਰਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵੱਡਾ ਮੰਚ ਪ੍ਰਦਾਨ ਕਰ ਰਿਹਾ ਹੈ।

# ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ’ਚ 1687 ਸਿਖਿਆਰਥੀਆਂ ਦੀ ਸਿਖ਼ਲਾਈ ਸੰਪੰਨ

**ਜਲੰਧਰ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਵਿਖੇ ਜ਼ਿਲ੍ਹਾ, ਆਰਮਡ ਪੁਲਿਸ, ਇਨਵੈਸਟੀਗੇਸ਼ਨ ਅਤੇ ਤਕਨੀਕੀ ਸੇਵਾਵਾਂ ਕਾਡਰ ਦੇ 1687 ਸਿਖਿਆਰਥੀਆਂ ਲਈ ਅੱਪਰ ਅਤੇ ਇੰਟਰਮੀਡੀਏਟ ਸਕੂਲ ਕੋਰਸਾਂ ਸਮੇਤ ਪ੍ਰੀ-ਪ੍ਰਮੋਸ਼ਨਲ ਸਿਖ਼ਲਾਈ ਮੁਕੰਮਲ ਹੋਣ ’ਤੇ ਇੱਕ ਸ਼ਾਨਦਾਰ ਸਮਾਰੋਹ ਕਰਵਾਇਆ ਗਿਆ।

ਇਸ ਮੌਕੇ ਡਾਇਰੈਕਟਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਧਨਪ੍ਰੀਤ ਕੌਰ ਆਈ.ਪੀ.ਐਸ. ਵੱਲੋਂ ਸ਼ਮ੍ਹਾ ਰੌਸ਼ਨ ਕਰਕੇ ਸਮਾਗਮ ਦਾ ਆਗਾਜ਼ ਕੀਤਾ ਗਿਆ। ਉਨ੍ਹਾਂ ਸਿਖਿਆਰਥੀਆਂ ਨੂੰ ਸਿਖ਼ਲਾਈ ਮੁਕੰਮਲ ਹੋਣ ’ਤੇ ਸ਼ੁਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਅਕੈਡਮੀ ਦੇ ਅਧਿਕਾਰੀਆਂ, ਸਟਾਫ਼ ਅਤੇ ਸਿਖਿਆਰਥੀਆਂ ਨਾਲ ਮੈਸ ਡਿਨਰ ਵਿੱਚ ਸ਼ਮੂਲੀਅਤ ਵੀ ਕੀਤੀ।

ਇਸ ਦੌਰਾਨ ਟ੍ਰੇਨਿੰਗ ਪੂਰੀ ਕਰਨ ਵਾਲੇ ਸਿਖਿਆਰਥੀਆਂ ਵੱਲੋਂ ਸੱਭਿਆਚਾਰਕ ਸਮਾਗਮ ਵੀ ਪੇਸ਼ ਕੀਤਾ ਗਿਆ।

# ਔਰਤਾਂ ਦੇ ਖਾਤਿਆਂ ਵਿੱਚ ‘ਸਤਿਕਾਰ ਰਾਸ਼ੀ’ ਪਹੁੰਚਣ ਨਾਲ ਸਰਕਾਰ ਨੇ ਪੂਰੀ ਕੀਤੀ ਆਪਣੀ ਆਖਰੀ ਗਾਰੰਟੀ : ਪ੍ਰਿੰਸੀਪਲ ਪਰਮਿੰਦਰ ਕੌਰ

**ਅਮਰਗੜ੍ਹ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਉਨ੍ਹਾਂ ਦੀ ਧਰਮਪਤਨੀ ਪ੍ਰਿੰਸੀਪਲ ਪਰਮਿੰਦਰ ਕੌਰ ਦੀ ਅਗਵਾਈ ਹੇਠ’ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ’ ਦੀ ਸ਼ੁਰੂਆਤ ਮੌਕੇ ਕਰਵਾਏ ਗਏ ਸਮਾਗਮ ਦੌਰਾਨ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਵਰਚੂਅਲ ਸੰਬੋਧਨ ਉਤਸ਼ਾਹ ਨਾਲ ਸੁਣਿਆ ਗਿਆ।

ਇਸ ਮੌਕੇ ਪ੍ਰਿੰਸੀਪਲ ਪਰਮਿੰਦਰ ਕੌਰ ਨੇ ਕਿਹਾ ਕਿ ‘ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ’ ਤਹਿਤ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ‘ਸਤਿਕਾਰ ਰਾਸ਼ੀ’ ਜਾਰੀ ਕਰਕੇ ਭਗਵੰਤ ਸਿੰਘ ਮਾਨ ਸਰਕਾਰ ਨੇ ਆਪਣੀ ਇੱਕ ਹੋਰ ਚੋਣ ਗਾਰੰਟੀ ਨੂੰ ਪੂਰਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੇ ਸਨਮਾਨ, ਆਰਥਿਕ ਸਸ਼ਕਤੀਕਰਨ ਅਤੇ ਆਤਮ-ਨਿਰਭਰਤਾ ਨੂੰ ਮਜ਼ਬੂਤ ਕਰਨ ਵਾਲਾ ਇਤਿਹਾਸਕ ਕਦਮ ਹੈ।

ਉਨ੍ਹਾਂ ਕਿਹਾ ਕਿ ਜਿਹੜੀਆਂ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਹਾਲੇ ਬਾਕੀ ਹੈ, ਉਹ ਜਲਦੀ ਰਜਿਸਟਰ ਕਰਵਾਉਣ ਤਾਂ ਜੋ ਉਨ੍ਹਾਂ ਨੂੰ ਵੀ ਬਣਦੀ ‘ਸਤਿਕਾਰ ਰਾਸ਼ੀ’ ਦਾ ਲਾਭ ਮਿਲ ਸਕੇ। ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕ, ਸਕੂਲ ਆਫ ਐਮੀਨੈਂਸ, 300 ਯੂਨਿਟ ਮੁਫ਼ਤ ਬਿਜਲੀ, ਕਿਸਾਨ ਪੱਖੀ ਫ਼ੈਸਲੇ ਅਤੇ ਹੋਰ ਲੋਕ ਭਲਾਈ ਦੀਆਂ ਸਕੀਮਾਂ ਨਾਲ ਪੰਜਾਬ ਵਿਕਾਸ ਦੇ ਨਵੇਂ ਦੌਰ ਵਿੱਚ ਦਾਖਲ ਹੋਇਆ ਹੈ।

ਪ੍ਰਿੰਸੀਪਲ ਪਰਮਿੰਦਰ ਕੌਰ ਨੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸਮੂਹ ਕੈਬਿਨੇਟ ਅਤੇ ਪਾਰਟੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ‘ਰੰਗਲਾ ਪੰਜਾਬ’ ਦੀ ਸਿਰਜਣਾ ਲਈ ਲਗਾਤਾਰ ਕੰਮ ਕਰ ਰਹੀ ਹੈ।

# ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਪਟਿਆਲਾ ਵਿਖੇ ਫਾਰਮ ਸਟੇਅ ਨੀਤੀ 2026 ਬਾਰੇ 5ਵੀਂ ਜਾਗਰੂਕਤਾ ਵਰਕਸ਼ਾਪ

## ‘ਫਾਰਮ ਸਟੇਅ ਨੀਤੀ 2026 ਪੰਜਾਬ ਭਰ ਵਿੱਚ ਪੇਂਡੂ ਰੁਜ਼ਗਾਰ, ਉੱਦਮਤਾ ਤੇ ਭਾਈਚਾਰੇ ਦੀ ਅਗਵਾਈ ਵਾਲੇ ਸੈਰ-ਸਪਾਟੇ ਲਈ ਨਵੇਂ ਰਾਹ ਖੋਲ੍ਹੇਗੀ’

**ਪਟਿਆਲਾ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੇਂਡੂ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਲਈ ਆਮਦਨ ਦੇ ਵਾਧੂ ਮੌਕੇ ਪੈਦਾ ਕਰਨ ਲਈ, ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਫਾਰਮ ਸਟੇਅ ਨੀਤੀ 2026 ਬਾਰੇ ਇੱਕ ਜਾਗਰੂਕਤਾ ਵਰਕਸ਼ਾਪ ਕਰਵਾਈ। ਇਸ ਮੌਕੇ ਜ਼ਿਲ੍ਹੇ ਭਰ ਦੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ 150 ਤੋਂ ਵੱਧ ਕਿਸਾਨਾਂ ਅਤੇ ਅਧਿਕਾਰੀਆਂ ਨੇ ਭਾਗ ਲਿਆ।

ਵਰਕਸ਼ਾਪ ਵਿੱਚ, ਮੈਨੇਜਰ ਪ੍ਰੋਜੈਕਟ ਸ਼ੀਤਲ ਬਹਿਲ, ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸੁਪਰਡੈਂਟ ਮਨਿੰਦਰ ਸੈਣੀ, ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ, ਟੂਰਿਸਟ ਅਫ਼ਸਰ ਹਰਦੀਪ ਸਿੰਘ, ਈਵਾਈ ਟੀਮ ਦੇ ਪ੍ਰਤੀਨਿਧੀਆਂ, ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀ, ਕਿਸਾਨ ਵੀ ਸ਼ਾਮਲ ਸਨ।

ਵਰਕਸ਼ਾਪ ਦੌਰਾਨ, ਇਕੱਠੇ ਹੋਏ ਕਿਸਾਨਾਂ ਤੇ ਫਾਰਮ ਹਾਊਸ ਮਾਲਕਾਂ ਨੂੰ ਫਾਰਮ ਸਟੇਅ ਨੀਤੀ 2026 ਦੇ ਮੁੱਖ ਉਪਬੰਧਾਂ ਬਾਰੇ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਯੋਗਤਾ ਮਾਪਦੰਡ, ਰਜਿਸਟ੍ਰੇਸ਼ਨ ਪ੍ਰਕਿਰਿਆ, ਪ੍ਰੋਤਸਾਹਨ ਅਤੇ ਨੀਤੀ ਅਧੀਨ ਉਪਲਬਧ ਸਹਾਇਤਾ ਵਿਧੀਆਂ ਸ਼ਾਮਲ ਹਨ। ਟਿਕਾਊ ਪੇਂਡੂ ਸੈਰ-ਸਪਾਟਾ, ਸਮਰੱਥਾ ਨਿਰਮਾਣ, ਸਥਾਨਕ ਸ਼ਿਲਪਕਾਰੀ ਨੂੰ ਉਤਸ਼ਾਹਿਤ ਕਰਨ, ਖੇਤ-ਅਧਾਰਤ ਅਨੁਭਵਾਂ ਅਤੇ ਭਾਈਚਾਰਕ ਭਾਗੀਦਾਰੀ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਤਕਨੀਕੀ ਪੇਸ਼ਕਾਰੀਆਂ ਅਤੇ ਇੰਟਰਐਕਟਿਵ ਸੈਸ਼ਨਾਂ ਦੌਰਾਨ ਈਵਾਈ ਟੀਮ ਦੇ ਪ੍ਰਤੀਨਿਧੀਆਂ ਨੇ ਨੀਤੀ ਪ੍ਰਬੰਧਾਂ ਰਾਹੀਂ ਮਾਰਗਦਰਸ਼ਨ ਕੀਤਾ ਅਤੇ ਰਜਿਸਟ੍ਰੇਸ਼ਨ ਅਤੇ ਲਾਗੂ ਕਰਨ ਨਾਲ ਸਬੰਧਤ ਸਵਾਲਾਂ ਦੇ ਜਵਾਬ ਦਿੱਤੇ।

ਵਰਕਸ਼ਾਪ ਦੇ ਹਿੱਸੇ ਵਜੋਂ, ਪਟਿਆਲਾ ਜ਼ਿਲ੍ਹੇ ਦੇ ਦੋ ਸਫਲ ਫਾਰਮ ਸਟੇਅ ਮਾਲਕਾਂ ਨੇ ਭਾਗੀਦਾਰਾਂ ਨਾਲ ਆਪਣੇ ਅਨੁਭਵ ਸਾਂਝੇ ਕੀਤੇ। 2021 ਤੋਂ ਸ਼ਾਹੀ ਚੌਬਾਰਾ, ਸਿੱਧੂਵਾਲ, ਚਲਾ ਰਹੇ ਡਾ. ਭਗਵਾਨ ਸਿੰਘ ਖੋਜੀ ਨੇ ਫਾਰਮ ਸਟੇਅ ਸਥਾਪਤ ਕਰਨ ਵਿੱਚ ਆਪਣੀ ਯਾਤਰਾ ਬਾਰੇ ਗੱਲ ਕੀਤੀ ਅਤੇ ਆਪਣੇ ਫਾਰਮ ਸਟੇਅ ਯਤਨਾਂ ਨੂੰ ਉਤਸ਼ਾਹਿਤ ਕਰਨ ਵਿੱਚ ਸਰਕਾਰ ਤੋਂ ਪ੍ਰਾਪਤ ਸਹਾਇਤਾ ’ਤੇ ਚਾਨਣਾ ਪਾਇਆ। ਉਨ੍ਹਾਂ ਕਿਸਾਨਾਂ ਨੂੰ ਫਾਰਮ ਸਟੇਅ ਨੀਤੀ ਦੇ ਤਹਿਤ ਰਜਿਸਟਰ ਕਰਨ ਅਤੇ ਆਮਦਨ ਦੇ ਕਈ ਅਤੇ ਟਿਕਾਊ ਸਰੋਤ ਬਣਾਉਣ ਲਈ ਆਪਣੇ ਫਾਰਮਾਂ ’ਤੇ ਫਾਰਮ ਸਟੇਅ ਵਿਕਸਤ ਕਰਨ ਲਈ ਉਤਸ਼ਾਹਿਤ ਕੀਤਾ।

2008 ਤੋਂ ਸੈਲਾਨੀਆਂ ਦਾ ਸਵਾਗਤ ਕਰ ਰਹੇ ਤੇ ਪਿੰਡ ਨਾਨੋਕੀ ਵਿੱਚ ਸਥਿਤ ਗੈਰੀ ਫਾਰਮਜ਼ ਦੇ ਮਾਲਕ ਅਬਿੰਦਰ ਸਿੰਘ ਗਰੇਵਾਲ ਨੇ ਵੀ ਸੰਬੋਧਨ ਕੀਤਾ। ਇੱਕ ਸਫਲ ਪੇਂਡੂ ਸੈਰ-ਸਪਾਟਾ ਉੱਦਮੀ ਵਜੋਂ ਆਪਣਾ ਤਜਰਬਾ ਸਾਂਝਾ ਕਰਦੇ ਹੋਏ, ਉਨ੍ਹਾਂ ਕਿਸਾਨਾਂ ਨੂੰ ਫਾਰਮ ਸਟੇਅ ਨੀਤੀ ਦਾ ਲਾਭ ਉਠਾਉਣ ਅਤੇ ਆਪਣੀ ਰੋਜ਼ੀ-ਰੋਟੀ ਨੂੰ ਵਿਭਿੰਨ ਬਣਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਜਿੱਥੇ ਹਰ ਰੋਜ਼ ਇੱਕ ਲੱਖ ਤੋਂ ਵੱਧ ਸੈਲਾਨੀ ਸ੍ਰੀ ਹਰਿਮੰਦਰ ਸਾਹਿਬ ਆਉਂਦੇ ਹਨ, ਉੱਥੇ ਪੰਜਾਬ ਕੋਲ ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਫਾਰਮ ਸਟੇਅ ਰਾਹੀਂ ਪ੍ਰਮਾਣਿਕ ਪੇਂਡੂ ਜੀਵਨ, ਸਥਾਨਕ ਪਕਵਾਨਾਂ, ਖੇਤੀਬਾੜੀ ਅਤੇ ਸੱਭਿਆਚਾਰਕ ਪਰੰਪਰਾਵਾਂ ਦਾ ਅਨੁਭਵ ਕਰਕੇ ਸੈਲਾਨੀਆਂ ਨੂੰ ਆਪਣੇ ਠਹਿਰਾਅ ਨੂੰ ਵਧਾਉਣ ਲਈ ਉਤਸ਼ਾਹਿਤ ਕਰਨ ਦੀ ਅਥਾਹ ਸਮਰੱਥਾ ਹੈ। ਇੰਟਰਐਕਟਿਵ ਸੈਸ਼ਨ ਨੇ ਕਿਸਾਨਾਂ ਨੂੰ ਨੀਤੀ ਨੂੰ ਲਾਗੂ ਕਰਨ ਸੰਬੰਧੀ ਸਪੱਸ਼ਟੀਕਰਨ ਲੈਣ ਅਤੇ ਅਧਿਕਾਰੀਆਂ ਨਾਲ ਸਿੱਧੇ ਤੌਰ ’ਤੇ ਜੁੜਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ। ਹਿੱਸਾ ਲੈਣ ਵਾਲਿਆਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਫਾਰਮ ਸਟੇਅ ਅਤੇ ਪੇਂਡੂ ਸੈਰ-ਸਪਾਟਾ ਪਹਿਲਕਦਮੀਆਂ ਰਾਹੀਂ ਟਿਕਾਊ ਆਮਦਨ ਦੇ ਮੌਕੇ ਪੈਦਾ ਕਰਦੇ ਹੋਏ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਨਾਲ ਮਿਲ ਕੇ ਕੰਮ ਕਰਨ ਲਈ ਆਪਣਾ ਉਤਸ਼ਾਹ ਪ੍ਰਗਟ ਕੀਤਾ।

ਵਰਕਸ਼ਾਪ ਕਿਸਾਨਾਂ ਦੀ ਸਰਗਰਮ ਭਾਗੀਦਾਰੀ ਨਾਲ ਸਮਾਪਤ ਹੋਈ, ਜਿਨ੍ਹਾਂ ਨੇ ਵਿਭਾਗ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਫਾਰਮ ਸਟੇਅ ਨੀਤੀ 2026 ਪੰਜਾਬ ਭਰ ਵਿੱਚ ਪੇਂਡੂ ਰੁਜ਼ਗਾਰ, ਉੱਦਮਤਾ ਅਤੇ ਭਾਈਚਾਰੇ ਦੀ ਅਗਵਾਈ ਵਾਲੇ ਸੈਰ-ਸਪਾਟੇ ਲਈ ਨਵੇਂ ਰਾਹ ਖੋਲ੍ਹੇਗੀ।

# ਰਾਘਵ ਚੱਢਾ ਮਾਣਹਾਨੀ ਮਾਮਲਾ: ਕੋਰਟ ਵੱਲੋਂ ਸਮੁੱਚੀ ਰਾਹਤ ਦੇਣ ਤੋਂ ਇਨਕਾਰ, ਸਿਰ.ਫ 5 ਪੋਸਟਾਂ ਹਟਾਉਣ ਦਾ ਹੁਕਮ

**ਨਵੀਂ ਦਿੱਲੀ, 5 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਦਿੱਲੀ ਹਾਈ ਕੋਰਟ ਨੇ ਬੁੱਧਵਾਰ ਨੂੰ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੂੰ ਕਥਿਤ ਤੌਰ ’ਤੇ ਮਾਣਹਾਨੀ ਵਾਲੀ ਔਨਲਾਈਨ ਸਮੱਗਰੀ ਨੂੰ ਹਟਾਉਣ ਅਤੇ ਉਨ੍ਹਾਂ ਦੇ ਸ਼ਖਸੀਅਤ ਦੇ ਅਧਿਕਾਰਾਂ ਦੀ ਰੱਖਿਆ ਕਰਨ ਲਈ ਕੋਈ ਬਲੈਂਕੇਟ ਅੰਤਰਿਮ ਹੁਕਮ ਜਾਰੀ ਕਰਨ ਤੋਂ ਇਨਕਾਰ ਕਰ ਦਿੱਤਾ ਹੈ।

ਹਾਲਾਂਕਿ, ਕੋਰਟ ਨੇ ਚੱਢਾ ਵੱਲੋਂ ਪਛਾਣੀਆਂ ਗਈਆਂ ਪੰਜ ਵਿਸ਼ੇਸ਼ ਪੋਸਟਾਂ ਨੂੰ ਹਟਾਉਣ ਦੇ ਹੁਕਮ ਦਿੱਤੇ ਹਨ। ਜਸਟਿਸ ਸੁਬਰਾਮਨੀਅਮ ਪ੍ਰਸਾਦ ਨੇ ਦੇਖਿਆ ਕਿ ਬਾਕੀ ਸਮੱਗਰੀ ਮਾਣਹਾਨੀ ਵਾਲੀ ਨਹੀਂ ਜਾਪਦੀ ਹੈ। ਕੋਰਟ ਨੇ ਕਿਹਾ, ÷ਮੈਂ ਪੰਜ ਦਸਤਾਵੇਜ਼ਾਂ ਨੂੰ ਹਟਾਉਣ ਦਾ ਹੁਕਮ ਦਿੱਤਾ ਹੈ। ਬਾਕੀ ਸਮੱਗਰੀ ਮਾਣਹਾਨੀ ਵਾਲੀ ਨਹੀਂ ਹੈ।÷

ਇਹ ਹੁਕਮ ਚੱਢਾ ਵੱਲੋਂ ਦਾਇਰ ਕੀਤੇ ਗਏ ਮੁਕੱਦਮੇ ਵਿੱਚ ਆਇਆ ਹੈ, ਜਿਸ ਵਿੱਚ ਉਨ੍ਹਾਂ ਨੇ ਇਸ ਸਾਲ ਆਮ ਆਦਮੀ ਪਾਰਟੀ (ਆਪ) ਤੋਂ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਸੋਸ਼ਲ ਮੀਡੀਆ ’ਤੇ ਕਥਿਤ ਤੌਰ ’ਤੇ ਫੈਲਾਈ ਗਈ ਏਆਈ-ਜਨਰੇਟਿਡ ਡੀਪਫੇਕ, ਹੇਰਾਫੇਰੀ ਵਾਲੇ ਵੀਡੀਓ, ਸਿੰਥੈਟਿਕ ਵੌਇਸ ਕਲੋਨਿੰਗ, ਮੋਰਫਡ ਚਿੱਤਰਾਂ, ਬਣਾਵਟੀ ਭਾਸ਼ਣਾਂ ਅਤੇ ਹੋਰ ਗੁੰਮਰਾਹਕੁੰਨ ਡਿਜੀਟਲ ਸਮੱਗਰੀ ਦੇ ਖ਼ਿਲਾਫ਼ ਰੋਕ ਦੀ ਮੰਗ ਕੀਤੀ ਸੀ।

ਚੱਢਾ ਨੇ ਦਲੀਲ ਦਿੱਤੀ ਸੀ ਕਿ ਕਈ ਪੋਸਟਾਂ, ਜਿਨ੍ਹਾਂ ਵਿੱਚ ਉਨ੍ਹਾਂ ਨੂੰ ਸਾੜੀ ਪਹਿਨੇ ਹੋਏ ਮੋਰਫਡ ਚਿੱਤਰ ਅਤੇ ਇੱਕ ਹੋਰ ਜਿਸ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਨ੍ਹਾਂ ’ਤੇ ਪੈਸੇ ਲੁੱਟਾ ਰਹੇ ਹਨ, ਮਾਣਹਾਨੀ ਵਾਲੀਆਂ ਹਨ ਅਤੇ ਗਲਤ ਤਰੀਕੇ ਨਾਲ ਸੁਝਾਅ ਦਿੰਦੀਆਂ ਹਨ ਕਿ ਉਨ੍ਹਾਂ ਨੇ ਭਾਜਪਾ ਵਿੱਚ ਸ਼ਾਮਲ ਹੋਣ ਲਈ ਪੈਸੇ ਲਏ ਹਨ।

21 ਮਈ ਨੂੰ ਅੰਤਰਿਮ ਰੋਕ ਦੀ ਅਰਜ਼ੀ ’ਤੇ ਸੁਣਵਾਈ ਦੌਰਾਨ, ਕੋਰਟ ਨੇ ਮੁੱਢਲੀ ਨਜ਼ਰੇ ਦੇਖਿਆ ਸੀ ਕਿ ਵਿਵਾਦਤ ਸਮੱਗਰੀ ਵਿੱਚ ਸ਼ਖਸੀਅਤ ਦੇ ਅਧਿਕਾਰਾਂ ਦੀ ਉਲੰਘਣਾ ਸ਼ਾਮਲ ਨਹੀਂ ਹੈ, ਸਗੋਂ ਇਹ ਜ਼ਿਆਦਾਤਰ ਰਾਜਨੀਤਿਕ ਆਲੋਚਨਾ ਹੈ। ਜਸਟਿਸ ਪ੍ਰਸਾਦ ਨੇ ਨੋਟ ਕੀਤਾ ਕਿ ਰਾਜਨੀਤਿਕ ਫੈਸਲਿਆਂ ਦੀ ਆਲੋਚਨਾ ਲੰਬੇ ਸਮੇਂ ਤੋਂ ਲੋਕਤੰਤਰੀ ਬਹਿਸ ਦਾ ਹਿੱਸਾ ਰਹੀ ਹੈ, ਜਿਸ ਲਈ ਉਨ੍ਹਾਂ ਨੇ ਆਰ.ਕੇ. ਲਕਸ਼ਮਣ ਦੇ ਰਾਜਨੀਤਿਕ ਕਾਰਟੂਨਾਂ ਦੀ ਉਦਾਹਰਣ ਦਿੱਤੀ।

ਕੋਰਟ ਨੇ ਦੇਖਿਆ ਕਿ ਹਾਲਾਂਕਿ ਸੋਸ਼ਲ ਮੀਡੀਆ ਨੇ ਅਜਿਹੀ ਆਲੋਚਨਾ ਦੀ ਪਹੁੰਚ ਨੂੰ ਵਧਾ ਦਿੱਤਾ ਹੈ, ਪਰ ਇਹ ਆਪਣੇ ਆਪ ਸ਼ਖਸੀਅਤ ਦੇ ਅਧਿਕਾਰਾਂ ਦੀ ਉਲੰਘਣਾ ਨਹੀਂ ਮੰਨੀ ਜਾਂਦੀ। ਕੋਰਟ ਨੇ ਮਾਣਹਾਨੀ ਦੇ ਦਾਅਵੇ ਅਤੇ ਸ਼ਖਸੀਅਤ ਦੇ ਅਧਿਕਾਰਾਂ ਦੀ ਸੁਰੱਖਿਆ ਲਈ ਦਾਇਰ ਮੁਕੱਦਮੇ ਵਿੱਚ ਫਰਕ ਕੀਤਾ, ਇਹ ਸੰਕੇਤ ਦਿੰਦੇ ਹੋਏ ਕਿ ਚੱਢਾ ਵੱਲੋਂ ਉਠਾਏ ਗਏ ਮੁੱਦੇ ਮਾਣਹਾਨੀ ਦੇ ਖੇਤਰ ਵਿੱਚ ਜ਼ਿਆਦਾ ਆਉਂਦੇ ਜਾਪਦੇ ਹਨ। ਇਸ ਗੱਲ ’ਤੇ ਸਵਾਲ ਉਠਾਉਂਦੇ ਹੋਏ ਕਿ ਰਾਜਨੀਤਿਕ ਆਗੂਆਂ ਨੂੰ ਜਨਤਕ ਆਲੋਚਨਾ ਨੂੰ ਕਿੰਨਾ ਕੁ ਬਰਦਾਸ਼ਤ ਕਰਨਾ ਚਾਹੀਦਾ ਹੈ, ਜਸਟਿਸ ਪ੍ਰਸਾਦ ਨੇ ਸੁਣਵਾਈ ਦੌਰਾਨ ਟਿੱਪਣੀ ਕੀਤੀ ਕਿ ਵਿਵਾਦਤ ਸਮੱਗਰੀ ਕਿਸੇ ਰਾਜਨੀਤਿਕ ਫੈਸਲੇ ’ਤੇ ਟਿੱਪਣੀ ਜਾਪਦੀ ਹੈ। ਉਨ੍ਹਾਂ ਕਿਹਾ, ÷ਇੱਕ ਰਾਜਨੀਤਿਕ ਆਗੂ ਵਜੋਂ, ਕੀ ਤੁਸੀਂ ਇੰਨੇ ਸੰਵੇਦਨਸ਼ੀਲ ਹੋ ਸਕਦੇ ਹੋ ?÷

ਕੋਰਟ ਨੇ ਇਹ ਵੀ ਸੰਕੇਤ ਦਿੱਤਾ ਸੀ ਕਿ ਉਹ ਇੱਕ ਅਮਿਕਸ ਕਿਊਰੀ ਨਿਯੁਕਤ ਕਰਨ ’ਤੇ ਵਿਚਾਰ ਕਰ ਸਕਦੀ ਹੈ ਕਿਉਂਕਿ ਔਨਲਾਈਨ ਸਮੱਗਰੀ ਦੇ ਕਥਿਤ ਸਿਰਜਣਹਾਰਾਂ ਦੀ ਪਛਾਣ ਨਹੀਂ ਹੋਈ ਸੀ। ਹਾਲਾਂਕਿ, ਚੱਢਾ ਦੇ ਵਕੀਲ ਨੇ ਬੇਨਤੀ ਕੀਤੀ ਕਿ ਕੋਰਟ ਪਹਿਲਾਂ ਅੰਤਰਿਮ ਰਾਹਤ ਦੀ ਪਟੀਸ਼ਨ ’ਤੇ ਫੈਸਲਾ ਕਰੇ। ਵਿਸਤ੍ਰਿਤ ਦਲੀਲਾਂ ਸੁਣਨ ਤੋਂ ਬਾਅਦ, ਹਾਈ ਕੋਰਟ ਨੇ ਪੰਜ ਵਿਸ਼ੇਸ਼ ਪੋਸਟਾਂ ਨੂੰ ਹਟਾਉਣ ਦਾ ਨਿਰਦੇਸ਼ ਦਿੱਤਾ ਜਦਕਿ ਬਾਕੀ ਸਮੱਗਰੀ ਦੇ ਖ਼ਿਲਾਫ਼ ਕੋਈ ਵਿਆਪਕ ਅੰਤਰਿਮ ਹੁਕਮ ਜਾਰੀ ਕਰਨ ਤੋਂ ਇਨਕਾਰ ਕਰ ਦਿੱਤਾ।

# ਮੋਗਾ ਪੁਲਸ ਦਾ ਨਸ਼ਾ ਤਸਕਰਾਂ ਖ਼ਿਲਾਫ਼ ਵੱਡੀ ਕਾਰਵਾਈ, ਸ਼ੱਕੀ ਵਿਅਕਤੀਆਂ ਦੇ ਘਰਾਂ ਦੀ ਕੀਤੀ ਤਲਾਸ਼ੀ

**ਕੌਮੀ ਪਤ੍ਰਿਕਾ**

ਮੋਗਾ 5 ਜੁਲਾਈ। ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਮੋਗਾ ਪੁਲਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼?ਲਾਫ਼ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਐਸਐਸਪੀ ਮੋਗਾ ਸਰਤਾਜ ਸਿੰਘ ਚਾਹਲ ਦੇ ਨਿਰਦੇਸ਼ਾਂ 'ਤੇ ਸਥਾਨਕ ਪੁਲਸ ਵੱਲੋਂ ਸਾਧਾਂਵਾਲੀ ਬਸਤੀ ਇਲਾਕੇ ਵਿੱਚ ਕਾਸੋ ਆਪਰੇਸ਼ਨ ਚਲਾਇਆ ਗਿਆ। ਇਸ ਦੌਰਾਨ ਪੁਲਸ ਟੀਮਾਂ ਨੇ ਸ਼ੱਕੀ ਵਿਅਕਤੀਆਂ ਦੇ ਘਰਾਂ ਦੀ ਤਲਾਸ਼ੀ ਲਈ ਅਤੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ। ਇਸ ਦੇ ਨਾਲ ਹੀ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਮੋਟਰਸਾਈਕਲ ਸਵਾਰਾਂ ਦੇ ਚਲਾਨ ਕੱਟੇ ਗਏ ਅਤੇ ਲੋੜ ਅਨੁਸਾਰ ਬਾਊਂਡ ਦੀ ਕਾਰਵਾਈ ਵੀ ਕੀਤੀ ਗਈ। ਜਾਣਕਾਰੀ ਦਿੰਦਿਆਂ ਹੋਇਆਂ ਥਾਣਾ ਮੁਖੀ ਗੁਰਪਾਲ ਸਿੰਘ ਨੇ ਕਿਹਾ ਕਿ ਨਸ਼ਾ ਤਸਕਰਾਂ 'ਤੇ ਪੁਲਸ ਦੀ ਪੂਰੀ ਨਿਗਰਾਨੀ ਹੈ। ਉਨ੍ਹਾਂ ਦਾ ਦਾਅਵਾ ਹੈ ਕਿ ਮੋਗਾ ਜ਼ਿਲ੍ਹੇ ਵਿੱਚ ਕਾਫ਼ੀ ਹੱਦ ਤੱਕ ਨਸ਼ੇ 'ਤੇ ਕਾਬੂ ਪਾਇਆ ਜਾ ਚੁੱਕਾ ਹੈ, ਪਰ ਜੇਕਰ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਜਾਂ ਤਸਕਰੀ ਕਰਦਾ ਪਾਇਆ ਗਿਆ ਤਾਂ ਉਸ ਖ਼?ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਦੇ ਹੋਏ ਉਸ ਨੂੰ ਸਲਾਖਾਂ ਪਿੱਛੇ ਭੇਜਿਆ ਜਾਵੇਗਾ। ਪੁਲਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਿਹੜੇ ਵਿਅਕਤੀ ਨਸ਼ੇ ਦੀ ਲਤ ਦਾ ਸ਼ਿਕਾਰ ਹਨ, ਉਹ ਅੱਗੇ ਆ ਕੇ ਪੁਲਸ ਅਤੇ ਸਿਹਤ ਵਿਭਾਗ ਨਾਲ ਸੰਪਰਕ ਕਰਨ। ਉਨ੍ਹਾਂ ਦਾ ਸਰਕਾਰੀ ਨਸ਼ਾ ਛੁਡਾਊ ਅਤੇ ਡੀ-



ਐਡੀਕਸ਼ਨ ਕੇਂਦਰਾਂ ਵਿੱਚ ਇਲਾਜ ਕਰਵਾਇਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਮੁੜ ਆਮ ਅਤੇ ਸਿਹਤਮੰਦ ਜੀਵਨ ਵੱਲ ਲਿਆਂਦਾ ਜਾ ਸਕੇ। ਮੋਗਾ ਪੁਲਸ ਨੇ ਭਰੋਸਾ ਦਿੱਤਾ ਕਿ ਜ਼ਿਲ੍ਹੇ ਨੂੰ ਨਸ਼ਾ-ਮੁਕਤ ਬਣਾਉਣ ਲਈ ਇਹ ਮੁਹਿੰਮ ਇਸੇ ਤਰ੍ਹਾਂ ਲਗਾਤਾਰ ਜਾਰੀ ਰਹੇਗੀ। ਪੀਸੀਆਰ ਇਨਚਾਰਜ ਖੇਮ ਚੰਦ ਪਰਾਸਰ ਪੁਲਿਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਹੁਣ ਤੱਕ ਕਰੀਬ 17 ਤੋਂ 18 ਚਲਾਨ ਕੀਤੇ ਜਾ ਚੁੱਕੇ ਹਨ, ਜਦਕਿ ਦੋ ਤੋਂ ਤਿੰਨ ਵਾਹਨ ਵੀ ਇੰਪਾਊਂਡ ਕੀਤੇ ਗਏ ਹਨ। ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ ਅਤੇ ਜਿੱਥੇ ਵੀ ਕੋਈ ਗੈਰ-ਕਾਨੂੰਨੀ ਗਤੀਵਿਧੀ ਸਾਹਮਣੇ ਆਵੇਗੀ, ਉੱਥੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ਾ ਤਸਕਰਾਂ ਸਬੰਧੀ ਸੂਚਨਾ ਦੇਣਾ ਚਾਹੁੰਦਾ ਹੈ ਤਾਂ ਪੰਜਾਬ ਸਰਕਾਰ ਦੀ ਸੀਐਮ ਹੈਲਪਲਾਈਨ ਰਾਹੀਂ ਦਿੱਤੀ ਜਾਣ ਵਾਲੀ ਹਰ ਸ਼ਿਕਾਇਤ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ। ਸ਼ਿਕਾਇਤਕਰਤਾ ਦੀ ਪਛਾਣ ਕਿਸੇ ਵੀ ਹਾਲਤ ਵਿੱਚ ਜਨਤਕ ਨਹੀਂ ਕੀਤੀ ਜਾਂਦੀ ਅਤੇ ਹਰ ਸੂਚਨਾ 'ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਂਦੀ ਹੈ। ਪੁਲਸ ਅਧਿਕਾਰੀ ਨੇ ਨਸ਼ਾ ਤਸਕਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਜਾਂ ਤਾਂ ਨਸ਼ੇ ਦਾ ਧੰਦਾ ਛੱਡ ਦੇਣ ਜਾਂ ਕਾਨੂੰਨੀ ਕਾਰਵਾਈ ਲਈ ਤਿਆਰ ਰਹਿਣ। ਉਨ੍ਹਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਪੁਲਸ ਦਾ ਵੱਧ ਤੋਂ ਵੱਧ ਸਹਿਯੋਗ ਕਰਨ। ਜਿੰਨਾ ਜ਼ਿਆਦਾ ਲੋਕ ਪੁਲਸ ਨੂੰ ਸਹਿਯੋਗ ਦੇਣਗੇ, ਉਨ੍ਹਾਂ ਹੀ ਵਧੀਆ ਨਤੀਜੇ ਸਾਹਮਣੇ ਆਉਣਗੇ। ਪੁਲਸ ਲੋਕਾਂ ਦੀ ਸੁਰੱਖਿਆ ਅਤੇ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਮੁਹਿੰਮ ਹੋਰ ਤੇਜ਼ੀ ਨਾਲ ਜਾਰੀ ਰਹੇਗੀ। ਹਲਕਾ ਕੋਆਰਡੀਨੇਟਰ ਮਿਲਾਪ ਸਿੰਘ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਡੀ.ਸੀ. ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਉਨ੍ਹਾਂ ਨੇ ਆਪਣੇ ਇਲਾਕੇ ਵਿੱਚ ਇੱਕ ਖਾਲੀ ਪਲਾਟ ਵਿੱਚ ਨਸ਼ਾ ਕਰਨ ਵਾਲੇ ਨੌਜਵਾਨਾਂ ਦੇ ਇਕੱਠੇ ਹੋਣ ਦਾ ਮੁੱਦਾ ਉਠਾਇਆ ਸੀ।ਉਨ੍ਹਾਂ ਦੱਸਿਆ ਕਿ ਐੱਸ.ਐੱਸ.ਪੀ. ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਉਥੇ ਪੁਲਸ ਮੁਲਾਜ਼ਮ ਦੀ ਡਿਊਟੀ ਲਗਾਈ, ਜਿਸ ਤੋਂ ਬਾਅਦ ਪੁਲਸ ਅਤੇ ਸਥਾਨਕ ਲੋਕਾਂ ਦੀ ਸਾਂਝੀ ਕਾਰਵਾਈ ਨਾਲ ਲਗਾਤਾਰ ਨਸ਼ਾ ਕਰਨ ਵਾਲੇ ਨੌਜਵਾਨਾਂ ਨੂੰ ਕਾਬੂ ਕੀਤਾ ਜਾ ਰਿਹਾ ਹੈ। ਮਿਲਾਪ ਸਿੰਘ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ ਕਈ ਨੌਜਵਾਨਾਂ ਨੂੰ ਕਾਬੂ ਕਰਕੇ ਨਸ਼ਾ ਮੁਕਤੀ ਕੇਂਦਰ ਭੇਜਿਆ ਗਿਆ ਹੈ ਤਾਂ ਜੋ ਉਹ ਇਲਾਜ ਕਰਵਾ ਕੇ ਮੁੜ ਆਮ ਜ਼ਿੰਦਗੀ ਵੱਲ ਪਰਤ ਸਕਣ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਕੋਲੋਂ ਨਸ਼ੀਲੇ ਪਦਾਰਥ ਬਰਾਮਦ ਹੋਣਗੇ, ਉਨ੍ਹਾਂ ਖ਼?ਲਾਫ਼ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਵੇਚਣ ਜਾਂ ਕਰਨ ਸਬੰਧੀ ਕੋਈ ਵੀ ਜਾਣਕਾਰੀ ਪੰਜਾਬ ਸਰਕਾਰ ਦੇ ਨਸ਼ਾ ਵਿਰੋਧੀ ਐਪ ਜਾਂ ਪੁਲਸ ਨੂੰ ਦੇਣ। ਉਨ੍ਹਾਂ ਭਰੋਸਾ ਦਿਵਾਇਆ ਕਿ ਜਾਣਕਾਰੀ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਬਣਾਉਣ ਲਈ ਪੁਲਸ, ਪ੍ਰਸ਼ਾਸਨ ਅਤੇ ਆਮ ਲੋਕਾਂ ਨੂੰ ਮਿਲ ਕੇ ਕੰਮ ਕਰਨਾ।

# ਆਸਾਮ 'ਚ ਭਿਆਨਕ ਹੜ੍ਹਾਂ ਨੇ ਮਚਾਈ ਤਬਾਹੀ, ਅਮਿਤ ਸ਼ਾਹ ਨੇ ਮੁੱਖ ਮੰਤਰੀ ਸਰਮਾ ਤੋਂ ਲਈ ਸਥਿਤੀ ਦੀ ਜਾਣਕਾਰੀ

ਨਵੀਂ ਦਿੱਲੀ 5 ਜੁਲਾਈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਨੂੰ ਆਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ ਫੋਨ 'ਤੇ ਗੱਲ ਕਰਕੇ ਸੂਬੇਦੇ ਕੁਝ ਹਿੱਸਿਆਂ 'ਚ ਪੈਦਾ ਹੜ੍ਹ ਦੀ ਸਥਿਤੀ ਦੀ ਜਾਣਕਾਰੀ ਲਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਅਨੁਸਾਰ,''ਸ਼ਾਹ ਨੇ ਰਾਜ 'ਚ ਹੜ੍ਹ ਕਾਰਨ ਹੋਏ ਕਿਸੇ ਤਰ੍ਹਾਂ ਦੇ ਸੰਭਾਵਿਤ ਨੁਕਸਾਨ ਬਾਰੇ ਜਾਣਕਾਰੀ ਲਈ ਅਤੇ ਸਥਿਤੀ ਨਾਲ ਨਜਿੱਠਣ ਲਈ ਕੇਂਦਰ ਸਰਕਾਰ ਵਲੋਂ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਆਸਾਮ ਰਾਜ ਆਫ਼ਤ ਪ੍ਰਬੰਧਨ ਅਥਾਰਟੀ (ਏਐੱਸਡੀਐੱਮਏ) ਅਨੁਸਾਰ, ਧੇਮਾਜੀ ਜ਼ਿਲ੍ਹੇ ਦੇ ਚਾਰ ਮਾਲੀਆ ਸਰਕਲ ਦੇ 69 ਪਿੰਡਾਂ 'ਚ ਲਗਭਗ 16,000 ਲੋਕ ਹੜ੍ਹ ਨਾਲ ਪ੍ਰਭਾਵਿਤ ਹੋਏ ਹਨ। ਮੁੱਖ ਮੰਤਰੀ ਸਰਮਾ ਨੇ ਐਤਵਾਰ ਨੂੰ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਲਿਖਿਆ ਸੀ,''ਧੇਮਾਜੀ 'ਚ ਹੜ੍ਹ ਦੀ ਸਥਿਤੀ ਬਣਨ ਦੇ ਬਾਅਦ ਤੋਂ ਮੈਂ ਹਾਲਾਤ 'ਤੇ ਲਗਾਤਾਰ ਨਜ਼ਰ ਰੱਖ ਰਿਹਾ ਹਾਂ। ਸਾਡੇ ਲੋਕਾਂ ਦੇ ਜੀਵਨ 'ਤੇ ਇਸ ਦੇ ਪ੍ਰਭਾਵ ਤੋਂ ਅਸੀਂ ਬੇਹੱਦ ਦੁਖੀ ਹਾਂ। ਇਸ ਕਠਿਨ ਸਮੇਂ ਅਸੀਂ ਉਨ੍ਹਾਂ ਨਾਲ ਖੜ੍ਹੇ ਹਾਂ।'' ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪ੍ਰਭਾਵਿਤ ਪਰਿਵਾਰਾਂ ਦੀ ਤੁਰੰਤ ਸੁਰੱਖਿਆ ਯਕੀਨੀ





ਕਰਨ ਅਤੇ ਉਨ੍ਹਾਂ ਦੀ ਲੰਬੇ ਸਮੇਂ ਦੇ ਮੁੜ ਵਸੇਬੇ ਨੂੰ ਪਹਿਲ ਦੇਣ ਲਈ ਆਪਣੇ ਸਾਰੇ ਸਰੋਤ ਜੁਟਾ ਰਹੀ ਹੈ। ਸਰਮਾ ਨੇ ਕਿਹਾ,''ਅਸੀਂ ਆਪਣੇ ਲੋਕਾਂ 'ਤੇ ਇਸ ਹੜ੍ਹ ਦੇ ਪ੍ਰਭਾਵ ਨੂੰ ਘੱਟ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੇ ਹਾਂ।'' ਇਸ ਤੋਂ ਪਹਿਲਾਂ, ਪੂਰਬ-ਉੱਤਰ ਸਰਹੱਦੀ ਰੇਲਵੇ (ਐੱਨਐੱਫਆਰ) ਦੇ ਇਕ ਬੁਲਾਰੇ ਨੇ ਦੱਸਿਆ ਸੀ ਕਿ ਹੜ੍ਹ ਨਾਲ ਇਕ ਪੁਲ ਪ੍ਰਭਾਵਿਤ ਹੋਣ ਕਾਰਨ ਧੇਮਾਜੀ ਜ਼ਿਲ੍ਹੇ ਦੇ ਆਰਚਿਪਥਾਰ ਅਤੇ ਸਿਮੇਨ ਚਾਪਰੀ ਰੇਲ ਸੈਕਸ਼ਨ 'ਤੇ ਰੇਲ ਸੰਚਾਲਨ ਮੁਲਤਵੀ ਕਰ ਦਿੱਤਾ ਗਿਆ ਹੈ। ਐੱਨਐੱਫਆਰ ਨੇ ਐਤਵਾਰ ਨੂੰ ਜਾਰੀ ਬਿਆਨ 'ਚ ਕਿਹਾ,''ਕੇਐੱਮ 408/11-13 'ਤੇ ਸਥਿਤ ਇਹ ਪੁਲ 1965 'ਚ ਬਣਾਇਆ ਗਿਆ ਸੀ ਅਤੇ ਬਾਅਦ 'ਚ ਇਸ ਨੂੰ ਵੱਡੀ ਲਾਈਨ 'ਚ ਬਦਲ ਦਿੱਤਾ ਗਿਆ ਸੀ। ਪੁਲ ਸੁਰੱਖਿਅਤ ਸਥਿਤੀ 'ਚ ਸੀ ਪਰ ਭਾਰੀ ਮੀਂਹ ਦੌਰਾਨ ਨਦੀ ਦੇ ਕਿਨਾਰੇ ਦਾ ਵੱਡਾ ਹਿੱਸਾ ਵਹਿ ਜਾਣ ਕਾਰਨ ਇਸ ਦਾ ਇਕ ਪਿਲਰ ਅਸਥਿਰ ਹੋ ਗਿਆ।''

# ਪੰਜਾਬ 'ਚ ਝੋਨੇ ਦੀ ਲੁਆਈ ਦੌਰਾਨ ਬਿਜਲੀ ਸੰਕਟ ਨੂੰ ਲੈ ਕੇ ਕੇਵਲ ਢਿੱਲੋਂ ਦਾ ਬਿਆਨ

**ਕੌਮੀ ਪਤ੍ਰਿਕਾ**

ਚੰਡੀਗੜ੍ਹ 5 ਜੁਲਾਈ। ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪੰਜਾਬ 'ਚ ਝੋਨੇ ਦੀ ਲੁਆਈ ਦੌਰਾਨ ਬਿਜਲੀ ਸੰਕਟ ਨੂੰ ਲੈ ਕੇ ਮਾਨ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਸਰਕਾਰ ਦੇ 'ਅੱਠ ਘੰਟੇ ਬਿਜਲੀ' ਅਤੇ 'ਬਿਜਲੀ ਸਰਪਲੱਸ' ਦੇ ਦਾਅਵੇ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਡੀਜ਼ਲ 'ਤੇ ਖ਼ਰਚਾ ਕਰਨਾ ਪੈ ਰਿਹਾ ਹੈ ਅਤੇ ਬਿਜਲੀ ਲਈ ਗਰਿੱਡਾਂ ਅੱਗੇ ਧਰਨੇ ਦੇਣੇ ਪੈ ਰਹੇ ਹਨ, ਜੋ ਸਰਕਾਰ ਦੀ ਨਾਕਾਮੀ ਦਾ ਸਬੂਤ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਦਾਅਵਾ ਕੀਤਾ ਸੀ ਕਿ ਕਿਸਾਨਾਂ ਨੂੰ ਰਾਤਾਂ ਦੇ ਜਾਗਰਣ ਤੋਂ ਮੁਕਤੀ ਮਿਲੇਗੀ, ਪਰ ਅੱਜ ਹਾਲਾਤ ਇਹ ਹਨ ਕਿ ਨਾ ਦਿਨ ਵੇਲੇ ਬਿਜਲੀ ਮਿਲ ਰਹੀ ਹੈ ਅਤੇ ਨਾ ਹੀ ਰਾਤ ਨੂੰ। ਪਹਿਲਾਂ ਤੋਂ ਲੱਗਿਆ ਝੋਨਾ ਪਾਣੀ ਦੀ ਘਾਟ ਕਾਰਨ ਸੁੱਕਣ ਦੇ ਕਿਨਾਰੇ ਹੈ, ਜਦਕਿ ਨਵੀਂ ਲੁਆਈ ਲਈ ਵੀ ਕਿਸਾਨਾਂ ਕੋਲ ਲੋੜੀਂਦੀ ਬਿਜਲੀ



ਉਪਲੱਬਧ ਨਹੀਂ। ਇਹ ਸਰਕਾਰ ਦੀ ਨਾਕਾਮ ਯੋਜਨਾਬੰਦੀ ਅਤੇ ਪ੍ਰਬੰਧਕੀ ਅਸਫ਼ਲਤਾ ਦਾ ਸਿੱਧਾ ਸਬੂਤ ਹੈ। ਉਨ੍ਹਾਂ ਕਿਹਾ ਕਿ ਬਿਜਲੀ ਨਾ ਮਿਲਣ ਕਾਰਨ ਕਿਸਾਨ ਮਹਿੰਗਾ ਡੀਜ਼ਲ ਫੂਕ ਕੇ ਜਨਰੇਟਰ ਚਲਾਉਣ ਲਈ ਮਜਬੂਰ ਹਨ, ਜਿਸ ਨਾਲ ਉਨ੍ਹਾਂ ਦੀ ਲਾਗਤ 'ਚ ਭਾਰੀ ਵਾਧਾ ਹੋ ਰਿਹਾ ਹੈ। 'ਬਿਜਲੀ ਸਰਪਲੱਸ ਪੰਜਾਬ' ਦੇ ਸਰਕਾਰੀ ਦਾਅਵਿਆਂ ਦੀ ਅੱਜ ਪੂਰੀ ਤਰ੍ਹਾਂ ਪੋਲ ਖੁੱਲ੍ਹ ਚੁੱਕੀ ਹੈ। ਭਾਜਪਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੇ ਹਰ ਕੋਨੇ 'ਚ ਕਿਸਾਨ ਬਿਜਲੀ ਘਰਾਂ ਅਤੇ ਗਰਿੱਡਾਂ ਦਾ ਘਿਰਾਓ ਕਰ ਰਹੇ ਹਨ। ਤਪਦੀ ਗਰਮੀ ਵਿੱਚ ਧਰਨੇ ਲਗਾ ਰਹੇ ਹਨ ਅਤੇ ਸੜਕਾਂ ਜਾਮ ਕਰਨ ਲਈ ਮਜਬੂਰ ਹਨ। ਜੇਕਰ ਸਰਕਾਰ ਦੇ ਪ੍ਰਬੰਧ ਇੰਨੇ ਹੀ ਚੁਸਤ ਸਨ ਤਾਂ ਅੱਜ ਅੰਨਦਾਤਾ ਖੇਤਾਂ ਦੀ ਬਜਾਏ ਸੜਕਾਂ 'ਤੇ ਇਨਸਾਫ਼ ਮੰਗਣ ਲਈ ਕਿਉਂ ਬੈਠਾ ਹੈ? ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸਾਰਾ ਧਿਆਨ ਇਸ਼ਤਿਹਾਰਾਂ, ਸੋਸ਼ਲ ਮੀਡੀਆ ਅਤੇ ਝੂਠੇ ਪ੍ਰਚਾਰ 'ਤੇ ਹੈ, ਜਦਕਿ ਜ਼ਮੀਨੀ ਹਕੀਕਤ 'ਚ ਕਿਸਾਨ ਬਿਜਲੀ, ਪਾਣੀ ਅਤੇ ਪ੍ਰਬੰਧਾਂ ਦੀ ਕਮੀ ਨਾਲ ਜੂਝ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਇਸ ਨਾਕਾਮੀ ਨੂੰ ਕਦੇ ਨਹੀਂ ਭੁੱਲੇਗਾ ਅਤੇ ਸਮਾਂ ਆਉਣ 'ਤੇ ਇਸ ਦਾ ਸਬਕ ਜ਼ਰੂਰ? ਸਿਖਾਏਗਾ।

# ਬਟਾਲਾ ਦੇ ਨਿੱਜੀ ਹਸਪਤਾਲ 'ਤੇ ਚਲਾਈਆਂ ਗੋਲੀਆਂ, ਹਸਪਤਾਲ ਦੀ ਸਟਾਫ ਮੈਂਬਰ ਜ਼ਖਮੀ

ਬਟਾਲਾ 5 ਜੁਲਾਈ। ਬਟਾਲਾ ਵਿਚ ਗੋਲੀਆਂ ਚੱਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਅਤੇ ਪਿਛਲੇ ਚਾਰ ਦਿਨਾਂ ਵਿਚ 4 ਤੋਂ 5 ਦੇ ਕਰੀਬ ਗੋਲੀ ਚੱਲਣ ਦੀਆਂ ਘਟਨਾਵਾਂ ਜਿਥੇ ਸ਼ਹਿਰ ਵਿਚ ਵਾਪਰ ਚੁੱਕੀਆਂ ਹਨ, ਉਥੇ ਨਾਲ ਹੀ ਸ਼ਹਿਰ ਵਾਸੀ ਗੋਲੀਆਂ ਦੇ ਡਰ ਦੇ ਸਾਏ ਹੇਠ ਜੀਅ ਰਹੇ ਹਨ। ਇਸੇ ਲੜੀ ਤਹਿਤ ਅੱਜ ਬਾਅਦ ਦੁਪਹਿਰ ਫਿਰ ਸਥਾਨਕ ਗਾਊਂਸਪੁਰ ਰੋਡ 'ਤੇ ਨਵਰੂਪ ਨਗਰ ਵਿਖੇ ਸਥਿਤ ਛੀਨਾ ਹਸਪਤਾਲ ਦੇ ਸ਼ੀਸ਼ੇ ਵਾਲੇ ਗੇਟ 'ਤੇ ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਵਲੋਂ ਗੋਲੀਆਂ ਚਲਾ ਕੇ ਫਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਛੀਨਾ ਹਸਪਤਾਲ ਵਿਖੇ ਸਕਿਓਰਟੀ ਗਾਰਡ ਦੀ ਡਿਊਟੀ ਕਰਦੇ ਕੁਲਦੀਪ ਨੇ ਦੱਸਿਆ ਕਿ ਬਾਅਦ ਦੁਪਹਿਰ ਦੋ ਅਣਪਛਾਤੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ, ਜਿੰਨਾਂ ਨੇ ਆਉਂਦਿਆਂ ਹੀ ਹਸਪਤਾਲ ਦੇ ਸ਼ੀਸ਼ਿਆਂ ਵਾਲੇ ਗੇਟ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਜਿਸ 'ਤੇ ਉਸ ਨੇ ਬੜੀ ਮੁਸ਼ਕਿਲ ਨਾਲ ਆਪਣੀ ਜਾਨ ਬਚਾਈ। ਜਦਕਿ ਇਸ ਦੌਰਾਨ ਹਸਪਤਾਲ ਵਿਚ ਕੰਮ ਕਰਦੀ ਸਟਾਫ ਮੈਂਬਰ ਗਗਨਦੀਪ ਕੌਰ ਸ਼ੀਸ਼ੇ ਦੀਆਂ ਕਿੱਕਰਾਂ ਵੱਜਣ ਨਾਲ ਜ਼ਖਮੀ ਹੋ ਗਈ। ਓਧਰ, ਇਸ ਘਟਨਾ ਦੀ ਸੂਚਨਾ ਮਿਲਦਿਆਂ ਹੀ ਡੀ.ਐੱਸ.ਪੀ ਸਿਟੀ ਸੁਖਇੰਦਰ ਸਿੰਘ, ਥਾਣਾ ਸਿਵਲ ਲਾਈਨ ਦੇ ਐੱਸ.ਐੱਚ.ਓ ਗੁਰਮੀਤ ਸਿੰਘ ਸਮੇਤ ਸੀ.ਆਈ.ਏ ਇੰਚਾਰਜ ਇੰਸਪੈਕਟਰ ਸੁਖਰਾਜ ਸਿੰਘ ਤੇ ਸਪੈਸ਼ਲ ਸਟਾਫ ਬਟਾਲਾ ਦੀਆਂ ਟੀਮਾਂ ਵੀ ਮੌਕੇ 'ਤੇ ਪਹੁੰਚ ਗਈਆਂ ਅਤੇ ਜਾਂਚ ਕਰਨੀ ਆਰੰਭ ਕਰ ਦਿੱਤੀ। ਇਹ ਵੀ ਪਤਾ ਲੱਗਾ ਹੈ ਕਿ ਪੁਲਸ ਵਲੋਂ ਹਮਲਾਵਰਾਂ ਨੂੰ ਫੜਨ ਲਈ ਸਾਰੇ ਸ਼ਹਿਰ ਵਿਚ ਨਾਕਾਬੰਦੀ ਕਰਵਾ ਦਿੱਤੀ ਗਈ ਹੈ ਅਤੇ 4 ਤੋਂ 5 ਗੋਲੀਆਂ ਅਣਪਛਾਤਿਆਂ ਵਲੋਂ ਚਲਾਈ ਗਈਆਂ ਹਨ। ਉਧਰ, ਜਦੋਂ ਛੀਨਾ ਹਸਪਤਾਲ ਦੇ ਮਾਲਕ ਡਾ. ਗੁਰਮੀਤ ਸਿੰਘ ਛੀਨਾ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਕਿਹਾ ਕਿ ਉਹ ਕਿਸੇ ਹੋਰ ਹਸਪਤਾਲ ਵਿਚ ਆਪ੍ਰੇਸ਼ਨ ਕਰਨ ਲਈ ਗਏ ਹੋਏ ਸਨ ਕਿ ਪਿੱਛੋਂ ਇਹ ਘਟਨਾ ਵਾਪਰ ਗਈ। ਉਨਾਂ ਦੱਸਿਆ ਕਿ ਗੋਲੀਆਂ ਵੱਜਣ ਨਾਲ ਜਿਥੇ ਹਸਪਤਾਲ ਦਾ ਸ਼ੀਸ਼ਿਆਂ ਵਾਲਾ ਗੇਟ ਟੁੱਟਾ ਹੈ, ਉਥੇ ਨਾਲ ਹੀ ਉਨਾਂ ਦੇ ਹਸਪਤਾਲ ਵਿਚ ਕੰਮ ਕਰਦੀ ਸਟਾਫ ਮੈਂਬਰ ਗਗਨਦੀਪ ਕੌਰ ਵੀ ਸ਼ੀਸ਼ੇ ਵੱਜਣ ਨਾਲ ਜ਼ਖਮੀ ਹੋਈ ਹੈ।

# ਪਾਸਪੋਰਟ ਨਾਗਰਿਕਤਾ ਦਾ ਸਬੂਤ ਹੈ ਜਾਂ ਨਹੀਂ ? 2010 ਦੇ ਦਸਤਾਵੇਜ਼ਾਂ ਨੇ ਖੋਲ੍ਹਿਆ ਨਵਾਂ ਪਿਟਾਰਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 5 ਜੁਲਾਈ। ਭਾਰਤੀ ਵਿਦੇਸ਼ ਮੰਤਰਾਲੇ ਵੱਲੋਂ ਬੀਤੇ ਦਿਨੀਂ ਪਾਸਪੋਰਟ ਬਾਰੇ ਦਿੱਤਾ ਗਿਆ ਇਕ ਬਿਆਨ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਸੀ ਕਿ ਭਾਰਤੀ ਪਾਸਪੋਰਟ ਨਾਗਰਿਕਤਾ ਦਾ ਸਬੂਤ ਨਹੀਂ ਹੈ, ਜਿਸ ਮਗਰੋਂ ਭਾਰਤੀ ਨਾਗਰਿਕ ਦੁਚਿੱਤੀ 'ਚ ਪੈ ਗਏ ਹਨ ਕਿ ਆਖ਼?ਰ ਨਾਗਰਿਕਤਾ ਦਾ ਸਬੂਤ ਕਿਸ ਦਸਤਾਵੇਜ਼ ਨੂੰ ਮੰਨਿਆ ਜਾਵੇਗਾ ? ਭਾਰਤੀ ਪਾਸਪੋਰਟ ਨਾਗਰਿਕਤਾ ਦਾ ਪੱਕਾ ਸਬੂਤ ਹੈ ਜਾਂ ਸਿਰਫ਼ ਇੱਕ ਯਾਤਰਾ ਦਸਤਾਵੇਜ਼, ਇਸ ਬਹਿਸ ਵਿਚਾਲੇ ਸਾਲ 2010 ਦੇ ਅੰਤਰ-ਮੰਤਰਾਲੇ ਵਿਚਾਰ-ਵਟਾਂਦਰੇ ਦੇ ਸਰਕਾਰੀ ਰਿਕਾਰਡ ਸਾਹਮਣੇ ਆਏ ਹਨ। ਇਨ੍ਹਾਂ ਰਿਕਾਰਡਾਂ ਮੁਤਾਬਕ, ਵਿਦੇਸ਼ ਮੰਤਰਾਲੇ ਅਤੇ ਗ੍ਰਹਿ ਮੰਤਰਾਲੇ ਵਿਚਾਲੇ ਇਹ ਸਹਿਮਤੀ ਬਣੀ ਸੀ ਕਿ ਵਿਦੇਸ਼ਾਂ 'ਚ ਰਹਿ ਰਹੇ ਸਿਰਫ਼ ਭਾਰਤੀ ਪਾਸਪੋਰਟ ਹੋਲਡਰਜ਼ ਨੂੰ ਹੀ ਆਰ.ਟੀ.ਆਈ. ਐਕਟ ਤਹਿਤ ਜਾਣਕਾਰੀ ਮੰਗਣ ਲਈ ਭਾਰਤੀ 'ਨਾਗਰਿਕ' ਮੰਨਿਆ ਜਾਵੇਗਾ। ਇਨ੍ਹਾਂ ਦਸਤਾਵੇਜ਼ਾਂ ਤੋਂ ਸਾਫ਼ ਹੁੰਦਾ ਹੈ ਕਿ 'ਓਵਰਸੀਜ਼ ਸਿਟੀਜ਼ਨਜ਼ ਆਫ਼ ਇੰਡੀਆ' ਅਤੇ 'ਪਰਸਨਜ਼ ਆਫ਼ ਇੰਡੀਅਨ ਓਰੀਜਨ' ਕਾਰਡ ਧਾਰਕਾਂ ਨੂੰ RTI ਐਕਟ ਤਹਿਤ ਜਾਣਕਾਰੀ ਮੰਗਣ ਦਾ ਕੋਈ ਅਧਿਕਾਰ ਨਹੀਂ ਹੈ, ਕਿਉਂਕਿ ਉਹ ਤਕਨੀਕੀ ਤੌਰ 'ਤੇ ਵਿਦੇਸ਼ੀ ਨਾਗਰਿਕ ਹਨ। ਜ਼ਿਕਰਯੋਗ ਹੈ ਕਿ ਸਾਲ 2010 'ਚ ਅਮਰੀਕਾ ਰਹਿੰਦੇ ਕੁਝ ਪ੍ਰਵਾਸੀ ਭਾਰਤੀਆਂ ਨੇ ਤਤਕਾਲੀ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਨੂੰ ਪੱਤਰ ਲਿਖ ਕੇ ਦੇਸ਼ ਦੀ ਸ਼ਾਸਨ ਪ੍ਰਣਾਲੀ ਅਤੇ ਵੋਟਿੰਗ ਪ੍ਰਕਿਰਿਆ ਵਿੱਚ ਹਿੱਸਾ ਲੈਣ ਦੀ ਇੱਛਾ ਜਤਾਈ ਸੀ। ਇਸ ਤੋਂ ਬਾਅਦ ਵੱਖ-ਵੱਖ ਸਰਕਾਰੀ ਵਿਭਾਗਾਂ ਵਿਚਾਲੇ ਆਰ.ਟੀ.ਆਈ. ਐਕਟ ਦੇ ਤਹਿਤ 'ਨਾਗਰਿਕ' ਸ਼ਬਦ ਦੀ ਪਰਿਭਾਸ਼ਾ ਨੂੰ ਸਪਸ਼ਟ ਕਰਨ ਲਈ ਲੰਬੀ ਚਰਚਾ ਹੋਈ ਸੀ। ਵਿਦੇਸ਼ਾਂ 'ਚ ਰਹਿ ਰਹੇ ਕੁਝ ਭਾਰਤੀ ਆਰ.ਟੀ.ਆਈ. ਕਾਰਕੁੰਨਾਂ ਨੂੰ ਅਰਜ਼ੀਆਂ ਦਾਇਰ ਕਰਨ ਵਿੱਚ ਆ ਰਹੀਆਂ



ਮੁਸ਼ਕਿਲਾਂ ਤੋਂ ਬਾਅਦ ਇਹ ਮਾਮਲਾ ਕੇਂਦਰੀ ਸੂਚਨਾ ਕਮਿਸ਼ਨ (393) ਕੋਲ ਪਹੁੰਚਿਆ ਸੀ। ਸੁਣਵਾਈ ਦੌਰਾਨ ਵਿਦੇਸ਼ ਮੰਤਰਾਲੇ ਨੇ ਸਪਸ਼ਟ ਕੀਤਾ ਕਿ ਨਾਗਰਿਕ ਸ਼ਬਦ ਵਿੱਚ ਸਿਰਫ਼ ਉਹੀ ਲੋਕ ਆਉਂਦੇ ਹਨ ਜੋ ਭਾਰਤੀ ਪਾਸਪੋਰਟ ਧਾਰਕ ਹਨ ਅਤੇ ਵਿਦੇਸ਼ਾਂ ਵਿੱਚ ਕੰਮ ਕਰ ਰਹੇ ਹਨ ਜਾਂ ਰਹਿ ਰਹੇ ਹਨ। ਗ੍ਰਹਿ ਮੰਤਰਾਲੇ ਨੇ ਵੀ ਇਸ ਦੀ ਪੁਸ਼ਟੀ ਕੀਤੀ ਸੀ। ਇਹ ਮੁੱਦਾ ਹਾਲ ਹੀ ਵਿੱਚ ਉਦੋਂ ਦੁਬਾਰਾ ਗਰਮਾ ਗਿਆ ਜਦੋਂ ਵਿਦੇਸ਼ ਮੰਤਰਾਲੇ ਦੇ ਇੱਕ ਸੀਨੀਅਰ ਅਧਿਕਾਰੀ ਨੇ 'ਪਾਸਪੋਰਟ ਸੇਵਾ ਦਿਵਸ' (24 ਜੂਨ) ਮੌਕੇ ਬਿਆਨ ਦਿੱਤਾ ਕਿ ਭਾਰਤੀ ਪਾਸਪੋਰਟ ਇੱਕ ਯਾਤਰਾ ਦਸਤਾਵੇਜ਼ ਹੈ ਅਤੇ ਇਹ ਨਾਗਰਿਕਤਾ ਦਾ ਅੰਤਿਮ ਜਾਂ ਪੱਕਾ ਸਬੂਤ ਨਹੀਂ ਹੈ। ਉਨ੍ਹਾਂ ਮੁਤਾਬਕ ਨਾਗਰਿਕਤਾ ਦਾ ਫ਼ੈਸਲਾ 'ਸਿਟੀਜ਼ਨਸ਼ਿਪ ਐਕਟ 1955' ਤਹਿਤ ਹੁੰਦਾ ਹੈ, ਨਾ ਕਿ 'ਪਾਸਪੋਰਟ ਐਕਟ 1967' ਤਹਿਤ। ਸਰਕਾਰ ਦੇ ਇਸ ਸਪਸ਼ਟੀਕਰਨ 'ਤੇ ਸਿਆਸੀ ਗਲਿਆਰਿਆਂ 'ਚ ਵੱਡੀ ਚਰਚਾ ਛਿੜ ਗਈ ਹੈ। ਕਾਂਗਰਸ ਦੇ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ ਇਸ ਨੂੰ ਇੱਕ ਅਜੀਬ ਕਾਨੂੰਨੀ ਪੈਰਾਡੌਕਸ ਦੱਸਦਿਆਂ ਕਾਨੂੰਨ ਵਿੱਚ ਸੋਧ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਅਤੇ ਸ਼ਿਵ ਸੈਨਾ ਦੇ ਆਗੂਆਂ ਨੇ ਵੀ ਸਵਾਲ ਚੁੱਕਿਆ ਹੈ ਕਿ ਜੇਕਰ ਪਾਸਪੋਰਟ ਨੂੰ ਹੀ ਨਾਗਰਿਕਤਾ ਦਾ ਪੱਕਾ ਸਬੂਤ ਨਹੀਂ ਮੰਨਿਆ ਜਾਵੇਗਾ, ਤਾਂ ਆਮ ਜਨਤਾ ਕਿਸ ਦਸਤਾਵੇਜ਼ 'ਤੇ ਭਰੋਸਾ ਕਰੇਗੀ।

# ਘਟਣ ਲੱਗੀ ਭਾਰਤ ਦੀ ਅਬਾਦੀ ! ਰਿਪਲੇਸਮੈਂਟ ਲੈਵਲ ਤੋਂ ਵੀ ਹੇਠਾਂ ਡਿੱਗੀ ਜਨਮ ਦਰ, ਮਸਕ ਨੇ ਜਤਾਈ ਚਿੰਤਾ

ਇੰਟਰਨੈਸ਼ਨਲ ਡੈਸਕ 5 ਜੁਲਾਈ। ਭਾਰਤ, ਜੋ ਕਿ ਇਸ ਸਮੇਂ ਦੁਨੀਆ ਦਾ ਸਭ ਤੋਂ ਵੱਧ ਅਬਾਦੀ ਵਾਲਾ ਦੇਸ਼ ਹੈ, 'ਚ ਜਨਮ ਦਰ ਹੁਣ ਘਟਣ ਲੱਗ ਪਈ ਹੈ। ਭਾਰਤ 'ਚ ਘਟਣ ਲੱਗੀ ਜਨਮ ਦਰ 'ਤੇ ਦੁਨੀਆ ਦੇ ਸਭ ਤੋਂ ਅਮੀਰ ਵਿਅਕਤੀ ਤੇ ਸਪੇਸਐਕਸ ਦੇ ਸੀ.ਈ.ਓ. ਐਲਨ ਮਸਕ ਨੇ ਸ਼ਨੀਵਾਰ ਨੂੰ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਭਾਰਤ 'ਚ ਜਨਮ ਦਰ ਹੁਣ ਰਿਪਲੇਸਮੈਂਟ ਲੈਵਲ ਤੋਂ ਵੀ ਹੇਠਾਂ ਆ ਗਈ ਹੈ। ਇਸ ਦਾ ਮਤਲਬ ਹੈ ਕਿ ਭਾਰਤ ਦੀ ਜਨਮ ਦਰ, ਅਬਾਦੀ ਨੂੰ ਸੰਤੁਲਿਤ ਰੱਖਣ ਦੀ ਦਰ ਤੋਂ ਵੀ ਘਟ ਗਈ ਹੈ, ਜਿਸ ਦੇ ਨਤੀਜੇ ਵਜੋਂ ਅਗਲੇ ਕੁਝ ਸਾਲਾਂ 'ਚ ਭਾਰਤ ਦੀ ਅਬਾਦੀ 'ਚ ਵੀ ਤੇਜ਼ੀ ਨਾਲ ਕਮੀ ਆ ਸਕਦੀ ਹੈ। ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਸਾਂਝੀ ਕਰਦਿਆਂ ਮਸਕ ਨੇ ਲਿਖਿਆ, ਭਾਰਤ ਦੀ ਜਨਮ ਦਰ ਰਿਪਲੇਸਮੈਂਟ ਲੈਵਲ ਤੋਂ ਹੇਠਾਂ ਡਿੱਗ ਗਈ ਹੈ। ਭਾਰਤ ਦੇ ਸਭ ਤੋਂ ਵੱਧ ਪੜ੍ਹੇ-ਲਿਖੇ ਵਰਗ 'ਚ ਤਾਂ ਇਹ ਜਨਮ ਦਰ ਕਈ ਸਾਲ ਪਹਿਲਾਂ ਹੀ ਰਿਪਲੇਸਮੈਂਟ ਲੈਵਲ ਤੋਂ ਹੇਠਾਂ ਆ ਚੁੱਕੀ ਸੀ। ਮਸਕ ਨੇ ਆਪਣੀ ਪੋਸਟ 'ਚ ਇਕ ਰਿਪੋਰਟ ਦਾ ਹਵਾਲਾ ਦਿੱਤਾ, ਜਿਸ 'ਚ ਦੱਸਿਆ ਗਿਆ ਹੈ ਕਿ ਦੇਸ਼ ਦੇ ਇਤਿਹਾਸ ਵਿੱਚ ਪਹਿਲੀ ਵਾਰ ਭਾਰਤ ਦੀ ਜਨਮ ਦਰ ਰਿਪਲੇਸਮੈਂਟ ਲੈਵਲ ਤੋਂ ਵੀ ਹੇਠਾਂ ਆ ਗਈ ਹੈ। ਰਿਪੋਰਟ ਮੁਤਾਬਕ, ਸਿਰਫ਼ ਪਿਛਲੇ 10 ਸਾਲਾਂ ਦੌਰਾਨ ਭਾਰਤ ਦੀ ਟੀ.ਐੱਫ.ਆਰ. 2.3 ਤੋਂ ਘਟ ਕੇ 1.9 ਰਹਿ ਗਈ ਹੈ। ਖ਼ਾਸ ਗੱਲ ਇਹ ਹੈ ਕਿ ਦੇਸ਼ ਦੀ ਰਾਜਧਾਨੀ ਦਿੱਲੀ ਦੀ ਜਨਮ ਦਰ ਹੁਣ 1.2 'ਤੇ ਆ ਗਈ ਹੈ, ਜੋ ਕਿ ਫਿਨਲੈਂਡ ਦੇਸ਼ ਨਾਲੋਂ ਵੀ ਘੱਟ ਹੈ। ਰਿਪੋਰਟ ਮੁਤਾਬਕ ਭਾਵੇਂ ਕਿ ਦੇਸ਼ ਦੀ ਜਨਮ ਦਰ ਘਟੀ ਹੈ, ਪਰ ਇਸ ਦੇ ਬਾਵਜੂਦ ਰਾਜਸਥਾਨ, ਬਿਹਾਰ ਤੇ ਉੱਤਰ ਪ੍ਰਦੇਸ਼ ਦੀ ਜਨਮ ਦਰ ਦੇਸ਼ ਦੀ ਜਨਮ ਦਰ ਨਾਲੋਂ ਵੱਧ ਹੈ। ਰਾਜਸਥਾਨ ਦੀ ਜਨਮ ਦਰ 2.2, ਉੱਤਰ ਪ੍ਰਦੇਸ਼ ਦੀ 2.6 ਤੇ ਬਿਹਾਰ ਦੀ ਜਨਮ ਦਰ 2.9 ਤੱਕ ਬਣੀ ਹੋਈ ਹੈ। ਜ਼ਿਕਰਯੋਗ ਹੈ ਕਿ ਭਾਰਤ ਦੀ ਮੌਜੂਦਾ ਆਬਾਦੀ 1.46 ਅਰਬ ਤੋਂ ਵੀ ਵੱਧ ਹੈ। ਸਾਲ 2023 ਵਿੱਚ ਭਾਰਤ ਚੀਨ ਨੂੰ ਪਛਾੜ ਕੇ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣਿਆ ਸੀ।

## ਬਿਜਲੀ ਬੋਰਡ ਦੇ ਲਾਈਨਮੈਨ ਦੀ ਕੁੱਟਮਾਰ ਕਰਨ 'ਤੇ 3 ਖ਼ਲਾਫ਼ ਮੁਕੱਦਮਾ ਦਰਜ

ਜਲਾਲਾਬਾਦ 5 ਜੁਲਾਈ। ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਘੁਬਾਇਆ ਮੈਨ ਮਾਰਕੀਟ 'ਚ ਬਿਜਲੀ ਮੁਲਾਜ਼ਮ ਦੀ ਕੁੱਟਮਾਰ ਕਰਨ ਅਤੇ ਡਿਊਟੀ 'ਚ ਵਿਘਨ ਪਾਉਣ ਤੇ 3 ਲੋਕਾਂ ਖ਼ਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਰਜੀਤ ਸਿੰਘ ਲਾਇਨਮੈਨ ਪੀ. ਐੱਸ. ਪੀ. ਸੀ. ਐੱਲ. ਵਾਸੀ ਫੱਤੂ ਵਾਲਾ ਵੱਲੋਂ ਪੁਲਸ ਕੋਲ ਆਪਣੇ ਬਿਆਨ ਦਰਜ ਕਰਵਾਏ ਗਏ ਹਨ ਕਿ ਬੀਤੇ ਦਿਨ ਪਿੰਡ ਘੁਬਾਇਆ ਮੈਨ ਮਾਰਕੀਟ 'ਚ ਕੰਪਲੇਟ ਕਲੀਰੀਅਰ ਕਰ ਰਿਹਾ ਸੀ ਤਾਂ ਮੰਗਲ ਸਿੰਘ, ਗੁਰਮੁੱਖ ਸਿੰਘ ਅਤੇ ਕਰਮ ਸਿੰਘ ਵਾਸੀ ਢਾਣੀ ਫੂਲਾ ਸਿੰਘ ਨੇ ਇਕੱਠੇ ਹੋ ਕੇ ਉਸ ਦੀ ਕੁੱਟਮਾਰ ਕਰ ਕੇ ਸੱਟਾਂ ਮਾਰੀਆਂ ਅਤੇ ਉਸ ਦੀ ਡਿਊਟੀ 'ਚ ਵਿਘਨ ਪਾਇਆ ਗਿਆ ਹੈ।

# ਪ੍ਰੀ-ਮਾਨਸੂਨ ਦੀਆਂ ਬਰਸਾਤਾਂ ਸ਼ੁਰੂ ਪਰ ਸ਼ਹਿਰ 'ਚ ਪਾਣੀ ਦੀ ਨਿਕਾਸੀ ਦੇ ਪ੍ਰਬੰਧ ਅਜੇ ਵੀ ਅਧੂਰੇ

**ਕੌਮੀ ਪਤ੍ਰਿਕਾ**

ਜਲੰਧਰ 5 ਜੁਲਾਈ। ਪ੍ਰੀ-ਮਾਨਸੂਨ ਦੀਆਂ ਬਰਸਾਤਾਂ ਸ਼ੁਰੂ ਹੁੰਦੇ ਹੀ ਜਲੰਧਰ ਸ਼ਹਿਰ ਵਿਚ ਜਲ-ਥਲ ਅਤੇ ਸੀਵਰੇਜ ਜਾਮ ਦੀ ਸਮੱਸਿਆ ਇਕ ਵਾਰ ਫਿਰ ਸਾਹਮਣੇ ਆਉਣ ਲੱਗੀ ਹੈ। ਸ਼ਹਿਰ ਦੇ ਕਈ ਇਲਾਕਿਆਂ ਵਿਚ ਗੰਦਾ ਪਾਣੀ ਸੜਕਾਂ 'ਤੇ ਜਮ?ਹਾ ਹੋਣ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਥਾਨਕ ਲੋਕਾਂ ਅਤੇ ਜਨ-ਪ੍ਰਤੀਨਿਧੀਆਂ ਦਾ ਕਹਿਣਾ ਹੈ ਕਿ ਨਗਰ ਨਿਗਮ ਨੇ ਮਾਨਸੂਨ ਤੋਂ ਪਹਿਲਾਂ ਪਾਣੀ ਦੀ ਨਿਕਾਸੀ ਸਬੰਧੀ ਸਿਸਟਮ ਨੂੰ ਦਰੁੱਸਤ ਕਰਨ ਲਈ ਲੋੜੀਂਦੀਆਂ ਤਿਆਰੀਆਂ ਪੂਰੀਆਂ ਨਹੀਂ ਕੀਤੀਆਂ, ਜਿਸ ਕਾਰਨ ਆਉਣ ਵਾਲੇ ਦਿਨਾਂ ਵਿਚ ਹਾਲਾਤ ਹੋਰ ਗੰਭੀਰ ਹੋ ਸਕਦੇ ਹਨ। ਵਾਰਡ ਨੰਬਰ-2 ਦੇ ਕੌਂਸਲਰ ਹਰਪ੍ਰੀਤ ਵਾਲੀਆ ਨੇ ਦੱਸਿਆ ਕਿ ਉੱਤਰੀ ਵਿਧਾਨ ਸਭਾ ਹਲਕੇ ਦੇ ਟਰਾਂਸਪੋਰਟ ਨਗਰ ਵਿਚ ਪਿਛਲੇ ਲਗਭਗ ਚਾਰ ਮਹੀਨਿਆਂ ਤੋਂ ਸੀਵਰੇਜ ਪਾਈਪ ਟੁੱਟੀ ਹੋਈ ਹੈ। ਇਸ ਕਾਰਨ ਕੁਝ ਸੜਕਾਂ 'ਤੇ ਗੰਦਾ ਪਾਣੀ ਜਮ?ਹਾ ਰਹਿੰਦਾ ਹੈ ਅਤੇ ਲੋਕਾਂ ਦਾ ਪੈਦਲ ਨਿਕਲਣਾ ਤੱਕ ਮੁਸ਼ਕਿਲ ਹੋ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਈ ਵਾਰ ਨਗਰ ਨਿਗਮ ਅਧਿਕਾਰੀਆਂ ਨੂੰ ਸ਼ਿਕਾਇਤ ਦੇਣ ਦੇ ਬਾਵਜੂਦ ਸਮੱਸਿਆ ਦਾ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਦਾ ਕਹਿਣਾ ਸੀ ਕਿ ਜੇਕਰ ਜਨ-ਪ੍ਰਤੀਨਿਧੀਆਂ ਦੀ ਹੀ ਸੁਣਵਾਈ ਨਹੀਂ ਹੋ ਰਹੀ ਤਾਂ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਅੰਦਾਜ਼ਾ ਸਹਿਜੇ ਹੀ ਲਾਇਆ ਜਾ ਸਕਦਾ ਹੈ। ਇਸੇ ਤਰ੍ਹਾਂ ਫੋਕਲ ਪੁਆਇੰਟ ਉਦਯੋਗਿਕ ਇਲਾਕੇ ਵਿਚ ਵੀ ਸੀਵਰੇਜ ਦਾ ਗੰਦਾ ਪਾਣੀ ਸੜਕਾਂ 'ਤੇ ਫੈਲਿਆ ਹੋਇਆ ਹੈ। ਸੜਕਾਂ ਤਲਾਬ ਵਰਗੀਆਂ ਵਿਖਾਈ ਦਿੰਦੀਆਂ ਹਨ ਅਤੇ ਰੋਜ਼ਾਨਾ ਰਾਹਗੀਰ ਤਿਲਕ ਕੇ ਜ਼ਖ਼ਮੀ ਹੋ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇਥੋਂ ਲੰਘਣਾ ਕਿਸੇ ਜੋਖਮ ਤੋਂ ਘੱਟ ਨਹੀਂ ਹੈ। ਰਾਮ ਬਾਗ ਇਲਾਕੇ ਵਿਚ ਵੀ ਜਲ-ਥਲ ਦੀ ਸਮੱਸਿਆ ਬਣੀ ਹੋਈ ਹੈ। ਉੱਥੇ ਹੀ ਵੈਸਟ ਵਿਧਾਨ ਸਭਾ ਹਲਕੇ ਦੇ ਪ੍ਰੂੰਨੂ ਵਿਹਾਰ ਵਿਚ ਕਈ ਦਿਨਾਂ ਤੋਂ ਸੀਵਰੇਜ ਦਾ ਗੰਦਾ ਪਾਣੀ ਸੜਕਾਂ 'ਤੇ ਜਮ?ਹਾ ਹੈ, ਜਿਸ ਨਾਲ ਸਥਾਨਕ ਨਿਵਾਸੀਆਂ ਨੂੰ ਬਦਬੂ ਅਤੇ ਆਉਣ-ਜਾਣ ਦੋਵਾਂ ਦੀ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ। ਕੈਂਟ ਵਿਧਾਨ ਸਭਾ ਹਲਕੇ ਦੇ ਮਾਡਲ ਟਾਊਨ ਜ਼ੋਨ ਦੇ ਪਿੱਛੇ ਵੀ ਸੀਵਰੇਜ ਜਾਮ ਹੋਣ ਕਰਕੇ ਪਾਣੀ ਸੜਕਾਂ 'ਤੇ ਭਰਿਆ ਹੋਇਆ ਹੈ। ਇਸ ਤੋਂ ਇਲਾਵਾ ਲਵ-ਕੁਸ਼ ਚੌਂਕ ਦੇ ਆਲੇ-ਦੁਆਲੇ ਵੀ ਸੀਵਰੇਜ ਓਵਰਫਲੋਅ ਦੀ ਸਮੱਸਿਆ ਬਣੀ ਹੋਈ ਹੈ। ਲੋਕਾਂ ਦਾ ਕਹਿਣਾ ਹੈ ਕਿ ਜਦੋਂ ਨਗਰ ਨਿਗਮ ਦਫ਼ਤਰ ਦੇ ਆਲੇ-ਦੁਆਲੇ ਹੀ ਇਹ ਸਥਿਤੀ ਹੈ ਤਾਂ ਸ਼ਹਿਰ ਦੇ ਹੋਰਨਾਂ ਇਲਾਕਿਆਂ ਦਾ ਅੰਦਾਜ਼ਾ ਆਸਾਨੀ ਨਾਲ ਲਾਇਆ ਜਾ ਸਕਦਾ ਹੈ। ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਨਗਰ ਨਿਗਮ ਦੇ ਓ. ਐਂਡ ਐੱਮ. (ਆਪ੍ਰੇਸ਼ਨ ਐਂਡ ਮੇਨਟੀਨੈਂਸ) ਸੈੱਲ ਨੂੰ ਮਾਨਸੂਨ ਦੇ ਮੱਦੇਨਜ਼ਰ ਜੰਗੀ ਪੱਧਰ 'ਤੇ ਸੀਵਰੇਜ ਦੀ ਸਫ਼ਾਈ ਅਤੇ ਜਲ ਨਿਕਾਸੀ ਦੇ ਪ੍ਰਬੰਧ ਕਰਨੇ ਚਾਹੀਦੇ ਹਨ। ਹਾਲਾਂਕਿ ਮੇਅਰ ਅਤੇ ਨਗਰ ਨਿਗਮ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਸਿਸਟਮ ਸੁਧਾਰਨ ਦੇ ਨਿਰਦੇਸ਼ ਦਿੱਤੇ ਗਏ ਹਨ ਅਤੇ ਨਵੀਂ ਮਸ਼ੀਨਰੀ ਵੀ ਖਰੀਦੀ ਗਈ ਹੈ, ਪਰ ਜ਼ਮੀਨੀ ਪੱਧਰ 'ਤੇ ਉਸ ਦਾ ਢੁਕਵਾਂ ਪ੍ਰਭਾਵ ਅਜੇ ਤੱਕ ਦਿਖਾਈ ਨਹੀਂ ਦੇ ਰਿਹਾ। ਜੇਕਰ ਸਮਾਂ ਰਹਿੰਦੇ ਸੀਵਰੇਜ ਲਾਈਨਾਂ ਦੀ ਸਫ਼ਾਈ ਅਤੇ ਪਾਣੀ ਦੀ ਨਿਕਾਸੀ ਦੀ ਵਿਵਸਥਾ ਦਰੁੱਸਤ ਨਾ ਕੀਤੀ ਗਈ, ਤਾਂ ਆਗਾਮੀ ਮਾਨਸੂਨ ਵਿਚ ਸ਼ਹਿਰ ਵਾਸੀਆਂ ਨੂੰ ਜਲ-ਥਲ, ਗੰਦਗੀ ਅਤੇ ਆਵਾਜਾਈ ਸਬੰਧੀ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

**ਪੁਰਾਣੀ ਸੀਵਰ ਸਮੱਸਿਆ ਅਜੇ ਵੀ ਬਰਕਰਾਰ : ਰਾਜਨ ਸ਼ਾਰਦਾ**



ਗਾਜ਼ੀਗੁੱਲਾ ਵਿਚ ਵਰ੍?ਆਂ ਗਾਜ਼ੀਗੁੱਲਾ ਇਲਾਕੇ ਵਿਚ ਵਰ੍?ਆਂ ਤੋਂ ਚੱਲੀ ਆ ਰਹੀ ਸੀਵਰ ਦੀ ਸਮੱਸਿਆ ਦਾ ਹੁਣ ਤੱਕ ਹੱਲ ਨਹੀਂ ਹੋ ਸਕਿਆ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੈਕਟਰੀ ਰਾਜਨ ਸ਼ਾਰਦਾ ਨੇ ਦੋਸ਼ ਲਾਇਆ ਕਿ ਇਲਾਕੇ ਵਿਚ ਨਵੀਂ ਸੀਵਰ ਲਾਈਨ ਵਿਛਾਏ ਜਾਣ ਦੇ ਬਾਵਜੂਦ ਉਸ ਨੂੰ ਅਜੇ ਤੱਕ ਮੇਨ ਸੀਵਰ ਲਾਈਨ ਨਾਲ ਨਹੀਂ ਜੋੜਿਆ ਗਿਆ, ਜਿਸ ਦੇ ਕਾਰਨ ਲੋਕਾਂ ਨੂੰ ਲਗਾਤਾਰ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ। ਰਾਜਨ ਸ਼ਾਰਦਾ ਨੇ ਦੱਸਿਆ ਕਿ ਲਗਭਗ ਹਰ ਰਾਤ ਸੀਵਰ ਦਾ ਗੰਦਾ ਪਾਣੀ ਓਵਰਫਲੋਅ ਹੋ ਕੇ ਸੜਕਾਂ 'ਤੇ ਫੈਲ ਜਾਂਦਾ ਹੈ, ਜਿਸ ਨਾਲ ਸਥਾਨਕ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਸਮੱਸਿਆ ਦੇ ਹੱਲ ਲਈ ਕਈ ਵਾਰ ਨਗਰ ਨਿਗਮ ਦੀ ਸੰਯੁਕਤ ਕਮਿਸ਼ਨਰ ਸੁਮਨਦੀਪ ਨਾਲ ਫ਼ੋਨ 'ਤੇ ਸੰਪਰਕ ਕਰਨ ਦਾ ਯਤਨ ਕੀਤਾ ਗਿਆ, ਪਰ ਉਨ੍ਹਾਂ ਫ਼ੋਨ ਚੁੱਕਣਾ ਵੀ ਮੁਨਾਸਿਬ ਨਹੀਂ ਸਮਝਿਆ। ਉਨ੍ਹਾਂ ਨਗਰ ਨਿਗਮ ਕਮਿਸ਼ਨਰ ਸੰਦੀਪ ਰਿਸ਼ੀ ਤੋਂ ਮੰਗ ਕੀਤੀ ਕਿ ਅਧਿਕਾਰੀਆਂ ਨੂੰ ਜਨਤਾ ਅਤੇ ਜਨ-ਪ੍ਰਤੀਨਿਧੀਆਂ ਦੀਆਂ ਸ਼ਿਕਾਇਤਾਂ ਸੁਣਨ ਦੇ ਨਿਰਦੇਸ਼ ਦਿੱਤੇ ਜਾਣ, ਤਾਂ ਜੋ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਯਕੀਨੀ ਹੋ ਸਕੇ। ਰਾਜਨ ਸ਼ਾਰਦਾ ਨੇ ਕਿਹਾ ਕਿ ਇਹ ਸਮੱਸਿਆ ਲੰਮੇ ਸਮੇਂ ਤੋਂ ਬਣੀ ਹੋਈ ਹੈ। ਉਨ੍ਹਾਂ ਯਾਦ ਦਿਵਾਇਆ ਕਿ ਇਸੇ ਮਾਮਲੇ ਵਿਚ ਸਾਬਕਾ ਨਗਰ ਨਿਗਮ ਕਮਿਸ਼ਨਰ ਗੌਤਮ ਜੈਨ ਨੇ ਕਾਰਵਾਈ ਕਰਦੇ ਹੋਏ ਸਬੰਧਤ ਐੱਸ. ਡੀ. ਓ. ਨੂੰ ਬਰਖਾਸਤ ਕੀਤਾ ਸੀ ਅਤੇ ਇੰਜੀਨੀਅਰ ਸੁਖਵਿੰਦਰ ਸਿੰਘ ਨੂੰ ਮੁਅੱਤਲ ਕੀਤਾ ਸੀ। ਇਸ ਦੇ ਬਾਵਜੂਦ ਅੱਜ ਤੱਕ ਇਲਾਕਾ ਵਾਸੀਆਂ ਨੂੰ ਇਸ ਸਮੱਸਿਆ ਤੋਂ ਰਾਹਤ ਨਹੀਂ ਮਿਲ ਸਕੀ ਹੈ। ਉਨ੍ਹਾਂ ਨਗਰ ਨਿਗਮ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਗਾਜ਼ੀਗੁੱਲਾ ਦੀ ਸੀਵਰ ਵਿਵਸਥਾ ਨੂੰ ਜਲਦ ਤੋਂ ਜਲਦ ਦਰੁੱਸਤ ਕਰਕੇ ਨਵੀਂ ਸੀਵਰ ਲਾਈਨ ਨੂੰ ਮੇਨ ਲਾਈਨ ਨਾਲ ਜੋੜਿਆ ਜਾਵੇ।